


ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA    ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ




PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 96 Chief Editor : Chowdhary Prabhjit Singh, Editor : Chhatarpal Singh 98146-32807, Tuesday 29 September 2026 Price : 2 Rs. Page : 6


## ਅਮਰੀਕੀ ਰਾਜਦੂਤ ਨੇ ਸ੍ਰੀ ਹਰਿਮੰਦਰ ਸਾਹਿਬ ਟੇਕਿਆ ਮੱਥਾ;ਸੁਰੱਖਿਆ ਦੇ ਪੁਖਤਾ ਇੰਤਜ਼ਾਮ



**ਅੰਮ੍ਰਿਤਸਰ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਵਿੱਚ ਅਮਰੀਕਾ ਦੇ ਰਾਜਦੂਤ ਸਰਜੀਓ ਗੋਰ ਅੱਜ ਪਵਿੱਤਰ ਸ਼ਹਿਰ ਅੰਮ੍ਰਿਤਸਰ ਸਥਿਤ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਅਮਰੀਕੀ ਰਾਜਦੂਤ ਦੇ ਇਸ ਦੌਰੇ ਨੂੰ ਦੇਖਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਆਲੇ-ਦੁਆਲੇ ਅਤੇ ਪੂਰੇ ਸ਼ਹਿਰ ਵਿੱਚ ਸੁਰੱਖਿਆ ਦੇ ਸਖ਼ਤ ਇੰਤਜ਼ਾਮ ਕੀਤੇ ਗਏ ਸਨ। ਰਾਜਦੂਤ ਗੋਰ ਆਪਣੇ ਅਧਿਕਾਰਤ ਦੌਰੇ ਤਹਿਤ ਭਾਰਤ ਦੇ ਵੱਖ-ਵੱਖ ਹਿੱਸਿਆਂ ਦੀ ਯਾਤਰਾ ਕਰ ਰਹੇ ਹਨ, ਜਿਸ ਤਹਿਤ ਉਹ ਹਾਲ ਹੀ ਵਿੱਚ ਸ੍ਰੀਨਗਰ ਅਤੇ ਲੇਹ ਦਾ ਦੌਰਾ ਵੀ ਕਰ ਚੁੱਕੇ ਹਨ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਮਾਨ ਦਲ) ਵੱਲੋਂ ਇਮਾਨ ਸਿੰਘ ਮਾਨ ਦੀ ਅਗਵਾਈ ਹੇਠ ਸ੍ਰੀ ਹਰਿਮੰਦਰ ਸਾਹਿਬ ਪਲਾਜਾ ਵਿਖੇ ਤਖਤੀਆਂ ਲੈ ਕੇ ਪ੍ਰਦਰਸ਼ਨ ਕੀਤਾ ਹੈ। ਈਮਾਨ ਸਿੰਘ ਮਾਨ ਨੇ ਕਿਹਾ ਕਿ ਦੋਵਾਂ ਦੇਸ਼ਾਂ ਵਿਚਾਲੇ ਵਧ ਰਹੇ ਤਣਾਅ ਕਾਰਨ ਪੰਜਾਬ, ਖਾਸ ਕਰਕੇ ਅੰਮ੍ਰਿਤਸਰ ਦੇ ਸਰਹੱਦੀ ਖੇਤਰ ਵੱਡੇ ਖਤਰੇ ਦਾ ਸਾਹਮਣਾ ਕਰ ਰਹੇ ਹਨ। 'ਅਪਰੇਸ਼ਨ ਸਿੰਧੂਰ' ਅਤੇ 'ਸਿੰਧੂ ਜਲ ਸਮਝੌਤੇ' ਦਾ ਹਵਾਲਾ ਦਿੰਦਿਆਂ ਉਨ੍ਹਾਂ ਦੋਵਾਂ ਮੁਲਕਾਂ ਵਿਚਾਲੇ ਗੱਲਬਾਤ ਮੁੜ ਸ਼ੁਰੂ ਕਰਨ ਅਤੇ ਪਾਣੀ ਦੇ ਸਹਿਯੋਗ ਨੂੰ ਬਹਾਲ ਕਰਨ ਦੀ ਮੰਗ ਕੀਤੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਪਾਰਟੀ ਨੇ ਅਮਰੀਕੀ ਰਾਜਦੂਤ ਨੂੰ 7-ਨੁਕਾਤੀ ਮੰਗ ਪੱਤਰ ਸੌਂਪਿਆ ਹੈ, ਜਿਸ ਵਿੱਚ ਭਾਰਤ-ਪਾਕਿਸਤਾਨ ਵਿਚਾਲੇ ਜੰਗੀ ਹਾਲਾਤ ਰੋਕਣ ਲਈ ਅਮਰੀਕੀ ਡਿਪਲੋਮੈਟਿਕ ਦਖਲ, ਸਿੰਧੂ ਜਲ ਸਮਝੌਤਾ ਬਹਾਲੀ, ਤਾਪੀ (TAPI) ਪਾਈਪਲਾਈਨ ਪ੍ਰੋਜੈਕਟ 'ਤੇ ਵਿਚਾਰ ਕਰਨ ਅਤੇ ਵਪਾਰ, ਯਾਤਰਾ ਤੇ ਤੀਰਥ ਯਾਤਰਾ ਲਈ ਕਰਤਾਰਪੁਰ ਲਾਂਘਾ ਖੋਲ੍ਹਣ ਦੀ ਮੰਗ ਸ਼ਾਮਲ ਹੈ। ਇਸ ਦੌਰਾਨ, ਅਮਰੀਕੀ ਦੂਤ ਦੇ ਦੌਰੇ ਨੂੰ ਮੁੱਖ ਰੱਖਦਿਆਂ ਸ੍ਰੀ ਹਰਿਮੰਦਰ ਸਾਹਿਬ ਦੇ ਆਸ-ਪਾਸ ਸੁਰੱਖਿਆ ਦੇ ਅਤਿ-ਪੁਖਤਾ ਪ੍ਰਬੰਧ ਕੀਤੇ ਗਏ ਸਨ। ਅੰਮ੍ਰਿਤਸਰ ਦੇ ਡੀਸੀਪੀ (ਲਾਅ ਐਂਡ ਆਰਡਰ) ਆਰ.ਪੀ.ਐੱਸ. ਸੰਧੂ ਨੇ ਦੱਸਿਆ ਕਿ ਰਾਜਦੂਤ ਦੀ ਸੁਰੱਖਿਆ ਲਈ ਹਰ ਤਰ੍ਹਾਂ ਦੇ ਇੰਤਜ਼ਾਮ ਕੀਤੇ ਗਏ ਹਨ।

## ਇੱਕੋ ਥਾਣੇ ਦੀ ਦੂਜੀ ਐਸ.ਐਚ.ਓ. ਰਿਸ਼ਵਤਖ਼ੋਰੀ ਦੇ ਦੋਸ਼ 'ਚ ਗ੍ਰਿਫ਼ਤਾਰ; ਮਹਿਲਾ ਇੰਸਪੈਕਟਰ ਤੇ ਗਨਮੈਨ ਰੰਗੇ ਹੱਥੀਂ ਕਾਬੂ

**ਮੋਗਾ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿੱਚ ਭ੍ਰਿਸ਼ਟਾਚਾਰ ਦੇ ਦਾਗ ਨਾਲ ਘਿਰੇ ਮੋਗਾ ਜ਼ਿਲ੍ਹੇ ਦੇ ਇੱਕੋ ਥਾਣੇ ਵਿੱਚ ਦੋ ਸਾਲਾਂ ਅੰਦਰ ਦੂਜੀ ਮਹਿਲਾ ਥਾਣਾ ਮੁਖੀ (ਐੱਸ.ਐੱਚ.ਓ.) 'ਤੇ ਵਿਜਿਲੈਂਸ ਦਾ ਸ਼ਿਕੰਜਾ ਕੱਸਿਆ ਗਿਆ ਹੈ।

ਵਿਜਿਲੈਂਸ ਬਿਊਰੋ ਦੀ ਟੀਮ ਨੇ ਸ਼ਨੀਵਾਰ ਰਾਤ ਕੋਟ ਈਸੇ ਖਾਂ ਥਾਣੇ ਦੀ ਮੁੱਖ ਅਫ਼ਸਰ ਇੰਸਪੈਕਟਰ ਸੁਨੀਤਾ ਬਾਵਾ ਅਤੇ ਉਸ ਦੇ ਗਨਮੈਨ ਹੋਮ ਗਾਰਡ ਜਵਾਨ ਗੁਰਅਵਤਾਰ ਸਿੰਘ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ।

ਵਿਜਿਲੈਂਸ ਬਿਊਰੋ ਦੇ ਅਧਿਕਾਰੀਆਂ ਅਨੁਸਾਰ ਪਿੰਡ ਨੂਰਪੁਰ ਹਕੀਮਾ ਦੇ ਰਹਿਣ ਵਾਲੇ ਰਾਜਵਿੰਦਰ ਸਿੰਘ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਇੰਸਪੈਕਟਰ ਸੁਨੀਤਾ ਬਾਵਾ ਉਸ ਨੂੰ ਨਸ਼ਾ ਤਸਕਰੀ ਦੇ ਇੱਕ ਪੁਰਾਣੇ ਮਾਮਲੇ ਵਿੱਚ ਫਸਾਉਣ ਦੀਆਂ ਧਮਕੀਆਂ ਦੇ ਰਹੀ ਸੀ। ਸ਼ਿਕਾਇਤਕਰਤਾ ਅਨੁਸਾਰ ਐੱਸ.ਐੱਚ.ਓ. ਉਸ ਕੋਲੋਂ ਪਹਿਲਾਂ ਹੀ 50,000 ਰੁਪਏ ਬਲੈਕਮੇਲ ਕਰਕੇ ਲੈ ਚੁੱਕੀ ਸੀ ਅਤੇ ਕੇਸ ਰਫ਼ਾ-ਦਫ਼ਾ ਕਰਨ ਬਦਲੇ 50,000 ਰੁਪਏ ਹੋਰ ਮੰਗ ਰਹੀ ਸੀ। ਸ਼ਿਕਾਇਤ ਮਿਲਣ 'ਤੇ ਫ਼ਿਰੋਜ਼ਪੁਰ ਰੇਂਜ ਦੀ ਵਿਜਿਲੈਂਸ ਟੀਮ ਨੇ ਜ਼ੀਰਾ ਰੋਡ 'ਤੇ ਜਾਲ ਵਿਛਾਇਆ ਅਤੇ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਦੂਜੀ ਕਿਸ਼ਤ ਲੈਂਦਿਆਂ ਇੰਸਪੈਕਟਰ ਬਾਵਾ ਅਤੇ ਉਸ ਦੇ ਗਨਮੈਨ ਨੂੰ ਮੌਕੇ 'ਤੇ ਹੀ ਦਬੋਚ ਲਿਆ। ਦੋਵਾਂ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਕੋਟ ਈਸੇ ਖਾਂ ਥਾਣੇ ਵਿੱਚ ਤੈਨਾਤ ਐੱਸ.ਐੱਚ.ਓ. ਦੇ ਰਿਸ਼ਵਤਖ਼ੋਰੀ ਵਿੱਚ ਫੜੇ ਜਾਣ ਦਾ ਇਹ ਦੋ ਸਾਲਾਂ ਦਰਮਿਆਨ ਦੂਜਾ ਮਾਮਲਾ ਹੈ। ਇਸ ਤੋਂ ਪਹਿਲਾਂ ਅਕਤੂਬਰ 2024 ਵਿੱਚ, ਉਸ ਵੇਲੇ ਦੀ ਐੱਸ.ਐੱਚ.ਓ. ਇੰਸਪੈਕਟਰ ਅਰਸ਼ਪ੍ਰੀਤ ਕੌਰ ਗਰੇਵਾਲ ਅਤੇ ਦੋ ਕਾਂਸਟੇਬਲਾਂ ਖ਼ਿਲਾਫ਼ ਭ੍ਰਿਸ਼ਟਾਚਾਰ ਅਤੇ ਐੱਨ.ਡੀ.ਪੀ.ਐੱਸ. ਐਕਟ ਤਹਿਤ ਕੇਸ ਦਰਜ ਕੀਤਾ ਗਿਆ ਸੀ। ਉਸ ਮਾਮਲੇ ਵਿੱਚ ਪੁਲੀਸ ਨੇ ਦੋਸ਼ ਲਾਇਆ ਸੀ ਕਿ ਗਰੇਵਾਲ ਦੀ ਟੀਮ ਨੇ 5 ਕਿੱਲੋ ਅਫ਼ੀਮ ਸਮੇਤ ਤਿੰਨ ਵਿਅਕਤੀਆਂ ਨੂੰ ਕਾਬੂ ਕੀਤਾ ਸੀ ਪਰ 8 ਲੱਖ ਰੁਪਏ ਦੀ ਰਿਸ਼ਵਤ ਲੈ ਕੇ ਦੋ ਮੁਲਜ਼ਮਾਂ ਨੂੰ ਛੱਡ ਦਿੱਤਾ ਅਤੇ ਬਰਾਮਦਗੀ 2 ਕਿੱਲੋ ਦਿਖਾਈ ਸੀ।

ਅਰਸ਼ਪ੍ਰੀਤ ਕੌਰ ਗਰੇਵਾਲ, ਜਿਸ ਨੂੰ ਕੁਝ ਦਿਨ ਪਹਿਲਾਂ ਹੀ ਅਦਾਲਤ ਤੋਂ ਜ਼ਮਾਨਤ ਮਿਲੀ ਹੈ, ਨੇ ਉਸ ਸਮੇਂ ਸੀਨੀਅਰ ਅਧਿਕਾਰੀਆਂ 'ਤੇ ਜਿਨਸੀ ਸ਼ੋਸ਼ਣ ਦਾ ਵਿਰੋਧ ਕਰਨ ਬਦਲੇ ਝੂਠੇ ਕੇਸ ਵਿੱਚ ਫਸਾਉਣ ਦੇ ਦੋਸ਼ ਲਾਏ ਸਨ। ਹਾਲਾਂਕਿ, ਸੀਨੀਅਰ ਪੁਲੀਸ ਲੀਡਰਸ਼ਿਪ ਅਤੇ ਜ਼ਿਲ੍ਹੇ ਦੀ ਲੋਕਲ ਸ਼ਿਕਾਇਤ ਕਮੇਟੀ ਨੇ ਇਹਨਾਂ ਦਾਅਵਿਆਂ ਨੂੰ ਖਾਰਜ ਕਰਦਿਆਂ ਸਪੱਸ਼ਟ ਕੀਤਾ ਸੀ ਕਿ ਅਜਿਹੀ ਕੋਈ ਰਸਮੀ ਸ਼ਿਕਾਇਤ ਪਹਿਲਾਂ ਦਰਜ ਨਹੀਂ ਕਰਵਾਈ ਗਈ ਸੀ।






## ਐਲ ਪੀ ਯੂ ਮਾਮਲਾ: ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੇ ਹੁਕਮ

### ਕਾਨੂੰਨ ਹੱਥ 'ਚ ਲੈਣ ਵਾਲਿਆਂ ਵਿਰੁੱਧ ਹੋਵੇਗੀ ਸਖ਼ਤ ਕਾਰਵਾਈ ਡੀਜੀਪੀ; ਮੌਕੇ 'ਤੇ ਪਹੁੰਚ ਕੇ ਲਿਆ ਸਥਿਤੀ ਦਾ ਜਾਇਜ਼ਾ

**ਚੰਡੀਗੜ੍ਹ, 28 ਸਤੰਬਰ**
**-ਜੀ. ਐਸ. ਤੁੰਗ-**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ , ਫਗਵਾੜਾ ਵਿੱਚ ਵਿਦਿਆਰਥੀ ਵਿਰੋਧ ਅਤੇ ਹਿੰਸਾ ਦੀਆਂ ਘਟਨਾਵਾਂ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਾਮਲੇ ਵਿੱਚ ਸਖ਼ਤ ਕਾਰਵਾਈ ਦੇ ਨਿਰਦੇਸ਼ ਦਿੱਤੇ ਹਨ। ਮੁੱਖ ਮੰਤਰੀ ਨੇ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੂੰ ਖੁਦ ਯੂਨੀਵਰਸਿਟੀ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈਣ ਲਈ ਕਿਹਾ ਹੈ। ਮੁੱਖ ਮੰਤਰੀ ਦਫ਼ਤਰ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਭਗਵੰਤ ਮਾਨ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੇ ਹੁਕਮ ਦਿੱਤੇ ਹਨ। ਡੀਜੀਪੀ ਨੂੰ ਮੌਕੇ 'ਤੇ ਜਾ ਕੇ ਹਾਲਾਤ ਦਾ ਮੁਲਾਂਕਣ ਕਰਨ ਅਤੇ ਮਾਮਲੇ ਨਾਲ ਸਬੰਧਤ ਜਾਣਕਾਰੀ ਹਾਸਲ ਕਰਨ ਲਈ ਕਿਹਾ ਗਿਆ ਹੈ। ਇਹ ਕਾਰਵਾਈ ਯੂਨੀਵਰਸਿਟੀ ਵਿੱਚ ਕਥਿਤ ਜਬਰ-ਜਨਾਹ ਦੀ ਘਟਨਾ ਨੂੰ ਲੈ ਕੇ ਹੋਏ ਵਿਰੋਧ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਕੀਤੀ ਗਈ ਹੈ। ਐਤਵਾਰ ਨੂੰ ਸੋਸ਼ਲ ਮੀਡੀਆ 'ਤੇ ਕਥਿਤ ਘਟਨਾ ਸਬੰਧੀ ਜਾਣਕਾਰੀ ਫੈਲਣ ਤੋਂ ਬਾਅਦ ਵੱਡੀ ਗਿਣਤੀ ਵਿੱਚ ਵਿਦਿਆਰਥੀ ਇਕੱਠੇ ਹੋ ਗਏ ਸਨ। ਬਾਅਦ ਵਿੱਚ ਪ੍ਰਦਰਸ਼ਨ ਨੇ ਹਿੰਸਕ ਰੂਪ ਧਾਰ ਲਿਆ, ਜਿਸ ਤੋਂ ਬਾਅਦ ਪੁਲਿਸ ਦੀ ਵੱਡੀ ਤਾਇਨਾਤੀ ਕਰਨੀ ਪਈ।



ਸੋਮਵਾਰ ਸਵੇਰੇ ਯੂਨੀਵਰਸਿਟੀ ਕੈਂਪਸ ਵਿੱਚ ਸਥਿਤੀ ਸ਼ਾਂਤ ਰਹੀ। ਪੁਲਿਸ ਅਧਿਕਾਰੀਆਂ ਮੁਤਾਬਕ ਵੱਲੋਂ 10 ਦਿਨਾਂ ਲਈ ਨਿਯਮਤ ਕਲਾਸਾਂ ਮੁਅੱਤਲ ਕਰਨ ਤੋਂ ਬਾਅਦ ਵਿਦਿਆਰਥੀ ਕੈਂਪਸ ਤੋਂ ਆਪਣੇ ਘਰਾਂ ਵੱਲ ਜਾਣ ਲੱਗੇ। ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਯੂਨੀਵਰਸਿਟੀ ਦੇ ਸਾਰੇ ਗੇਟਾਂ 'ਤੇ ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮ ਤਾਇਨਾਤ ਕੀਤੇ ਗਏ ਹਨ। ਪੁਲਿਸ ਨੇ ਸਪੱਸ਼ਟ ਕੀਤਾ ਹੈ ਕਿ ਕਥਿਤ ਜਬਰ-ਜਨਾਹ ਦੇ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਅਜੇ ਤੱਕ ਇਹ ਪੁਸ਼ਟੀ ਨਹੀਂ ਹੋਈ ਕਿ ਯੂਨੀਵਰਸਿਟੀ ਕੈਂਪਸ ਵਿੱਚ ਅਜਿਹੀ ਘਟਨਾ ਵਾਪਰੀ ਸੀ। ਕਥਿਤ ਘਟਨਾ ਦੇ ਦੋਸ਼ੀ ਦੀ ਪਛਾਣ ਵੀ ਅਜੇ ਸਾਹਮਣੇ ਨਹੀਂ ਆਈ ਹੈ। ਇਸ ਤੋਂ ਇਲਾਵਾ ਹਿੰਸਾ ਨਾਲ ਜੁੜੇ ਮਾਮਲੇ ਵਿੱਚ ਕਈ ਅਣਪਛਾਤੇ ਵਿਅਕਤੀਆਂ ਖ਼ਿਲਾਫ਼ FIR ਦਰਜ ਕੀਤੀ ਗਈ ਹੈ।

ਇਸ ਤੋਂ ਪਹਿਲਾਂ ਪੰਜਾਬ ਪੁਲਿਸ ਵੱਲੋਂ LPU ਵਿੱਚ ਫਲੈਗ ਮਾਰਚ ਵੀ ਕੀਤਾ ਗਿਆ। ADGP ਫੈਯਾਜ਼ ਫਾਰੂਕੀ ਮੁਤਾਬਕ ਕੈਂਪਸ ਵਿੱਚ ਸੁਰੱਖਿਆ ਅਤੇ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ 2,000 ਤੋਂ ਵੱਧ ਪੁਲਿਸ ਮੁਲਾਜ਼ਮ ਤਾਇਨਾਤ ਕੀਤੇ ਗਏ ਹਨ। ਜਲੰਧਰ ਦੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਹੋਸਟਲਾਂ ਵਿੱਚ ਗੜਬੜੀ ਦੀਆਂ ਰਿਪੋਰਟਾਂ ਨੂੰ ਅਫਵਾਹ ਦੱਸਦਿਆਂ ਕਿਹਾ ਕਿ ਸਾਰੇ ਹੋਸਟਲਾਂ ਦੀ ਜਾਂਚ ਕੀਤੀ ਗਈ ਹੈ। LPU ਪ੍ਰਸ਼ਾਸਨ ਨੇ 28 ਸਤੰਬਰ ਤੋਂ 10 ਦਿਨਾਂ ਲਈ ਨਿਯਮਤ ਕਲਾਸਾਂ ਮੁਅੱਤਲ ਕਰ ਦਿੱਤੀਆਂ ਹਨ। ਮਿਡ-ਟਰਮ ਪ੍ਰੀਖਿਆਵਾਂ ਵੀ ਅਗਲੇ ਹੁਕਮਾਂ ਤੱਕ ਮੁਲਤਵੀ ਕਰ ਦਿੱਤੀਆਂ ਗਈਆਂ ਹਨ। ਯੂਨੀਵਰਸਿਟੀ ਨੇ ਵਿਦਿਆਰਥੀਆਂ ਨੂੰ ਮਾਪਿਆਂ ਜਾਂ ਸਰਪ੍ਰਸਤਾਂ ਨਾਲ ਸਲਾਹ ਕਰਕੇ ਆਪਣੇ ਘਰ ਜਾਣ ਅਤੇ ਕੈਂਪਸ ਵਿੱਚ ਰਹਿਣ ਵਾਲਿਆਂ ਨੂੰ ਬੇਲੋੜੀ ਆਵਾਜਾਈ ਤੋਂ ਬਚਣ ਦੀ ਸਲਾਹ ਦਿੱਤੀ ਹੈ। ਫਿਲਹਾਲ ਪੁਲਿਸ ਜਾਂਚ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ ਅਤੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਕਥਿਤ ਘਟਨਾ ਅਤੇ ਹਿੰਸਾ ਨਾਲ ਜੁੜੇ ਤੱਥ ਸਪੱਸ਼ਟ ਹੋਣਗੇ।

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ.) ਵਿੱਚ ਪਿਛਲੇ ਦਿਨਾਂ ਤੋਂ ਚੱਲ ਰਹੇ ਤਣਾਅ ਅਤੇ ਹਿੰਸਕ ਪ੍ਰਦਰਸ਼ਨਾਂ ਦਰਮਿਆਨ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਅੱਜ ਜ਼ਮੀਨੀ ਪੱਧਰ 'ਤੇ ਸਥਿਤੀ ਦਾ ਜਾਇਜ਼ਾ ਲੈਣ ਲਈ ਐਲ.ਪੀ.ਯੂ. ਪਹੁੰਚੇ। ਇਸ ਦੌਰਾਨ ਉਨ੍ਹਾਂ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਸਥਿਤੀ ਸਬੰਧੀ ਜਾਣਕਾਰੀ ਹਾਸਲ ਕੀਤੀ ਅਤੇ ਮਾਮਲੇ ਦੀ ਜਾਂਚ ਬਾਰੇ ਵੀ ਜਾਣਕਾਰੀ ਦਿੱਤੀ।

ਡੀ.ਜੀ.ਪੀ. ਗੌਰਵ ਯਾਦਵ ਨੇ ਕਿਹਾ ਕਿ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਮਾਹੌਲ ਖ਼ਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ ਅਤੇ ਕਾਨੂੰਨ ਆਪਣੇ ਹੱਥ ਵਿੱਚ ਲੈਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਕਾਨੂੰਨ ਤੋੜਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਜਾਂਚ ਦੌਰਾਨ ਜੇਕਰ ਕਿਸੇ ਦੀ ਭੂਮਿਕਾ ਸਾਹਮਣੇ ਆਉਂਦੀ ਹੈ ਤਾਂ ਉਸ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਹੋਵੇਗੀ। ਉਨ੍ਹਾਂ ਕਿਹਾ ਕਿ ਜੰਤਰ-ਮੰਤਰ ਵਿਖੇ ਹੋਏ ਪ੍ਰਦਰਸ਼ਨ ਤੋਂ ਬਾਅਦ ਵਿਦਿਆਰਥੀਆਂ ਵਿੱਚ ਰੋਸ ਸੀ ਅਤੇ ਪੁਲੀਸ ਵੱਲੋਂ ਵਿਦਿਆਰਥੀਆਂ ਨਾਲ ਬੈਠ ਕੇ ਗੱਲਬਾਤ ਕਰਦਿਆਂ ਮਾਮਲੇ ਨੂੰ ਸੁਲਝਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੂਰੇ ਮਾਮਲੇ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦਾ ਗਠਨ ਕੀਤਾ ਗਿਆ ਹੈ ਅਤੇ ਹਰ ਪੱਖ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ। ਪੁਲੀਸ ਵੱਲੋਂ ਦਰਜ ਐਫ.ਆਈ.ਆਰ. ਦੀ ਜਾਂਚ ਵੀ ਐਸ.ਆਈ.ਟੀ. ਕਰ ਰਹੀ ਹੈ।

ਡੀ.ਜੀ.ਪੀ. ਨੇ ਸਪੱਸ਼ਟ ਕੀਤਾ ਕਿ ਜਾਂਚ ਦੌਰਾਨ ਜੇ ਕੋਈ ਵਿਅਕਤੀ, ਭਾਵੇਂ ਉਹ ਕਿੰਨਾ ਵੀ ਪ੍ਰਭਾਵਸ਼ਾਲੀ ਕਿਉਂ ਨਾ ਹੋਵੇ, ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਲੋਕਾਂ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸੋਸ਼ਲ ਮੀਡੀਆ 'ਤੇ ਫੈਲ ਰਹੀਆਂ ਅਸਪੱਸ਼ਟ ਖ਼ਬਰਾਂ ਅਤੇ ਅਫ਼ਵਾਹਾਂ 'ਤੇ ਵਿਸ਼ਵਾਸ ਨਾ ਕਰਨ ਅਤੇ ਕਿਸੇ ਵੀ ਜਾਣਕਾਰੀ ਨੂੰ ਸਾਂਝਾ ਕਰਨ ਤੋਂ ਪਹਿਲਾਂ ਉਸ ਦੀ ਪੁਸ਼ਟੀ ਜ਼ਰੂਰ ਕਰਨ।

## ਪਟਿਆਲਾ ਨਗਰ ਨਿਗਮ ਚੋਣਾਂ ਮਾਮਲੇ 'ਚ ਸੁਪਰੀਮ ਕੋਰਟ ਵੱਲੋਂ ਫੈਕਟ-ਫਾਇਡਿੰਗ ਕਮੇਟੀ ਦੀ ਰਿਪੋਰਟ ਸਵੀਕਾਰ

**ਪਟਿਆਲਾ, 28 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਨਗਰ ਨਿਗਮ ਦੀਆਂ ਚੋਣਾਂ ਨੂੰ ਲੈ ਕੇ ਪਿਛਲੇ ਲੰਮੇ ਸਮੇਂ ਤੋਂ ਚੱਲ ਰਹੀ ਕਾਨੂੰਨੀ ਲੜਾਈ ਨੂੰ ਲੈ ਕੇ ਸਾਬਕਾ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮੋਹਿੰਦਰਾ ਨੇ ਪਟਿਆਲਾ ਵਾਸੀਆਂ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਫੈਕਟ-ਫਾਇਡਿੰਗ ਕਮੇਟੀ ਦੀ ਰਿਪੋਰਟ ਨੂੰ ਮਾਨਤਾ ਦਿੱਤੇ ਜਾਣ ਨਾਲ ਪਟਿਆਲਾ ਦੇ ਲੋਕਾਂ ਵੱਲੋਂ ਲੋਕਤੰਤਰਿਕ ਹੱਕਾਂ ਲਈ ਲੜੀ ਜਾ ਰਹੀ ਲੜਾਈ ਨੂੰ ਵੱਡਾ ਬਲ ਮਿਲਿਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਵੱਲੋਂ ਪਿਛਲੇ ਢਾਈ ਸਾਲ ਤੋਂ ਇਸ ਮਾਮਲੇ ਨੂੰ ਲਗਾਤਾਰ ਕਾਨੂੰਨੀ ਅਤੇ ਲੋਕਤੰਤਰਿਕ ਪੱਧਰ 'ਤੇ ਉਠਾਇਆ ਜਾ ਰਿਹਾ ਸੀ। ਮੋਹਿਤ ਮੋਹਿੰਦਰਾ ਨੇ ਕਿਹਾ ਕਿ ਪਟਿਆਲਾ ਨਗਰ ਨਿਗਮ ਚੋਣਾਂ ਦੌਰਾਨ ਨਾਮਜ਼ਦਗੀਆਂ ਨਾਲ ਸਬੰਧਤ ਕਈ ਗੰਭੀਰ ਸਵਾਲ ਉੱਠੇ ਸਨ, ਜਿਸ ਤੋਂ ਬਾਅਦ ਇਸ ਮਾਮਲੇ ਨੂੰ ਕਾਨੂੰਨੀ ਤੌਰ 'ਤੇ ਅੱਗੇ ਲਿਜਾਇਆ ਗਿਆ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਤਹਿਤ ਜਸਟਿਸ ਨਿਰਮਲਜੀਤ ਕੌਰ ਦੀ ਅਗਵਾਈ ਵਿੱਚ ਬਣੀ ਫੈਕਟ-ਫਾਇਡਿੰਗ ਕਮੇਟੀ ਨੇ ਮਾਮਲੇ ਦੀ ਜਾਂਚ ਕੀਤੀ ਅਤੇ ਆਪਣੀ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਅਨੁਸਾਰ ਹੁਣ ਇਸ ਰਿਪੋਰਟ ਨੂੰ ਸੁਪਰੀਮ ਕੋਰਟ ਵੱਲੋਂ ਸਵੀਕਾਰ ਕੀਤੇ ਜਾਣ ਨਾਲ ਇਸ ਮਾਮਲੇ ਵਿੱਚ ਅਗਲੀ ਕਾਨੂੰਨੀ ਕਾਰਵਾਈ ਲਈ ਰਾਹ



ਖੁੱਲ੍ਹਿਆ ਹੈ।

ਮੋਹਿੰਦਰਾ ਨੇ ਕਿਹਾ ਕਿ ਉਹ ਕਾਂਗਰਸ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਉਨ੍ਹਾਂ ਸਾਰੇ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਇਸ ਲੜਾਈ ਵਿੱਚ ਉਨ੍ਹਾਂ ਦਾ ਸਾਥ ਦਿੱਤਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਪਟਿਆਲਾ ਦੇ ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਸਮੇਤ ਪਾਰਟੀ ਦੀ ਸੂਬਾਈ ਲੀਡਰਸ਼ਿਪ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਉਠਾਇਆ। ਉਨ੍ਹਾਂ ਸੀਨੀਅਰ ਐਡਵੋਕੇਟ ਵਿਵੇਕ ਤਨਖਾਹ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਮਾਮਲੇ ਨੂੰ ਸੁਪਰੀਮ ਕੋਰਟ ਵਿੱਚ ਕਾਨੂੰਨੀ ਤੌਰ 'ਤੇ ਪੇਸ਼ ਕੀਤਾ।

ਸਾਬਕਾ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਨੇ ਕਿਹਾ ਕਿ ਨਗਰ ਨਿਗਮ ਚੋਣਾਂ ਦੌਰਾਨ ਕਈ ਕਾਂਗਰਸੀ ਉਮੀਦਵਾਰਾਂ ਨੂੰ ਨਾਮਜ਼ਦਗੀ ਪੱਤਰ ਦਾ ਖ਼ਲ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਅਤੇ ਉਨ੍ਹਾਂ ਦੇ ਲੋਕਤੰਤਰਿਕ ਹੱਕਾਂ ਵਿੱਚ ਰੁਕਾਵਟਾਂ ਪੈਦਾ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਫੈਕਟ-ਫਾਇਡਿੰਗ ਕਮੇਟੀ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾਣੀ ਆਪਣੇ ਆਪ ਵਿੱਚ ਮਹੱਤਵਪੂਰਨ ਕਦਮ ਸੀ।

ਮੋਹਿੰਦਰਾ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਪਟਿਆਲਾ ਨਗਰ ਨਿਗਮ ਚੋਣਾਂ ਦੇ ਬਾਈਕਾਟ ਦਾ ਸੱਦਾ ਦਿੱਤਾ ਗਿਆ ਸੀ ਅਤੇ ਉਨ੍ਹਾਂ ਅਨੁਸਾਰ ਨਗਰ ਨਿਗਮ ਚੋਣਾਂ ਵਿੱਚ ਬਹੁਤ ਘੱਟ ਪੋਲਿੰਗ ਹੋਈ। ਉਨ੍ਹਾਂ ਚੋਣ ਪ੍ਰਕਿਰਿਆ ਦੌਰਾਨ ਕਥਿਤ ਤੌਰ 'ਤੇ ਹੋਈਆਂ ਬੇਨਿਯਮੀਆਂ ਅਤੇ ਜਾਅਲੀ ਵੋਟਾਂ ਸਬੰਧੀ ਵੀ ਗੰਭੀਰ ਦੋਸ਼ ਲਗਾਏ ਅਤੇ ਕਿਹਾ ਕਿ ਇਨ੍ਹਾਂ ਸਾਰੇ ਮਾਮਲਿਆਂ ਦੀ ਸੱਚਾਈ ਕਾਨੂੰਨੀ ਪ੍ਰਕਿਰਿਆ ਰਾਹੀਂ ਸਾਹਮਣੇ ਆਉਣੀ ਚਾਹੀਦੀ ਹੈ।

## ਚਲਦੀ ਬੱਸ ਵਿੱਚ ਨਾਬਾਲਗ ਨਾਲ ਜਬਰ-ਜਨਾਹ ਮਾਮਲੇ ਦਾ ਸੁਪਰੀਮ ਕੋਰਟ ਵੱਲੋਂ ਖ਼ੁਦ ਨੋਟਿਸ

**ਨਵੀਂ ਦਿੱਲੀ, 28 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਪਰੀਮ ਕੋਰਟ ਨੇ ਸੋਮਵਾਰ ਨੂੰ ਦਿੱਲੀ-ਐੱਨ.ਸੀ.ਆਰ. ਵਿੱਚ ਚਲਦੀ ਬੱਸ ਵਿੱਚ ਇੱਕ ਨਾਬਾਲਗ ਨਾਲ ਹੋਏ ਸਮੂਹਿਕ ਜਬਰ ਜਨਾਹ ਦਾ ਖ਼ੁਦ ਨੋਟਿਸ ਲੈਂਦਿਆਂ ਟਿੱਪਣੀ ਕੀਤੀ ਕਿ ਅਜਿਹੇ ਮਾਮਲੇ ਕਾਨੂੰਨ ਲਾਗੂ ਕਰਨ ਵਾਲੇ ਅਥਾਰਟੀਆਂ ਵੱਲੋਂ ਇੱਕ ਪ੍ਰਣਾਲੀਗਤ ਅਸਫਲਤਾ ਨੂੰ ਉਜਾਗਰ ਕਰਦੇ ਹਨ।

ਜਸਟਿਸ ਜੇ.ਬੀ. ਪਾਰਦੀਵਾਲਾ ਅਤੇ ਕੇ. ਵਿਨੋਦ ਚੰਦਰਨ ਦੀ ਬੈਂਚ ਨੇ ਕਿਹਾ ਕਿ ਕੋਈ ਵੀ ਵਿਅਕਤੀ 2012 ਦੀ ਨਿਰਭਿਆ ਘਟਨਾ ਨਾਲ ਦੁਖਦਾਈ ਸਮਾਨਤਾਵਾਂ ਖਿੱਚਣ ਤੋਂ ਬਿਨਾਂ ਨਹੀਂ ਰਹਿ ਸਕਦਾ। ਬੈਂਚ ਨੇ ਕਿਹਾ, ਦਿੱਲੀ-ਐੱਨ.ਸੀ.ਆਰ. ਵਿੱਚ ਜਬਰ-ਜਨਾਹ ਦੇ ਮਾਮਲਿਆਂ ਦੀਆਂ ਰਿਪੋਰਟਾਂ ਕਾਨੂੰਨ



ਲਾਗੂ ਕਰਨ ਵਾਲੇ ਅਤੇ ਜਨਤਕ ਪ੍ਰਸ਼ਾਸਨਿਕ ਅਥਾਰਟੀਆਂ ਵੱਲੋਂ ਬੁਨਿਆਦੀ ਜਨਤਕ ਸੁਰੱਖਿਆ ਦੀ ਗਰੰਟੀ ਦੇਣ ਵਿੱਚ ਇੱਕ ਪ੍ਰਣਾਲੀਗਤ ਅਸਫਲਤਾ ਨੂੰ ਸਪੱਸ਼ਟ ਤੌਰ 'ਤੇ ਉਜਾਗਰ ਕਰਦੀਆਂ ਹਨ।

ਸਿਖ਼ਰਲੀ ਅਦਾਲਤ ਨੇ ਕਿਹਾ ਕਿ ਰੋਸ਼ਨੀ ਦੀ ਘਾਟ, ਮਾੜੀ ਨਿਗਰਾਨੀ ਅਤੇ ਹੋਰ ਪ੍ਰਸ਼ਾਸਨਿਕ ਸਹੂਲਤਾਂ ਦੀ ਕਮੀ ਕਾਰਨ ਜਨਤਕ ਥਾਵਾਂ, ਜਿਨ੍ਹਾਂ ਵਿੱਚ ਪਾਰਕ ਅਤੇ ਬੱਸਾਂ ਸ਼ਾਮਲ ਹਨ, ਨੂੰ ਉੱਚ ਜੋਖਮ ਵਾਲੇ ਖੇਤਰ ਬਣਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।

ਗ੍ਰੇਟਰ ਨੋਇਡਾ ਵਿੱਚ ਇੱਕ ਸਲੀਪਰ ਬੱਸ ਵਿੱਚ ਸਵਾਰ ਹੋਈ 16 ਸਾਲਾ ਲੜਕੀ ਨਾਲ ਕਥਿਤ ਤੌਰ 'ਤੇ ਉਸ ਦੇ ਕੰਡਕਟਰ ਅਤੇ ਡਰਾਈਵਰ ਵੱਲੋਂ ਸਮੂਹਿਕ ਜਬਰ ਜਨਾਹ ਕੀਤਾ ਗਿਆ ਸੀ ਅਤੇ ਉਸ ਨੂੰ 4 ਅਗਸਤ ਨੂੰ ਪੁਰਾਣੀ ਦਿੱਲੀ ਵਿੱਚ ਕਸ਼ਮੀਰੀ ਗੇਟ ਤੋਂ 40 ਕਿਲੋਮੀਟਰ ਤੋਂ ਵੱਧ ਦੂਰ ਛੱਡ ਦਿੱਤਾ ਗਿਆ ਸੀ। ਦੋਵੇਂ ਦੋਸ਼ੀ ਗ੍ਰਿਫ਼ਤਾਰ ਕਰ ਲਏ ਗਏ ਹਨ। ਇਸ ਅਪਰਾਧ ਨੇ ਦਿੱਲੀ ਵਿੱਚ 2012 ਦੇ ਸਮੂਹਿਕ ਜਬਰ ਜਨਾਹ ਅਤੇ ਕਤਲ ਦੀਆਂ ਦੁਖਦਾਈ ਯਾਦਾਂ ਨੂੰ ਤਾਜ਼ਾ ਕਰ ਦਿੱਤਾ, ਜਿਸ ਨੂੰ ਨਿਰਭਿਆ ਕੇਸ ਵਜੋਂ ਜਾਣਿਆ ਜਾਂਦਾ ਹੈ।

## ਪੰਜਾਬ ਤੇ ਚੰਡੀਗੜ੍ਹ ਵਿੱਚ ਮੀਂਹ ਨੇ ਬਦਲਿਆ ਮੌਸਮ ਦਾ ਮਿਜਾਜ਼

**ਚੰਡੀਗੜ੍ਹ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿਟੀ ਬਿਊਟੀਫੁਲ ਚੰਡੀਗੜ੍ਹ ਵਿੱਚ ਅੱਜ ਸਵੇਰੇ ਮੌਸਮ ਦਾ ਮਿਜਾਜ਼ ਬਦਲ ਗਿਆ ਹੈ। ਸ਼ਹਿਰ ਵਿੱਚ ਹੋ ਰਹੀ ਹਲਕੀ ਕਿਣ-ਮਿਣ ਨੇ ਲੋਕਾਂ ਨੂੰ ਗਰਮੀ ਤੋਂ ਰਾਹਤ ਦਵਾ ਦਿੱਤੀ ਹੈ। ਇਸ ਦੇ ਨਾਲ ਹੀ ਮੌਸਮ ਖੁਸ਼ਗਵਾਰ ਹੋ ਗਿਆ। ਮੀਂਹ ਕਰਕੇ ਸ਼ਹਿਰ ਦੇ ਤਾਪਮਾਨ ਵਿੱਚ ਵੀ ਇੱਕ ਤੋਂ ਦੋ ਡਿਗਰੀ ਸੈਲਸੀਅਸ ਤੱਕ ਦੀ ਗਿਰਾਵਟ ਦਰਜ ਕੀਤੀ ਗਈ।

ਮੌਸਮ ਵਿਭਾਗ ਤੋਂ ਮਿਲੀ ਜਾਣਕਾਰੀ ਅਨੁਸਾਰ ਅੱਜ ਚੰਡੀਗੜ੍ਹ ਵਿੱਚ ਘੱਟੋ ਘੱਟ ਤਾਪਮਾਨ 22.1 ਡਿਗਰੀ ਸੈਲਸੀਅਸ ਅਤੇ ਵੱਧ ਤੋਂ ਵੱਧ ਤਾਪਮਾਨ 30 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਹੈ।

ਮੌਸਮ ਵਿਗਿਆਨੀਆਂ ਦਾ ਕਹਿਣਾ ਹੈ ਕਿ ਚੰਡੀਗੜ੍ਹ ਵਿੱਚ ਅੱਜ ਦਿਨ ਸਮੇਂ ਵੀ ਰੁਕ ਰੁਕ ਕੇ ਮੀਂਹ ਪੈ ਸਕਦਾ ਹੈ।ਇਸ ਦੇ ਨਾਲ ਹੀ ਆਉਣ ਵਾਲੇ ਦਿਨਾਂ ਵਿੱਚ ਤਾਪਮਾਨ ਵਿੱਚ ਮਾਮੂਲੀ ਗਿਰਾਵਟ ਦਰਜ ਕੀਤੀ ਜਾ ਸਕਦੀ ਹੈ।

**ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਮੀਂਹ ਨੇ ਦਿੱਤੀ ਦਸਤਕ**

ਪੰਜਾਬ ਵਿੱਚ ਪਿਛਲੇ ਕਈ ਦਿਨਾਂ ਤੋਂ ਮੌਸਮ ਸਾਫ਼ ਰਹਿਣ ਤੋਂ ਬਾਅਦ ਅੱਜ ਮੌਸਮ ਦਾ ਮਿਜਾਜ਼ ਬਦਲ ਗਿਆ ਹੈ। ਅੱਜ ਪੰਜਾਬ ਹੁਸ਼ਿਆਰਪੁਰ, ਬਠਿੰਡਾ, ਫਾਜ਼ਿਲਕਾ, ਪਟਿਆਲਾ ਸਣੇ ਕਈ ਹੋਰ ਸ਼ਹਿਰਾਂ ਵਿੱਚ ਮੀਂਹ ਪੈਣਾ ਸ਼ੁਰੂ ਹੋ ਗਿਆ। ਮੀਂਹ ਕਰਕੇ ਦਿਨ ਸਮੇਂ ਦਾ ਤਾਪਮਾਨ ਵੀ ਡਿੱਗ ਗਿਆ ਹੈ। ਮੀਂਹ ਨੇ ਲੋਕਾਂ ਨੂੰ ਗਰਮੀ ਤੋਂ ਰਾਹਤ ਦਿਵਾ ਦਿੱਤੀ ਹੈ, ਪਰ ਇਸ ਸਮੇਂ ਪੈ ਰਹੇ ਮੀਂਹ ਕਰਕੇ ਕਿਸਾਨਾਂ ਦੇ ਸਾਹ ਸੂਕੇ ਪੈ ਗਏ ਹਨ। ਪੰਜਾਬ ਵਿੱਚ ਝੋਨੇ ਦੀ ਫਸਲ ਆਖਰੀ ਪੜਾਅ 'ਤੇ ਹੈ। ਅਜਿਹੇ ਵਿੱਚ ਮੀਂਹ ਅਤੇ ਤੇਜ਼ ਹਵਾਵਾਂ ਕਰਕੇ ਫਸਲ ਦਾ ਦਾਣਾ ਬਦਰੰਗ ਹੋ ਸਕਦਾ ਹੈ ਅਤੇ ਝੋਨੇ ਦੀ ਫਸਲ ਦੇ ਝਾੜ ਉੱਤੇ ਵੀ ਅਸਰ ਪੈ ਸਕਦਾ ਹੈ।





ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

## ਸੰਪਾਦਕੀ

### ਸਿਲਸਿਲਾ-ਏ-ਜੱਦੋਜਹਿਦ ਤਰਕ ਨਾ ਕਰ; ਮੰਜ਼ਿਲ-ਏ-ਮਕਸੂਦ ਮੁਰਾਦਬਰ

ਕਾਮਯਾਬੀ ਦੀ ਚਮਕ ਹਰ ਕਿਸੇ ਨੂੰ ਦਿਖਾਈ ਦਿੰਦੀ ਹੈ, ਪਰ ਉਸ ਚਮਕ ਦੇ ਪਿੱਛੇ ਲੁਕੀਆਂ ਠੋਕਰਾਂ, ਟੁੱਟੀਆਂ ਉਮੀਦਾਂ ਅਤੇ ਅਣਗਿਣਤ ਕੋਸ਼ਿਸ਼ਾਂ ਬਹੁਤ ਘੱਟ ਲੋਕ ਦੇਖਦੇ ਹਨ। ਦੁਨੀਆ ਦੇ ਕਈ ਸਫਲ ਕਾਰੋਬਾਰੀਆਂ ਅਤੇ ਅਰਬਪਤੀਆਂ ਦੀਆਂ ਜੀਵਨ-ਯਾਤਰਾਵਾਂ ਦਾ ਨਿਚੋੜ ਇਹ ਦਰਸਾਉਂਦਾ ਹੈ ਕਿ ਵੱਡੀ ਮੰਜ਼ਿਲ ਤੱਕ ਪਹੁੰਚਣ ਤੋਂ ਪਹਿਲਾਂ ਨਾਕਾਮੀਆਂ ਦਾ ਸਾਹਮਣਾ ਕਰਨਾ ਸਿੱਧਪੱਧਰਾ ਰਾਹ ਨਹੀਂ। ਕਾਮਯਾਬ ਲੋਕਾਂ ਨੇ ਔਸਤਨ ਕਈ ਵਾਰ ਕਈ ਪ੍ਰੇਰਕ ਪੜਚੋਲਾਂ ਵਿੱਚ ਅਨੇਕਾਂ ਵਾਰ ਨਾਕਾਮੀ ਦਾ ਸਾਹਮਣਾ ਕੀਤਾ। ਹਾਲਾਂਕਿ ਇਹ ਸਰਵਉੱਚ ਵਿਗਿਆਨਕ ਨਿਯਮ ਨਹੀਂ, ਪਰ ਇਸ ਦੇ ਪਿੱਛੇ ਛੁਪਿਆ ਜੀਵਨ-ਸੱਚ ਬੇਹੱਦ ਮਹੱਤਵਪੂਰਨ ਹੈ ਕਿਉਂਕਿ ਨਾਕਾਮੀ ਅੰਤ ਨਹੀਂ ਹੁੰਦੀ। ਇਨਸਾਨ ਦੀ ਜ਼ਿੰਦਗੀ ਨੂੰ ਜੇ ਇੱਕ ਯਾਤਰਾ ਮੰਨ ਲਈਏ ਤਾਂ ਨਾਕਾਮੀ ਉਸ ਰਸਤੇ ਦੀ ਉਹ ਢਲਾਣ ਹੈ, ਜਿੱਥੇ ਪੈਰ ਫਿਸਲ ਸਕਦਾ ਹੈ, ਜਦਕਿ ਕਾਮਯਾਬੀ ਉਸ ਚੜ੍ਹਾਈ ਵਰਗੀ ਹੈ, ਜਿਸ ਲਈ ਲਗਾਤਾਰ ਤਾਕਤ ਲਗਾਉਣੀ ਪੈਂਦੀ ਹੈ। ਭੌਤਿਕ ਵਿਗਿਆਨ ਦੀ ਭਾਸ਼ਾ ਵਿੱਚ ਗੁਰੂਤਾਕਰਸ਼ਣ ਕਿਸੇ ਵਸਤੂ ਨੂੰ ਹੇਠਾਂ ਵੱਲ ਖਿੱਚਦਾ ਹੈ, ਜਦਕਿ ਉੱਪਰ ਚੜ੍ਹਨ ਲਈ ਬਾਹਰੀ ਤਾਕਤ ਲਗਾਉਣੀ ਪੈਂਦੀ ਹੈ। ਮਨੁੱਖੀ ਜੀਵਨ ਵਿੱਚ ਵੀ ਡਰ, ਨਿਰਾਸ਼ਾ, ਆਲੋਚਨਾ ਅਤੇ ਪਿਛਲੀਆਂ ਨਾਕਾਮੀਆਂ ਉਸ ਨੂੰ ਪਿੱਛੇ ਖਿੱਚਦੀਆਂ ਹਨ। ਇਸ ਖਿੱਚ ਦੇ ਵਿਰੁੱਧ ਖੜ੍ਹਾ ਹੁੰਦਾ ਹੈ ਇਨਸਾਨੀ ਪੱਕਾ ਇਰਾਦਾ, ਵਿਸ਼ਵਾਸ, ਅਨੁਸ਼ਾਸਨ ਅਤੇ ਲਗਾਤਾਰ ਕੋਸ਼ਿਸ਼। ਪਰ ਸਿਰਫ਼ ਕੋਸ਼ਿਸ਼ ਕਰਦੇ ਰਹਿਣਾ ਹੀ ਕਾਫ਼ੀ ਨਹੀਂ। ਇੱਕੋ ਗਲਤੀ ਨੂੰ ਵਾਰ-ਵਾਰ ਦੁਹਰਾਉਣਾ ਸੰਘਰਸ਼ ਤਾਂ ਹੋ ਸਕਦਾ ਹੈ, ਪਰ ਤਰੱਕੀ ਨਹੀਂ। ਅਸਲ ਕੋਸ਼ਿਸ਼ ਉਹ ਹੈ ਜੋ ਹਰ ਨਾਕਾਮੀ ਤੋਂ ਬਾਅਦ ਆਪਣੇ ਆਪ ਨੂੰ ਪੁੱਛਦੀ ਹੈ, ਅਵਲੋਕਨ ਕਰਦੀ ਹੈ ਪੜਤਾਲ ਕਰਦੀ , ਗਲਤੀ ਕਿੱਥੇ ਹੋਈ ? ਯੋਜਨਾ ਵਿੱਚ ਕਮੀ ਸੀ ਜਾਂ ਤਰੀਕੇ ਵਿੱਚ ? ਕੀ ਬਦਲਣਾ ਚਾਹੀਦਾ ਹੈ ? ਜਦੋਂ ਨਾਕਾਮੀ ਤੋਂ ਸਬਕ ਕੱਢਿਆ ਜਾਂਦਾ ਹੈ, ਤਾਂ ਉਹ ਨੁਕਸਾਨ ਨਹੀਂ ਰਹਿੰਦੀ, ਉਹ ਅਗਲੀ ਕੋਸ਼ਿਸ਼ ਲਈ ਗਿਆਨ ਬਣ ਜਾਂਦੀ ਹੈ। ਮੰਜ਼ਿਲ ਵੱਲ ਵਧਣ ਲਈ ਸਭ ਤੋਂ ਪਹਿਲਾਂ ਮਨ ਦੀ ਦਿਸ਼ਾ ਤੈਅ ਕਰਨੀ ਪੈਂਦੀ ਹੈ। ਜਿਸ ਮਨੁੱਖ ਦਾ ਧਿਆਨ ਹਰ ਪਲ ਆਪਣੀ ਨਾਕਾਮੀ ਉੱਤੇ ਟਿਕਿਆ ਰਹੇ, ਉਸ ਦੀ ਊਰਜਾ ਡਰ ਵਿੱਚ ਖਰਚ ਹੁੰਦੀ ਰਹਿੰਦੀ ਹੈ। ਇਸ ਦੇ ਉਲਟ, ਜੋ ਮਨੁੱਖ ਆਪਣਾ ਧਿਆਨ ਮੰਜ਼ਿਲ, ਯੋਜਨਾ ਅਤੇ ਅਗਲੇ ਕਦਮ ਉੱਤੇ ਧਿਆਨ ਕਰਦਾ ਹੈ, ਉਹ ਆਪਣੀ ਊਰਜਾ ਨੂੰ ਲੋੜੀਂਦੀ ਦਿਸ਼ਾ ਦਿੰਦਾ ਹੈ। ਵਿਸ਼ਵਾਸ ਅੰਨ੍ਹਾ ਭਰੋਸਾ ਨਹੀਂ, ਆਪਣੀ ਸਮਰੱਥਾ, ਆਪਣੀ ਮਿਹਨਤ ਅਤੇ ਆਪਣੀ ਦਿਸ਼ਾ ਉੱਤੇ ਸੋਚਿਆ-ਸਮਝਿਆ ਭਰੋਸਾ ਹੈ। ਕਾਮਯਾਬੀ ਅਕਸਰ ਇੱਕ ਵੱਡੀ ਛਾਲ ਨਾਲ ਨਹੀਂ ਆਉਂਦੀ। ਉਹ ਛੋਟੀਆਂ-ਛੋਟੀਆਂ ਜਿੱਤਾਂ ਦਾ ਜੋੜ ਹੁੰਦੀ ਹੈ। ਅੱਜ ਦੀ ਇੱਕ ਕੋਸ਼ਿਸ਼, ਕੱਲ੍ਹ ਦੀ ਇੱਕ ਸੁਧਾਰ, ਅਗਲੇ ਦਿਨ ਦੀ ਇੱਕ ਨਵੀਂ ਯੋਜਨਾ। ਇਨ੍ਹਾਂ ਛੋਟੇ ਕਦਮਾਂ ਨਾਲ ਹੀ ਮਨੁੱਖ ਇੱਕ ਦਿਨ ਉਸ ਥਾਂ ਪਹੁੰਚ ਜਾਂਦਾ ਹੈ, ਜਿੱਥੇ ਕਦੇ ਪਹੁੰਚਣਾ ਅਸੰਭਵ ਲੱਗਦਾ ਸੀ।

ਇਸ ਲਈ ਨਾਕਾਮੀ ਆਵੇ ਤਾਂ ਆਪਣੇ ਆਪ ਨੂੰ ਹਾਰਿਆ ਹੋਇਆ ਨਾ ਸਮਝੋ। ਉਸ ਨੂੰ ਆਪਣਾ ਕੋਚ ਬਣਾਓ। ਡਿੱਗੋ ਤਾਂ ਉੱਠੋ, ਗਲਤੀ ਹੋਵੇ ਤਾਂ ਸੁਧਾਰੋ, ਰਸਤਾ ਬੰਦ ਹੋਵੇ ਤਾਂ ਨਵਾਂ ਰਸਤਾ ਲੱਭੋ। ਕਿਉਂਕਿ ਕਾਮਯਾਬੀ ਸਿਰਫ਼ ਉਸ ਮਨੁੱਖ ਨੂੰ ਨਹੀਂ ਮਿਲਦੀ ਜੋ ਕਦੇ ਡਿੱਗਿਆ ਨਹੀਂ। ਹਮੇਸ਼ਾ ਉਹ ਉਸ ਮਨੁੱਖ ਦੀ ਹੁੰਦੀ ਹੈ ਜਿਸ ਨੇ ਹਰ ਵਾਰ ਡਿੱਗ ਕੇ ਆਪਣੇ ਆਪ ਨੂੰ ਪਹਿਲਾਂ ਨਾਲੋਂ ਵਧੇਰੇ ਮਜ਼ਬੂਤ ਬਣਾਇਆ ਅਤੇ ਸਮਾਜ ਵਿੱਚ ਆਪਣਾ ਮੁਕਾਮ ਹਾਂਸਿਲ ਕੀਤਾ ਹੈ।

ਨਾਕਾਮੀ ਪੌੜੀ ਹੈ, ਕੰਧ ਨਹੀਂ। ਮੰਜ਼ਿਲ ਦੂਰ ਹੋ ਸਕਦੀ ਹੈ, ਪਰ ਜੇ ਇਰਾਦਾ ਪੱਕਾ, ਦਿਸ਼ਾ ਸਹੀ ਅਤੇ ਕੋਸ਼ਿਸ਼ ਜਾਰੀ ਹੈ, ਤਾਂ ਯਾਦ ਰਹੇ ਹਰ ਕਦਮ ਤੁਹਾਨੂੰ ਮੰਜ਼ਿਲ ਦੇ ਨੇੜੇ ਲੈ ਜਾ ਰਿਹਾ ਹੈ।

-ਪੀਤਾਂਬਰ ਸ਼ਰਮਾ





Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807


# ਸਮਾਜ ਦਾ ਆਧਾਰ ਜੁਗਾੜ , 'ਕੀ ਕਹਿਣਗੇ ਚਾਰ ਲੋਕਾਂ' ਤੋਂ ਵੀ ਪਾਰ.

## ਤਰੱਕੀ ਦੀ ਚਮਕ ਹੇਠ ਬਣੇ ਸਮਾਜਿਕ ਦਬਾਅ, ਘਰੇਲੂ ਵਿਰੋਧਾਭਾਸ ਅਤੇ ਸੰਸਥਾਗਤ ਕਮਜ਼ੋਰੀਆਂ ਦੀ ਪੜਚੋਲ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਭਾਰਤ ਨੂੰ ਦੁਨੀਆ ਦੀਆਂ ਤੇਜ਼ੀ ਨਾਲ ਬਦਲ ਰਹੀਆਂ ਅਰਥਵਿਵਸਥਾਵਾਂ ਵਿੱਚ ਗਿਣਿਆ ਜਾਂਦਾ ਹੈ। ਡਿਜੀਟਲ ਭੁਗਤਾਨ, ਅੰਤਰਿਕਸ਼ ਤਕਨਾਲੋਜੀ, ਨਵੀਂ ਉਦਯੋਗਿਕ ਸਮਰੱਥਾ, ਸਟਾਰਟਅੱਪ ਅਤੇ ਵਿਸ਼ਾਲ ਨੌਜਵਾਨ ਆਬਾਦੀ। ਇਹ ਸਾਰੇ ਭਾਰਤ ਦੀ ਤਰੱਕੀ ਦੀ ਤਸਵੀਰ ਪੇਸ਼ ਕਰਦੇ ਹਨ। ਪਰ ਹਰ ਚਮਕਦੇ ਚਿਹਰੇ ਦੇ ਪਿੱਛੇ ਕੁਝ ਅਜਿਹੇ ਸਵਾਲ ਵੀ ਹਨ ਜਿਨ੍ਹਾਂ 'ਤੇ ਅਸੀਂ ਘੱਟ ਗੱਲ ਕਰਦੇ ਹਾਂ। ਇਹ ਸਵਾਲ ਸਿਰਫ਼ ਸਰਕਾਰਾਂ ਜਾਂ ਸੰਸਥਾਵਾਂ ਦੇ ਨਹੀਂ, ਸਗੋਂ ਘਰ, ਪਰਿਵਾਰ, ਵਿਆਹ, ਸਿੱਖਿਆ, ਰੁਜ਼ਗਾਰ ਅਤੇ ਰੋਜ਼ਾਨਾ ਦੇ ਸਮਾਜਿਕ ਵਿਹਾਰ ਨਾਲ ਜੁੜੇ ਹਨ।

ਇੱਕ ਪਾਸੇ ਅਸੀਂ ਭਵਿੱਖ ਦੀ ਅਰਥਵਿਵਸਥਾ ਬਣਾਉਣ ਦੀ ਗੱਲ ਕਰਦੇ ਹਾਂ; ਦੂਜੇ ਪਾਸੇ ਲੱਖਾਂ ਨੌਜਵਾਨਾਂ ਲਈ ਜੀਵਨ ਦਾ ਅਰਥ ਅਜੇ ਵੀ ਇੱਕ ਪ੍ਰੀਖਿਆ, ਇੱਕ ਸਰਕਾਰੀ ਨੌਕਰੀ, ਇੱਕ ਵਿਆਹ ਅਤੇ ਸਮਾਜ ਦੀ ਮਨਜ਼ੂਰੀ ਤੱਕ ਸੀਮਤ ਹੋ ਜਾਂਦਾ ਹੈ। ਇਹ ਵਿਰੋਧਾਭਾਸ ਭਾਰਤ ਦੇ ਆਧੁਨਿਕ ਚਿਹਰੇ ਦੀ ਸਭ ਤੋਂ ਦਿਲਚਸਪ ਕਹਾਣੀ ਹੈ।

'ਜੁਗਾੜ' ਭਾਰਤੀ ਸਮਾਜ ਦੀ ਰਚਨਾਤਮਕ ਸਮਰੱਥਾ ਦਾ ਪ੍ਰਤੀਕ ਵੀ ਹੈ। ਘੱਟ ਸਰੋਤਾਂ ਨਾਲ ਕੰਮ ਚਲਾਉਣਾ, ਉਪਲਬਧ ਸਾਧਨਾਂ ਨੂੰ ਨਵੇਂ ਢੰਗ ਨਾਲ ਵਰਤਣਾ ਅਤੇ ਤੁਰੰਤ ਸਮੱਸਿਆ ਦਾ ਹੱਲ ਕੱਢਣਾ—ਇਹ ਹੁਨਰ ਭਾਰਤ ਦੇ ਛੋਟੇ ਕਾਰੋਬਾਰਾਂ ਅਤੇ ਆਮ ਲੋਕਾਂ ਵਿੱਚ ਪ੍ਰਚਲਤ ਹੈ। ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਭਾਰਤ ਦੀ ਖੋਜ-ਵਿਕਾਸ 'ਤੇ ਖਰਚ ਵਿੱਚ ਵਾਧਾ ਹੋਇਆ ਹੈ। ਸਰਕਾਰੀ ਅੰਕੜਿਆਂ ਅਨੁਸਾਰ 2020-21 ਵਿੱਚ ਦੇਸ਼ ਦਾ ਕੁੱਲ ਖੋਜ ਅਤੇ ਵਿਕਾਸ ਖਰਚ ਲਗਭਗ ?1.27 ਲੱਖ ਕਰੋੜ ਸੀ, ਪਰ ਜੀਡੀਪੀ ਦੇ ਮੁਕਾਬਲੇ ਇਸ ਦੀ ਹਿੱਸੇਦਾਰੀ 0.64 ਫ਼ੀਸਦੀ ਰਹੀ।

ਇਸ ਲਈ ਅਸਲ ਚੁਣੌਤੀ ਸਿਰਫ਼ 'ਜੁਗਾੜ' ਨੂੰ ਛੱਡਣ ਦੀ ਨਹੀਂ, ਬਲਕਿ ਜੁਗਾੜੀ ਰਚਨਾਤਮਕਤਾ ਨੂੰ ਡੂੰਘੀ ਖੋਜ, ਮਿਆਰੀਕਰਨ, ਉਦਯੋਗਿਕ ਪ੍ਰਕਿਰਿਆ ਅਤੇ ਲੰਬੇ ਸਮੇਂ ਦੀ ਤਕਨਾਲੋਜੀ ਵਿੱਚ ਬਦਲਣ ਦੀ ਹੈ।

ਜੇਕਰ ਜੁਗਾੜ ਸਮੱਸਿਆ ਤੋਂ ਬਚਾ ਸਕਦਾ ਹੈ ਤਾਂ ਖੋਜ ਅਤੇ ਪ੍ਰਣਾਲੀ ਸਮੱਸਿਆ ਨੂੰ ਮੁੜ ਪੈਦਾ ਹੋਣ ਤੋਂ ਰੋਕਦੀ ਹੈ। ਭਾਰਤੀ ਸਮਾਜ ਵਿੱਚ ਨੌਜਵਾਨ ਮਰਦ 'ਤੇ ਇੱਕ ਚੁੱਪ ਸਮਾਜਿਕ ਉਮੀਦ ਰਹਿੰਦੀ ਹੈ। ਉਹ ਕਮਾਏ, ਘਰ ਸੰਭਾਲੇ, ਆਪਣੀ ਸਮਾਜਿਕ ਹੈਸੀਅਤ ਬਣਾਏ ਅਤੇ ਪਰਿਵਾਰ ਦੀਆਂ ਉਮੀਦਾਂ ਪੂਰੀਆਂ ਕਰੇ।

ਇਹ ਦਬਾਅ ਹਰ ਵਿਅਕਤੀ 'ਤੇ ਇੱਕੋ ਜਿਹਾ ਨਹੀਂ ਹੁੰਦਾ, ਪਰ ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਅਤੇ ਰੁਜ਼ਗਾਰ ਦੀ ਭੰਬਲਭੂਸੇ ਇਸ ਨੂੰ ਹੋਰ ਗੰਭੀਰ ਬਣਾ ਸਕਦੇ ਹਨ । ਅੰਤਰਰਾਸ਼ਟਰੀ ਮਜ਼ਦੂਰ ਸੰਗਠਨ ਦੀ ਭਰਤੀ ਰੁਜ਼ਗਾਰ ਰਿਪੋਰਟ 2024 ਨੇ ਭਾਰਤ ਵਿੱਚ ਨੌਜਵਾਨਾਂ ਦੀ ਰੁਜ਼ਗਾਰ, ਸਿੱਖਿਆ ਅਤੇ ਹੁਨਰ ਨਾਲ ਜੁੜੀਆਂ ਚੁਣੌਤੀਆਂ ਦਾ ਵਿਸਥਾਰ ਨਾਲ ਅਧਿਐਨ ਕੀਤਾ ਹੈ। ਜਦੋਂ ਕਿਸੇ ਨੌਜਵਾਨ ਦੀ ਪਛਾਣ ਉਸ ਦੀ ਨੌਕਰੀ, ਤਨਖ਼ਾਹ ਜਾਂ ਪ੍ਰੀਖਿਆ ਦੇ ਨਤੀਜੇ ਨਾਲ ਜੋੜ ਦਿੱਤੀ ਜਾਂਦੀ ਹੈ ਤਾਂ ਅਸਫਲਤਾ ਸਿਰਫ਼ ਆਰਥਿਕ ਘਟਨਾ ਨਹੀਂ ਰਹਿੰਦੀ, ਇਹ ਸਮਾਜਿਕ ਸ਼ਰਮ ਦਾ ਵੱਡਾ ਰੂਪ ਵੀ ਧਾਰ ਲੈਂਦੀ ਹੈ। ਚਾਰ ਲੋਕ (ਭਾਰਤੀ ਘਰ ਦਾ ਅਦਿੱਖ ਜੱਜ)ਕੀ ਕਹਿਣਗੇ ? ਭਾਰਤੀ ਪਰਿਵਾਰਕ ਜੀਵਨ ਵਿੱਚ ਸ਼ਾਇਦ ਇਹ ਸਭ ਤੋਂ ਛੋਟਾ ਪਰ ਸਭ ਤੋਂ ਪ੍ਰਭਾਵਸ਼ਾਲੀ ਵਾਕ ਹੈ।

ਨੌਕਰੀ ਬਦਲਣੀ ਹੋਵੇ—ਚਾਰ ਲੋਕ।
ਵਿਆਹ ਕਰਨਾ ਹੋਵੇ—ਚਾਰ ਲੋਕ।
ਕੱਪੜੇ ਪਹਿਨਣੇ ਹੋਣ—ਚਾਰ ਲੋਕ।
ਕਾਰੋਬਾਰ ਵਿੱਚ ਨੁਕਸਾਨ ਹੋ ਜਾਵੇ—ਚਾਰ ਲੋਕ।
ਬੱਚਾ ਆਪਣੀ ਮਰਜ਼ੀ ਦਾ ਕਰੀਅਰ ਚੁਣੇ—ਫਿਰ ਵੀ ਚਾਰ ਲੋਕ।

ਇਹ 'ਚਾਰ ਲੋਕ' ਅਸਲ ਵਿੱਚ ਕੋਈ ਚਾਰ ਵਿਅਕਤੀ ਨਹੀਂ। ਇਹ ਸਮਾਜਕ ਨਿਗਰਾਨੀ, ਪਰਿਵਾਰਕ ਮਾਣ, ਵਰਗ-ਚੇਤਨਾ ਅਤੇ ਪ੍ਰਵਾਨਗੀ ਦੀ ਮਿਲੀ-ਜੁਲੀ ਧਾਰਨਾ ਹੈ। ਸਮੱਸਿਆ ਉਦੋਂ ਪੈਦਾ ਹੁੰਦੀ ਹੈ ਜਦੋਂ ਸਮਾਜ ਦੀ ਸੰਭਾਵਿਤ ਰਾਏ ਵਿਅਕਤੀ ਦੀ ਅਸਲ ਖ਼ੁਸ਼ੀ ਨਾਲੋਂ ਵੱਧ ਮਹੱਤਵਪੂਰਨ ਹੋ ਜਾਂਦੀ ਹੈ।

ਭਾਰਤੀ ਵਿਆਹ ਪ੍ਰਣਾਲੀ ਵਿੱਚ ਆਧੁਨਿਕਤਾ ਅਤੇ ਪਰੰਪਰਾ ਇਕੱਠੇ ਚੱਲਦੇ ਹਨ। ਆਨਲਾਈਨ ਵਿਆਹੀ ਪਲੇਟਫਾਰਮਾਂ ਨੇ ਚੋਣ ਦਾ ਘੇਰਾ ਵਧਾਇਆ ਹੈ, ਪਰ ਸਾਥੀ ਦੀ ਚੋਣ ਵਿੱਚ ਜਾਤ, ਖੇਤਰ, ਸਿੱਖਿਆ, ਪੇਸ਼ਾ, ਆਮਦਨ ਅਤੇ ਰੰਗ ਵਰਗੇ ਮਾਪਦੰਡ ਅਜੇ ਵੀ ਮਹੱਤਵ ਰੱਖਦੇ ਹਨ।

ਆਕਸਫੋਰਡ ਅਕਾਦਮਿਕ ਵਿੱਚ ਪ੍ਰਕਾਸ਼ਿਤ ਇੱਕ ਅਧਿਐਨ ਦੇ ਅਨੁਸਾਰ ਭਾਰਤੀ ਵਿਆਹ ਦੇ ਇਸ਼ਤਿਹਾਰਾਂ ਵਿੱਚ ਜਾਤ ਅਕਸਰ ਇੱਕ ਮਹੱਤਵਪੂਰਨ ਪਛਾਣਕ ਮਾਪਦੰਡ ਰਹੀ ਹੈ। ਰੰਗ-ਭੇਦ ਬਾਰੇ 2026 ਵਿੱਚ ਪ੍ਰਕਾਸ਼ਿਤ ਇੱਕ ਅਧਿਐਨ ਨੇ 2010 ਤੋਂ 2024 ਤੱਕ 30 ਅਖ਼ਬਾਰਾਂ ਵਿੱਚ ਛਪੇ ਵਿਆਹ ਦੇ ਇਸ਼ਤਿਹਾਰਾਂ ਦਾ ਪਾਠ-ਵਿਸ਼ਲੇਸ਼ਣ ਕੀਤਾ ਅਤੇ 'ਫੇਅਰ' ਜਾਂ ਗੋਰੇ ਰੰਗ ਨੂੰ ਤਰਜੀਹ ਦੇਣ ਦੀ ਲਗਾਤਾਰ ਮੌਜੂਦਗੀ ਦਰਜ ਕੀਤੀ।

ਇਸ ਤੋਂ ਪਹਿਲਾਂ ਦੇ ਅਧਿਐਨਾਂ ਨੇ ਵੀ ਵਿਆਹੀ ਇਸ਼ਤਿਹਾਰਾਂ ਵਿੱਚ ਮਰਦ ਦੀ ਆਰਥਿਕ ਸਥਿਰਤਾ ਅਤੇ ਔਰਤ ਦੀ ਸਰੀਰਕ ਸੁੰਦਰਤਾ ਵਿਚਕਾਰ ਇੱਕ ਸਮਾਜਕ ਅਦਲਾ-ਬਦਲੀ ਵਾਲਾ ਪੈਟਰਨ ਦਰਸਾਇਆ ਸੀ।

ਇਸ ਲਈ ਸਵਾਲ ਸਿਰਫ਼ ਇਹ ਨਹੀਂ ਕਿ ਭਾਰਤ ਕਿੰਨਾ ਆਧੁਨਿਕ ਹੋਇਆ ਹੈ। ਸਵਾਲ ਇਹ ਵੀ ਹੈ ਕਿ ਆਧੁਨਿਕਤਾ ਨੇ ਸਾਡੇ ਵਿਕਲਪ ਬਦਲੇ ਹਨ ਜਾਂ ਸਿਰਫ਼ ਪੁਰਾਣੇ ਮਾਪਦੰਡਾਂ ਨੂੰ ਡਿਜੀਟਲ ਕਰ ਦਿੱਤਾ ਹੈ ? ਭਾਰਤੀ ਮੱਧਵਰਗੀ ਘਰ ਦੀ ਅਰਥਵਿਵਸਥਾ ਦਾ ਇੱਕ ਵੱਡਾ ਹਿੱਸਾ ਅਜਿਹੀ ਮਿਹਨਤ 'ਤੇ ਟਿਕਿਆ ਹੈ ਜਿਸ ਦੀ ਬਾਜ਼ਾਰ ਵਿੱਚ ਕੀਮਤ ਨਹੀਂ ਲੱਗਦੀ।

ਖਾਣਾ ਬਣਾਉਣਾ, ਸਫ਼ਾਈ, ਬੱਚਿਆਂ ਦੀ ਦੇਖਭਾਲ, ਬਜ਼ੁਰਗਾਂ ਦੀ ਸੇਵਾ, ਘਰ ਦਾ ਪ੍ਰਬੰਧ—ਇਹ ਸਾਰੇ ਕੰਮ ਅਕਸਰ 'ਘਰੇਲੂ ਜ਼ਿੰਮੇਵਾਰੀ' ਕਹਿ ਕੇ ਆਰਥਿਕ ਗਿਣਤੀ ਤੋਂ ਬਾਹਰ ਕਰ ਦਿੱਤੇ ਜਾਂਦੇ ਹਨ। ਭਾਰਤ ਦੇ ਟਾਈਮ ਯੂਜ਼ ਸਰਵੇ 2024 ਅਨੁਸਾਰ ਘਰੇਲੂ ਮੈਂਬਰਾਂ ਲਈ ਬਿਨਾਂ ਤਨਖ਼ਾਹ ਵਾਲੀਆਂ ਘਰੇਲੂ ਕੰਮਾਂ ਵਿੱਚ 81.5 ਫ਼ੀਸਦੀ ਔਰਤਾਂ ਹਿੱਸਾ ਲੈਂਦੀਆਂ ਸਨ, ਜਦਕਿ ਮਰਦਾਂ ਦੀ ਹਿੱਸੇਦਾਰੀ 27.1 ਫ਼ੀਸਦੀ ਸੀ। ਇਨ੍ਹਾਂ ਕੰਮਾਂ ਵਿੱਚ ਸ਼ਾਮਲ ਔਰਤਾਂ ਨੇ ਔਸਤਨ 289 ਮਿੰਟ ਪ੍ਰਤੀ ਦਿਨ ਅਤੇ ਮਰਦਾਂ ਨੇ 88 ਮਿੰਟ ਪ੍ਰਤੀ ਦਿਨ ਲਗਾਏ। ਬਿਨਾਂ ਤਨਖ਼ਾਹ ਦੇ ਦੇਖਭਾਲ ਵਾਲੇ ਕੰਮ ਵਿੱਚ ਵੀ ਔਰਤਾਂ ਦਾ ਸਮਾਂ ਮਰਦਾਂ ਨਾਲੋਂ ਵੱਧ ਸੀ। ਭਾਵ ਘਰ ਦੀ 'ਮੁਫ਼ਤ' ਸੇਵਾ ਅਸਲ ਵਿੱਚ ਮੁਫ਼ਤ ਨਹੀਂ ਸਗੋਂ ਕਿਸੇ ਨਾ ਕਿਸੇ ਦੀ ਜ਼ਿੰਦਗੀ ਦਾ ਸਮਾਂ ਇਸ ਦੀ ਕੀਮਤ ਅਦਾ ਕਰਦਾ ਹੈ।

ਭਾਰਤ ਦੀ ਇੱਕ ਹੋਰ ਅਣਕਹੀ ਸਮੱਸਿਆ ਜਨਤਕ ਥਾਵਾਂ ਨਾਲ ਸਾਡਾ ਰਿਸ਼ਤਾ ਹੈ। ਸੜਕ, ਬੱਸ, ਰੇਲਵੇ ਸਟੇਸ਼ਨ, ਪਾਰਕ, ਫੁੱਟਪਾਥ, ਸਰਕਾਰੀ ਇਮਾਰਤ. ਇਹ ਸਭ ਸਾਂਝੇ ਸਰੋਤ ਹਨ। ਪਰ ਅਸੀਂ ਅਕਸਰ 'ਮੇਰਾ ਹੱਕ' ਤਾਂ ਯਾਦ ਰੱਖਦੇ ਹਾਂ, 'ਦੂਜੇ ਦਾ ਹੱਕ' ਭੁੱਲ ਜਾਂਦੇ ਹਾਂ।

ਕੂੜਾ ਸੜਕ 'ਤੇ ਸੁੱਟਣਾ, ਫੁੱਟਪਾਥ ਘੇਰਨਾ, ਗਲਤ ਪਾਰਕਿੰਗ, ਕਤਾਰ ਤੋੜਨਾ ਜਾਂ ਜਨਤਕ ਸੰਪਤੀ ਨੂੰ ਨਿੱਜੀ ਵਰਤੋਂ ਵਿੱਚ ਲਿਆਉਣਾ ਸਿਰਫ਼ ਵਿਅਕਤੀਗਤ ਬਦਅਨੁਸ਼ਾਸਨੀ ਨਹੀਂ। ਇਹ ਸਾਂਝੀ ਨਾਗਰਿਕਤਾ ਦੀ ਕਮਜ਼ੋਰੀ ਦਾ ਸੰਕੇਤ ਹੈ।

ਜਿਸ ਸਮਾਜ ਵਿੱਚ ਜਨਤਕ ਥਾਂ ਨੂੰ 'ਕਿਸੇ ਹੋਰ ਦੀ ਜ਼ਿੰਮੇਵਾਰੀ' ਸਮਝਿਆ ਜਾਂਦਾ ਹੈ, ਉੱਥੇ ਬੁਨਿਆਦੀ ਢਾਂਚਾ ਬਣਾਉਣਾ ਹੀ ਕਾਫ਼ੀ ਨਹੀਂ, ਉਸ ਦੀ ਸਾਂਝੀ ਵਰਤੋਂ ਦੀ ਸੰਸਕ੍ਰਿਤੀ ਵੀ ਬਣਾਉਣੀ ਪੈਂਦੀ ਹੈ। ਰਾਜਸਥਾਨ ਵਿਖੇ ਕੋਟਾ ਦੀ ਕੋਚਿੰਗ ਸੰਸਕ੍ਰਿਤੀ ਭਾਰਤ ਦੀ ਸਿੱਖਿਆ ਪ੍ਰਣਾਲੀ ਦੇ ਇੱਕ ਵੱਡੇ ਵਿਰੋਧਾਭਾਸ ਨੂੰ ਸਾਹਮਣੇ ਲਿਆਉਂਦੀ ਹੈ।

2023 ਵਿੱਚ ਪ੍ਰਕਾਸ਼ਿਤ ਇੱਕ ਮੁਕਾਬਲਤਨ ਪੜਚੋਲ ਵਿੱਚ ਕੋਟਾ ਦੇ ਕੋਚਿੰਗ ਅਤੇ ਗੈਰ-ਕੋਚਿੰਗ ਵਿਦਿਆਰਥੀਆਂ ਦੀ ਜਾਂਚ ਕੀਤੀ ਗਈ। ਅਧਿਐਨ ਵਿੱਚ 44.45 ਫ਼ੀਸਦੀ ਕੋਚਿੰਗ ਵਿਦਿਆਰਥੀਆਂ ਵਿੱਚ ਉੱਚ ਪੱਧਰੀ ਅਕਾਦਮਿਕ ਤਣਾਅ ਮਿਲਿਆ, ਜਦਕਿ ਗੈਰ-ਕੋਚਿੰਗ ਸਮੂਹ ਵਿੱਚ ਇਹ ਅੰਕੜਾ 3.33 ਫ਼ੀਸਦੀ ਸੀ। ਇਹ ਇੱਕ ਸੀਮਤ ਨਮੂਨੇ ਵਾਲਾ ਅਧਿਐਨ ਸੀ, ਇਸ ਲਈ ਇਸ ਨੂੰ ਪੂਰੇ ਭਾਰਤ ਦੇ ਵਿਦਿਆਰਥੀਆਂ 'ਤੇ ਸਿੱਧਾ ਲਾਗੂ ਨਹੀਂ ਕੀਤਾ ਜਾ ਸਕਦਾ।

ਜੇ ਬੱਚੇ ਦੇ ਸਭ ਤੋਂ ਰਚਨਾਤਮਕ ਸਾਲ ਲਗਾਤਾਰ ਟੈਸਟ, ਰੈਂਕ, ਬੈਚ ਅਤੇ ਮੁਕਾਬਲੇ ਵਿੱਚ ਲੰਘ ਜਾਣ ਤਾਂ ਅਸੀਂ ਸ਼ਾਇਦ ਇੱਕ ਪ੍ਰੀਖਿਆਰਥੀ ਤਿਆਰ ਕਰ ਲਈਏ, ਪਰ ਕੀ ਅਸੀਂ ਇੱਕ ਖੋਜੀ, ਕਲਾਕਾਰ, ਉਦਯੋਗਪਤੀ ਜਾਂ ਸੁਤੰਤਰ ਵਿਚਾਰਕ ਵੀ ਤਿਆਰ ਕਰ ਰਹੇ ਹਾਂ ? 2025-26 ਵਿੱਚ ਪ੍ਰਕਾਸ਼ਿਤ ਮਨੋਚਿਕਿਤਸਕ ਸਾਹਿਤ ਨੇ ਕੋਚਿੰਗ ਕੇਂਦਰਾਂ, ਖ਼ਾਸ ਕਰਕੇ ਕੋਟਾ, ਵਿੱਚ ਵਿਦਿਆਰਥੀ ਮਾਨਸਿਕ ਸਿਹਤ ਨੂੰ ਸਮਾਜਿਕ ਅਤੇ ਸੰਸਥਾਗਤ ਪੱਧਰ 'ਤੇ ਦੇਖਣ ਦੀ ਲੋੜ ਉੱਭਾਰੀ ਹੈ।

ਜਿੱਥੇ ਲੱਖਾਂ ਉਮੀਦਵਾਰ ਸਾਲਾਂ ਦੀ ਤਿਆਰੀ, ਪੈਸਾ ਅਤੇ ਸਮਾਂ ਲਗਾਉਂਦੇ ਹਨ, ਉੱਥੇ ਪ੍ਰਸ਼ਨਪੱਤਰ ਦਾ ਭੇਦ ਟੁੱਟਣਾ ਪੂਰੀ ਚੋਣ ਪ੍ਰਣਾਲੀ ਦੀ ਭਰੋਸੇਯੋਗਤਾ ਨੂੰ ਝਟਕਾ ਦਿੰਦਾ ਹੈ। ਇਸੇ ਪਿਛੋਕੜ ਵਿੱਚ ਕੇਂਦਰ ਨੇ ਪ ਬ ਿ ਲ ਕ ਐਗਜ਼ਾਮੀਨੇਸ਼ਨਜ਼(ਪ੍ਰੀਵੈਂਸ਼ਨ ਆਫ ਅਨਫੇਅਰ ਸਾਧਨ ) ਐਕਟ , 2024 ਲਾਗੂ ਕੀਤਾ। ਕਾਨੂੰਨ ਵਿੱਚ ਪ੍ਰਸ਼ਨਪੱਤਰ ਜਾਂ ਉੱਤਰ-ਕੁੰਜੀ ਦੀ ਗੈਰ-ਅਧਿਕਾਰਤ ਪਹੁੰਚ ਜਾਂ ਲੀਕ, ਕੰਪਿਊਟਰ ਸਰੋਤਾਂ ਨਾਲ ਛੇੜਛਾੜ, ਨਕਲੀ ਪ੍ਰੀਖਿਆ ਅਤੇ ਪੈਸੇ ਲਈ ਧੋਖਾਧੜੀ ਵਰਗੀਆਂ ਕਾਰਵਾਈਆਂ ਨੂੰ 'ਅਨੁਚਿਤ ਸਾਧਨਾਂ' ਵਿੱਚ ਸ਼ਾਮਲ ਕੀਤਾ ਗਿਆ ਹੈ।

ਪਰ ਕਾਨੂੰਨ ਬਣਾਉਣਾ ਅਤੇ ਪ੍ਰੀਖਿਆ ਪ੍ਰਣਾਲੀ ਵਿੱਚ ਭਰੋਸਾ ਪੈਦਾ ਕਰਨਾ ਦੋ ਵੱਖਰੀਆਂ ਚੀਜ਼ਾਂ ਹਨ।

ਭਾਰਤ ਦੀ ਵਿਭਿੰਨਤਾ ਉਸ ਦੀ ਤਾਕਤ ਹੈ, ਪਰ ਇਹੀ ਵਿਭਿੰਨਤਾ ਕਈ ਵਾਰ ਝੁਕਾਅ ਦਾ ਆਧਾਰ ਵੀ ਬਣ ਜਾਂਦੀ ਹੈ। ਉੱਤਰ-ਪੂਰਬੀ ਭਾਰਤ ਤੋਂ ਦਿੱਲੀ, ਬੈਂਗਲੂਰੂ, ਮੁੰਬਈ ਅਤੇ ਹੋਰ ਮਹਾਨਗਰਾਂ ਵਿੱਚ ਆਉਣ ਵਾਲੇ ਲੋਕਾਂ ਨਾਲ ਦਿੱਖ, ਭਾਸ਼ਾ, ਖਾਣ-ਪੀਣ ਅਤੇ ਸੱਭਿਆਚਾਰ ਦੇ ਆਧਾਰ 'ਤੇ ਭੇਦਭਾਵ ਬਾਰੇ ਸੰਸਥਾਮਕ ਖੋਜ ਅਤੇ ਸਰਕਾਰੀ ਦਸਤਾਵੇਜ਼ ਮੌਜੂਦ ਹਨ।

ਕੇਂਦਰੀ ਗ੍ਰਹਿ ਮੰਤਰਾਲੇ ਨੇ ਵੀ ਉੱਤਰ-ਪੂਰਬ ਦੇ ਲੋਕਾਂ ਵਿਰੁੱਧ ਨਸਲੀ ਭੇਦਭਾਵ ਨਾਲ ਜੁੜੀਆਂ ਸ਼ਿਕਾਇਤਾਂ ਦੀ ਨਿਗਰਾਨੀ ਲਈ ਕਮੇਟੀ ਅਤੇ ਨੋਡਲ ਅਧਿਕਾਰੀਆਂ ਵਰਗੇ ਪ੍ਰਬੰਧਾਂ ਦਾ ਜ਼ਿਕਰ ਕੀਤਾ ਹੈ। 2026 ਵਿੱਚ ਸਰਕਾਰ ਨੇ ਇਹ ਵੀ ਕਿਹਾ ਕਿ ਅਜਿਹੀਆਂ ਘਟਨਾਵਾਂ ਦਾ ਕੇਂਦਰੀ ਪੱਧਰ 'ਤੇ ਵੱਖਰਾ ਅੰਕੜਾ ਇਕੱਠਾ ਨਹੀਂ ਕੀਤਾ ਜਾਂਦਾ।

ਇੱਥੇ ਅਸਲ ਸਵਾਲ ਇਹ ਹੈ ਕਿ ਭਾਰਤੀ ਹੋਣ ਲਈ ਕੀ ਇੱਕੋ ਜਿਹਾ ਦਿਖਣਾ, ਬੋਲਣਾ ਜਾਂ ਖਾਣਾ ਜ਼ਰੂਰੀ ਹੈ ? ਭਾਰਤ ਦੀ ਏਕਤਾ ਦਾ ਅਰਥ ਇੱਕਸਾਰਤਾ ਨਹੀਂ. ਵੱਖਰੇ ਹੋ ਕੇ ਵੀ ਬਰਾਬਰ ਹੋਣਾ ਹੈ।

ਜੁਗਾੜ ਨੂੰ ਖੋਜ ਵਿੱਚ ਬਦਲਿਆ ਜਾ ਸਕਦਾ ਹੈ।
ਮੁਕਾਬਲੇ ਨੂੰ ਹੁਨਰ ਵਿੱਚ ਬਦਲਿਆ ਜਾ ਸਕਦਾ ਹੈ।
ਵਿਆਹ ਨੂੰ ਜਾਤ ਅਤੇ ਰੰਗ ਦੀ ਸੂਚੀ ਤੋਂ ਮਨੁੱਖੀ ਸਾਂਝ ਵਿੱਚ ਬਦਲਿਆ ਜਾ ਸਕਦਾ ਹੈ।
ਘਰੇਲੂ ਮਿਹਨਤ ਨੂੰ ਅਦਿੱਖ ਸਮਝਣ ਦੀ ਥਾਂ ਉਸ ਦੀ ਆਰਥਿਕ ਅਤੇ ਸਮਾਜਿਕ ਕੀਮਤ ਮੰਨੀ ਜਾ ਸਕਦੀ ਹੈ।
ਕੋਚਿੰਗ ਨੂੰ ਸਿਰਫ਼ ਅੰਕਾਂ ਦੀ ਮਸ਼ੀਨ ਬਣਾਉਣ ਦੀ ਥਾਂ ਵਿਦਿਆਰਥੀ ਦੇ ਮਾਨਸਿਕ ਵਿਕਾਸ ਨਾਲ ਜੋੜਿਆ ਜਾ ਸਕਦਾ ਹੈ।
ਪ੍ਰੀਖਿਆ ਨੂੰ ਭਰੋਸੇਯੋਗ ਬਣਾਉਣ ਲਈ ਤਕਨਾਲੋਜੀ ਦੇ ਨਾਲ ਜਵਾਬਦੇਹੀ ਵੀ ਵਧਾਈ ਜਾ ਸਕਦੀ ਹੈ।
ਅਤੇ 'ਚਾਰ ਲੋਕ ਕੀ ਕਹਿਣਗੇ' ਦੀ ਥਾਂ ਇਹ ਸਵਾਲ ਪੁੱਛਿਆ ਜਾ ਸਕਦਾ ਹੈ ਜੋ ਫ਼ੈਸਲਾ ਮੈਂ ਕਰ ਰਿਹਾ ਹਾਂ, ਕੀ ਉਹ ਨਿਆਂਸੰਗਤ, ਜ਼ਿੰਮੇਵਾਰ ਅਤੇ ਮੇਰੇ ਜੀਵਨ ਲਈ ਅਰਥਪੂਰਨ ਹੈ ?

ਇਹ ਇਸ ਗੱਲ ਵਿੱਚ ਵੀ ਮਾਪੀ ਜਾਵੇਗੀ ਕਿ ਇੱਕ ਨੌਜਵਾਨ ਅਸਫਲ ਹੋਣ ਤੋਂ ਬਾਅਦ ਕਿੰਨੀ ਇੱਜ਼ਤ ਨਾਲ ਦੁਬਾਰਾ ਖੜ੍ਹਾ ਹੋ ਸਕਦਾ ਹੈ। ਇੱਕ ਔਰਤ ਦੇ ਘਰੇਲੂ ਕੰਮ ਨੂੰ ਕਿੰਨੀ ਕਦਰ ਮਿਲਦੀ ਹੈ। ਇੱਕ ਵਿਦਿਆਰਥੀ ਨੂੰ ਰੈਂਕ ਤੋਂ ਇਲਾਵਾ ਆਪਣੀ ਪਛਾਣ ਬਣਾਉਣ ਦੀ ਕਿੰਨੀ ਆਜ਼ਾਦੀ ਹੈ। ਇੱਕ ਉੱਤਰ-ਪੂਰਬੀ ਭਾਰਤੀ ਨੂੰ ਆਪਣੇ ਹੀ ਦੇਸ਼ ਵਿੱਚ 'ਬਾਹਰਲਾ' ਮਹਿਸੂਸ ਨਾ ਕਰਨਾ ਪਵੇ ਅਤੇ ਇੱਕ ਆਮ ਨਾਗਰਿਕ ਜਨਤਕ ਥਾਂ ਨੂੰ ਆਪਣੀ ਨਿੱਜੀ ਜਾਇਦਾਦ ਨਹੀਂ, ਸਾਂਝੀ ਜ਼ਿੰਮੇਵਾਰੀ ਸਮਝੇ। ਕਿਉਂਕਿ ਕਿਸੇ ਵੀ ਦੇਸ਼ ਦੀ ਸਭ ਤੋਂ ਵੱਡੀ ਤਰੱਕੀ ਉਸ ਵੇਲੇ ਸ਼ੁਰੂ ਹੁੰਦੀ ਹੈ, ਜਦੋਂ ਸਮਾਜ ਆਪਣੀਆਂ ਕਮਜ਼ੋਰੀਆਂ ਨੂੰ ਲੁਕਾਉਣਾ ਛੱਡ ਕੇ ਉਨ੍ਹਾਂ ਨੂੰ ਸਮਝਣਾ ਸ਼ੁਰੂ ਕਰਦਾ ਹੈ।

## 70ਵੀਂਆ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਅੰਡਰ/14 ਲੜਕਿਆਂ ਦੇ ਵਾਲੀਬਾਲ ਮੁਕਾਬਲਿਆਂ ਦਾ ਹੋਇਆ ਆਗਾਜ਼

ਪਟਿਆਲਾ, 28 ਸਤੰਬਰ
-ਛਤਰਪਾਲ ਸਿੰਘ-



ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-14 ਲੜਕਿਆਂ ਦਾ ਵਾਲੀਬਾਲ ਟੂਰਨਾਮੈਂਟ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਸਿਵਲ ਲਾਈਨਜ਼ ਪਟਿਆਲਾ ਵਿਖੇ ਮਿਤੀ 28 ਸਤੰਬਰ ਤੋਂ 1 ਅਕਤੂਬਰ ਤੱਕ ਕਰਵਾਇਆ ਜਾ ਰਿਹਾ ਹੈ। ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਨੇ ਉਚੇਚੇ ਤੌਰ ਤੇ ਪਹੁੰਚ ਕੇ ਵਾਲੀਬਾਲ ਦੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਅੱਜ ਦੇ ਹੋਏ ਮੁਕਾਬਲਿਆਂ ਵਿੱਚ ਗੁਰਦਾਸਪੁਰ ਦੇ ਰੂਪ ਨਗਰ ਨੂੰ,ਹੁਸ਼ਿਆਰਪੁਰ ਨੇ ਫਤਿਹਗੜ੍ਹ ਸਾਹਿਬ ਨੂੰ,ਕਪੂਰਥਲੇ ਨੇ ਸ਼ਹੀਦ ਭਗਤ ਸਿੰਘ ਨਗਰ ਨੂੰ, ਪਠਾਨਕੋਟ ਨੇ ਮੋਗੇ ਨੂੰ ਹਰਾਇਆ।ਇਸ ਮੌਕੇ ਤੇ ਰਾਜਿੰਦਰ ਸਿੰਘ,ਦਵਿੰਦਰ ਸਿੰਘ,ਭਰਪੂਰ ਸਿੰਘ, ਗੁਰਪ੍ਰੀਤ ਸਿੰਘ ਟਿਵਾਣਾ,ਰੁਪਿੰਦਰ ਕੌਰ, ਕੁਲਦੀਪ ਕੌਰ,ਹਰਪ੍ਰੀਤ ਕੌਰ, ਜਸਵੀਰ ਕੌਰ,ਜਸਵਿੰਦਰ ਖਾਨ, ਬਹਾਦਰ ਸਿੰਘ ,ਰਾਜਨਪ੍ਰੀਤ ਕੌਰ,ਸ਼ਿਵ ਭੰਡੀਰ,ਰਾਕੇਸ਼ ਕੁਮਾਰ,ਸੁਨੀਲ ਕੁਮਾਰ,ਹਰਜੀਤ ਸਿੰਘ, ਬਲਕਾਰ ਸਿੰਘ ਆਦਿ ਹਾਜ਼ਰ ਸਨ।

## ਸ਼ਿਵ ਸੈਨਾ ਹਿੰਦੁਸਤਾਨ ਦੇ ਧਾਰਮਿਕ ਵਿੰਗ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੀ ਇੱਕ ਮਹੱਤਵਪੂਰਨ ਮੀਟਿੰਗ ਸ਼੍ਰੀ ਪਵਨ ਗੁਪਤਾ ਦੇ ਨਿਵਾਸ ਸਥਾਨ ਤੇ ਹੋਈ

ਪਟਿਆਲਾ, 28 ਸਤੰਬਰ
-ਵਿਸ਼ਾਲ ਗੁਪਤਾ-



ਸ਼ਿਵ ਸੈਨਾ ਹਿੰਦੁਸਤਾਨ ਦੇ ਧਾਰਮਿਕ ਵਿੰਗ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੀ ਇੱਕ ਮਹੱਤਵਪੂਰਨ ਮੀਟਿੰਗ ਪਾਰਟੀ ਦੇ ਰਾਸ਼ਟਰੀ ਕਨਵੀਨਰ ਸ਼੍ਰੀ ਪਵਨ ਗੁਪਤਾ ਦੇ ਨਿਵਾਸ ਸਥਾਨ 'ਤੇ ਹੋਈ।

ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੀ ਇਹ ਵਿਸ਼ੇਸ਼ ਮੀਟਿੰਗ ਸੰਗਠਨ ਨੂੰ ਮਜ਼ਬੂਤ ? ?ਕਰਨ ਅਤੇ ਸਨਾਤਨ ਹਿੰਦੂ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਇੱਕ ਖਾਸ ਯੋਜਨਾ ਤਿਆਰ ਕਰਨ ਲਈ ਆਯੋਜਿਤ ਕੀਤੀ ਗਈ ਸੀ।

ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਸੰਗਠਨ ਨੂੰ ਮਜ਼ਬੂਤ ? ?ਕਰਨ ਲਈ, ਪੰਜਾਬ ਅਤੇ ਖਾਸ ਕਰਕੇ ਦੇਸ਼ ਭਰ ਦੇ ਵੱਖ-ਵੱਖ ਰਾਜਾਂ ਵਿੱਚ ਸਨਾਤਨ ਧਰਮ ਲਈ ਕੰਮ ਕਰਨ ਵਾਲੇ ਲੋਕਾਂ ਨੂੰ ਜੋੜਨ ਲਈ ਇੱਕ ਰਣਨੀਤੀ ਤਿਆਰ ਕੀਤੀ ਗਈ। ਇਹ ਵੀ ਫੈਸਲਾ ਕੀਤਾ ਗਿਆ ਕਿ ਸਾਰੇ ਰਾਜਾਂ ਦੇ ਸਾਰੇ ਮੰਦਰਾਂ, ਜ਼ਿਲ੍ਹਾ ਅਤੇ ਸ਼ਹਿਰ ਪੱਧਰ 'ਤੇ ਕਮੇਟੀਆਂ ਅਤੇ ਭਜਨ ਸੰਕੀਰਤਨ ਸਮੂਹਾਂ ਨਾਲ ਸੰਪਰਕ ਕਰਨ ਅਤੇ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੀ ਅਗਵਾਈ ਹੇਠ ਸੰਗਠਨਾਤਮਕ ਪੱਧਰ 'ਤੇ ਉਨ੍ਹਾਂ ਨੂੰ ਸੰਗਠਿਤ ਕਰਨ ਦੇ ਯਤਨ ਕੀਤੇ ਜਾਣਗੇ।ਹਰ ਸਾਲ ਫਰਵਰੀ ਵਿੱਚ ਹੋਣ ਵਾਲਾ ਆਉਣ ਵਾਲਾ 19 ਵਾਂ ਸਾਲਾਨਾ ਸ਼੍ਰੀ ਹਨੂੰਮਾਨ ਚਾਲੀਸਾ ਜੀ ਦਾ ਪਾਠ ਸਮਾਰੋਹ ਇਸ ਸਾਲ ਵੱਡੇ ਪੱਧਰ 'ਤੇ ਆਯੋਜਿਤ ਕੀਤਾ ਜਾਵੇਗਾ, ਅਤੇ ਦੇਸ਼ ਦੇ ਪ੍ਰਸਿੱਧ ਸ਼ੰਕਰਾਚਾਰੀਆ ਜੀ ਮਹਾਰਾਜ ਨੂੰ ਸੱਦਾ ਦਿੱਤਾ ਜਾਵੇਗਾ।

ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੀ ਇਸ ਮੀਟਿੰਗ ਵਿੱਚ, ਪਾਰਟੀ ਦੇ ਰਾਸ਼ਟਰੀ ਕਨਵੀਨਰ ਸੰਚਾਲਕ, ਸ਼੍ਰੀ ਪਵਨ ਗੁਪਤਾ ਜੀ, ਪੰਜਾਬ ਦੇ ਸੂਬਾਈ ਪ੍ਰਧਾਨ, ਪ੍ਰਸਿੱਧ ਜੋਤਸ਼ੀ ਆਚਾਰੀਆ ਪੰਡਿਤ ਬਦਰੀ ਪ੍ਰਸਾਦ ਜੀ, ਧਾਰਮਿਕ ਪ੍ਰਚਾਰਕ ਸਕੱਤਰ ਸ਼੍ਰੀ ਪਵਨਜੀਤ ਸ਼ਰਮਾ, ਸ਼੍ਰੀ ਸੁਮਨ ਗੁਪਤਾ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ (ਮਹਿਲਾ ਵਿੰਗ) ਪੰਜਾਬ, ਸ਼ਿਵ ਸੈਨਾ ਹਿੰਦੁਸਤਾਨ ਤੋਂ ਵਿਸ਼ੇਸ਼ ਪ੍ਰਤੀਨਿਧੀ, ਸ਼੍ਰੀ ਸ਼ਮਾ ਕਾਂਤ ਪਾਂਡੇ ਸੀਨੀਅਰ ਉਪ ਪ੍ਰਧਾਨ ਪੰਜਾਬ, ਆਦਿ ਨੁਮਾਇੰਦੇ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਸਰਕਾਰੀ ਮਹਿੰਦਰਾ ਕਾਲਜ, ਪਟਿਆਲਾ ਵੱਲੋਂ ਭਗਤ ਸਿੰਘ ਦਾ 119ਵਾਂ ਜਨਮ ਦਿਵਸ ਮਨਾਇਆ ਗਿਆ



ਪਟਿਆਲਾ, 28 ਸਤੰਬਰ
-ਬਲਜੀਤ ਸਰਨਾ-

ਕਾਲਜ ਦੇ ਸਮੂਹ ਸਟਾਫ ਅਤੇ ਦੀ ਕਲਾਸ ਫੋਰ ਇੰਪਲਾਇਜ਼ ਯੂਨੀਅਨ ਸਬ ਕਮੇਟੀ ਸਰਕਾਰੀ ਮਹਿੰਦਰਾ ਕਾਲਜ, ਪਟਿਆਲਾ ਵੱਲੋਂ ਦਿਨ ਸੋਮਵਾਰ ਨੂੰ ਹਰ ਸਾਲ ਦੀ ਤਰ੍ਹਾਂ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਜੀ ਦਾ 119ਵਾਂ ਜਨਮ ਦਿਵਸ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਵਿਦਿਆਰਥੀ ਆਦਿ ਸ਼ਾਮਿਲ ਹੋਏ। ਇਸ ਮੌਕੇ ਦੌਰਾਨ ਕਾਲਜ ਪ੍ਰਿੰਸੀਪਲ ਡਾ. ਨਿਸ਼ਠਾ ਤ੍ਰਿਪਾਠੀ ਜੀ ਦੀ ਪ੍ਰਧਾਨਗੀ ਹੇਠ, ਕਾਲਜ ਵਾਈਸ ਪ੍ਰਿੰਸੀਪਲ ਡਾ. ਅੰਮ੍ਰਿਤ ਸਮਰਾ (ਕਾਲਜ ਬਰਸਰ), ਡਾ. ਸੁਵੀਰ ਸਿੰਘ, ਪ੍ਰੋ. ਪੁਨੀਤ, ਪ੍ਰੋ. ਕਰਮਜੀਤ ਸਿੰਘ, ਸ਼੍ਰੀ ਅਨੰਤਪਾਲ ਸਿੰਘ, ਕਾਲਜ ਦੇ ਸੀਨੀਅਰ ਅਸਿਸਟੈਂਟ ਸ਼੍ਰੀਮਤੀ ਕਮਲਜੀਤ ਕੌਰ, ਜੂਨੀਅਰ ਅਸਿਸਟੈਂਟ ਸ਼੍ਰੀ ਰਵਿੰਦਰ ਜੋਸ਼ੀ, ਜੂਨੀਅਰ ਅਸਿਸਟੈਂਟ ਸ਼੍ਰੀ ਜਸਵਿੰਦਰ ਸਿੰਘ, ਸ਼੍ਰੀ ਗਿਆਨ ਚੰਦ, ਸ਼੍ਰੀ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਕਾਲਜ ਦੇ ਕਲਾਸ ਫੋਰ ਪ੍ਰਧਾਨ ਰਾਮ ਲਾਲ ਰਾਮਾ ਵੱਲੋਂ ਵਿਦਿਆਰਥੀਆਂ ਨੂੰ ਸ਼ਹੀਦਾਂ ਦੀ ਜੀਵਨੀ ਬਾਰੇ ਸੰਬੋਧਨ ਕਰਦਿਆਂ ਇਹਨਾਂ ਸ਼ਹੀਦਾਂ ਦੀ ਸੋਚ ਉੱਤੇ ਪੈਰਾ ਦੇਣ ਦਾ ਪ੍ਰਣ ਲਿਆ। ਇਸ ਮੌਕੇ ਯੂਨੀਅਨ ਆਗੂ ਚੇਅਰਮੈਨ ਸ਼੍ਰੀ ਮਹਿੰਦਰ ਸਿੰਘ, ਸ਼੍ਰੀ ਬਲਜਿੰਦਰ ਸਿੰਘ (ਕੈਸ਼ੀਅਰ), ਸ਼੍ਰੀ ਮੁਕੇਸ਼ (ਸਕੱਤਰ), ਮੈਂਬਰ ਸ਼੍ਰੀ ਅਮਰਦੀਪ ਸਿੰਘ, ਸ਼੍ਰੀ ਰਜਤ ਰਾਮ, ਸ਼੍ਰੀਮਤੀ ਸੋਨੀਆ, ਸ਼੍ਰੀਮਤੀ ਸਰੀਕਾ, ਸ਼੍ਰੀਮਤੀ ਰਾਜ ਰਾਣੀ, ਸ਼੍ਰੀਮਤੀ ਪ੍ਰੋਮਿਲਾ, ਸ਼੍ਰੀਮਤੀ ਵੀਰਭਾਣ, ਨਵਦੀਪ ਸਿੰਘ, ਨਿਮਰ ਸਿੰਘ ਹਵਲਦਾਰ ਅਤੇ ਸਮੂਹ ਮੁਲਾਜਮ ਸ਼ਾਮਲ ਸਨ।









## ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਹੋਵੇ ਅਪਰਾਧਿਕ ਮਾਮਲਾ ਦਰਜ : ਮਹੰਤ ਖਨੌੜਾ

ਪਟਿਆਲਾ, 28 ਸਤੰਬਰ
-ਅਮਨਦੀਪ ਸੱਭਰਵਾਲ-
-ਸ਼ਹੀਦ-ਏ-ਆਜ਼ਮ-ਬਿਊਰੋ-

ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵੱਲੋਂ ਭਾਜਪਾ ਦੀ ਸ਼ਹਿ ਤੇ ਐਸ ਆਈ ਆਰ ਦੇ ਸਹਾਰੇ ਵੋਟਰ ਸੂਚੀਆਂ ਚੋਂ 13 ਕਰੋੜ ਤੋਂ ਵੱਧ ਵੋਟਰਾਂ ਦੇ ਨਾ ਕੱਟ ਕੇ ਵੋਟ ਚੋਰੀ ਕੀਤੀ ਗਈ ਹੈ ਜਿਸ ਨੂੰ ਲੈ ਕੇ ਅਜ ਮੁੱਖ ਚੋਣ ਕਮਿਸ਼ਨ ਖਿਲਾਫ ਸੰਗੀਨ ਧਰਾਵਾਂ ਤਹਿਤ ਮਾਮਲਾ ਦਰਜ ਕਰਕੇ ਇਸਨੂੰ ਜੇਲ ਭੇਜਣਾ ਚਾਹੀਦਾ ਹੈ ਜਿਸ ਨੇ ਦੇਸ਼ ਦੀ ਜਨਤਾ ਦੀਆਂ ਅੱਖਾਂ ਵਿੱਚ ਵੋਟਾਂ ਕੱਟ ਕੇ ਆਪਣੇ ਦੇਸ਼ ਅੰਦਰ ਹੀ ਵੱਡਾ ਧੋਖਾ ਕੀਤਾ ਅਜਿਹੇ ਵਿਅਕਤੀ ਖਿਲਾਫ ਦੇਸ਼ ਧਰੋਹ ਦਾ ਮਾਮਲਾ ਦਰਜ ਹੋਣਾ ਚਾਹੀਦਾ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪਟਿਆਲਾ ਦੇ ਦਿਹਾਤੀ ਦੇ ਸੀਨੀਅਰ ਕਾਂਗਰਸੀ ਆਗੂ ਮਹੰਤ ਹਰਵਿੰਦਰ ਖਨੌੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਖਨੌੜਾ ਨੇ ਕਿਹਾ ਕਿ ਇਸ ਨੂੰ ਤੁਰੰਤ ਨੌਕਰੀ ਨੂੰ ਲਾਂਭੇ ਕਰਕੇ ਗ੍ਰਿਫਤਾਰ ਕਰਨਾ ਚਾਹੀਦਾ ਹੈ ਤਾਂ ਜੋ ਮੁੜ ਤੋਂ ਕੋਈ ਵੀ ਅਧਿਕਾਰੀ ਕਿਸੇ ਪਾਰਟੀ ਦੀ ਸ਼ਹਿ ਤੇ ਅਜਿਹੀ ਘਨੂਣੀ ਹਰਕਤ ਨਾ ਕਰ ਸਕੇ ਉਹਨਾਂ ਕਿਹਾ ਕਿ ਇਹ ਪੂਰਾ ਵਿਵਾਦ ਇੱਕ ਮੀਡੀਆ ਰਿਪੋਰਟ ਦੇ ਸਾਹਮਣੇ ਆਉਣ ਤੋਂ ਸ਼ੁਰੂ ਹੋਇਆ ਹੈ।



# ਪੌਲੀਟਿਕਸ



## ਜ਼ਿਲ੍ਹਾ ਮੈਜਿਸਟਰੇਟ ਨੇ ਸ਼ਾਮ 06:00 ਵਜੇ ਤੋਂ ਸਵੇਰੇ 10:00 ਵਜੇ ਤੱਕ ਕੰਬਾਇਨਾਂ ਨਾਲ ਝੋਨੇ ਦੀ ਕਟਾਈ ਕਰਵਾਉਣ 'ਤੇ ਲਗਾਈ ਪਾਬੰਦੀ

**ਫ਼ਤਹਿਗੜ੍ਹ ਸਾਹਿਬ, 28 ਸਤੰਬਰ - ਜੀ. ਐਸ. ਤੁੰਗ- -ਸ਼ਹੀਦ-ਏ-ਆਜ਼ਮ-ਬਿਊਰੋ-**



ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੀ ਹਦੂਦ ਅੰਦਰ ਸ਼ਾਮ 06:00 ਵਜੇ ਤੋਂ ਸਵੇਰੇ 10:00 ਵਜੇ ਤੱਕ ਕੰਬਾਇਨਾਂ ਨਾਲ ਝੋਨੇ ਦੀ ਕਟਾਈ ਕਰਵਾਉਣ 'ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਜਾਰੀ ਕੀਤੇ ਮਨਾਹੀ ਹੁਕਮਾਂ ਵਿੱਚ ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਹੈ ਕਿ ਝੋਨੇ ਦੀ ਫਸਲ 'ਤੇ ਸ਼ਾਮ/ਰਾਤ ਸਮੇਂ ਤਰੇਲ ਪੈਣ ਕਾਰਨ ਫਸਲ ਸਿੱਲ੍ਹੀ ਹੋ ਜਾਂਦੀ ਹੈ । ਸਿੱਲ੍ਹੀ ਫਸਲ ਕੱਟਣ ਕਾਰਨ ਫਸਲ ਵਿੱਚ ਤੈਅ ਸਪੈਸ਼ੀਫਿਕੇਸ਼ਨ ਤੋਂ ਵੱਧ ਨਮੀਂ ਹੋ ਜਾਂਦੀ ਹੈ ਅਤੇ ਖਰੀਦ ਏਜੰਸੀਆਂ ਵੱਧ ਨਮੀਂ ਵਾਲੀ ਫਸਲ ਖਰੀਦਣ ਤੋਂ ਅਸਮਰਥ ਹੁੰਦੀਆਂ ਹਨ। ਇਸ ਤੋਂ ਇਲਾਵਾ ਕਿਸਾਨਾਂ ਨੂੰ ਵੀ ਬਿਨਾਂ ਕਾਰਨ ਮੰਡੀਆਂ ਵਿੱਚ ਖੱਜਲ ਹੋਣਾ ਪੈਂਦਾ ਹੈ। ਕਿਸਾਨਾਂ ਦੀ ਮੰਡੀਆਂ ਵਿੱਚ ਖੱਜਲ ਖੁਆਰੀ ਰੋਕਣ ਲਈ ਜਾਰੀ ਕੀਤੇ ਗਏ ਇਹ ਹੁਕਮ 30 ਨਵੰਬਰ, 2026 ਤੱਕ ਲਾਗੂ ਰਹਿਣਗੇ।

## ਖੇਡਾਂ ਵਤਨ ਪੰਜਾਬ ਦੀਆਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਦਾ ਸਫਲ ਮਾਧਿਅਮ ਬਣੀਆਂ : ਵਿਧਾਇਕ ਲਖਬੀਰ ਰਾਏ

**ਫ਼ਤਹਿਗੜ੍ਹ ਸਾਹਿਬ, 28 ਸਤੰਬਰ -ਜੀ. ਐਸ. ਤੁੰਗ- -ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀਆਂ 'ਖੇਡਾਂ ਵਤਨ ਪੰਜਾਬ ਦੀਆਂ' ਇੱਕ ਸਫਲ ਲੋਕ ਲਹਿਰ ਵਜੋਂ ਉਭਰ ਕੇ ਸਾਹਮਣੇ ਆਈਆਂ ਹਨ। ਇਹ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਫਤਹਿਗੜ੍ਹ ਸਾਹਿਬ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ-4' ਤਹਿਤ ਕਰਵਾਈਆਂ ਜਾ ਰਹੀਆਂ ਜ਼ਿਲ੍ਹਾ ਪੱਧਰੀ ਖੇਡਾਂ ਦੀ ਰਸਮੀ ਸ਼ੁਰੂਆਤ ਕਰਵਾਉਣ ਮੌਕੇ ਕੀਤਾ। ਵਿਧਾਇਕ ਰਾਏ ਨੇ ਕਿਹਾ ਕਿ 06 ਅਕਤੂਬਰ 2026 ਤੱਕ ਕਰਵਾਏ ਜਾ ਰਹੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦੌਰਾਨ ਕੁੱਲ 29 ਖੇਡਾਂ ਵਿੱਚ 14 ਸਾਲ ਤੋਂ 70 ਸਾਲ ਤੋਂ ਵੱਧ ਦੀ ਉਮਰ ਦੇ ਵੱਡੀ ਗਿਣਤੀ ਖਿਡਾਰੀਆਂ ਵੱਲੋਂ ਪੂਰੇ ਉਤਸ਼ਾਹ ਤੇ ਜੋਸ਼ ਨਾਲ ਹਿੱਸਾ ਲਿਆ ਜਾ ਰਿਹਾ ਹੈ ।

ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਸੂਬੇ ਦੀ ਅਹਿਮ ਤਾਕਤ ਹੈ ਅਤੇ ਸਰਕਾਰ ਵੱਲੋਂ ਨੌਜਵਾਨਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਦੇਣ ਲਈ ਖੇਡਾਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਦੇਣ ਅਤੇ ਉਨ੍ਹਾਂ ਨੂੰ ਸੂਬਾ ਤੇ ਕੌਮੀ ਪੱਧਰ 'ਤੇ ਆਪਣੀ ਪ੍ਰਤਿਭਾ ਦਿਖਾਉਣ ਲਈ ਢੁਕਵੇਂ ਮੌਕੇ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਜ਼ਿਲ੍ਹਾ ਖੇਡ ਅਫਸਰ ਸ੍ਰੀ ਹਰਪਿੰਦਰ ਸਿੰਘ ਨੇ ਦੱਸਿਆ ਕਿ ਬਾਬਾ ਬੰਦਾ ਸਿੰਘ ਬਹਾਦਰ ਇੰਜੀ. ਕਾਲਜ ਫਤਹਿਗੜ੍ਹ ਸਾਹਿਬ ਵਿਖੇ ਐਥਲੈਟਿਕਸ, ਬੈਡਮਿੰਟਨ ਅਤੇ ਕਿੱਕ ਬਾਕਸਿੰਗ, ਓਮ ਪ੍ਰਕਾਸ਼ ਬਾਂਸਲ ਸਕੂਲ, ਮੰਡੀ ਗੋਬਿੰਦਗੜ੍ਹ ਵਿਖੇ ਸ਼ੂਟਿੰਗ, ਤੈਰਾਕੀ ਅਤੇ ਰੋਲਰ ਸਕੇਟਿੰਗ ਦੇ ਮੁਕਾਬਲੇ ਸੈਫਰਨ ਸਿਟੀ ਸਕੂਲ ਫਤਹਿਗੜ੍ਹ ਸਾਹਿਬ ਵਿਖੇ ਕਰਵਾਏ ਗਏ।

ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਐਥਲੈਟਿਕਸ ਦੇ ਅੰਡਰ-21 ਲੜਕਿਆਂ ਦੀ 100 ਮੀਟਰ ਦੌੜ ਵਿੱਚ ਜਗਦੀਪ ਸਿੰਘ ਨੇ ਪਹਿਲਾ, ਸ਼ਿਵਮ ਗੁਪਤਾ ਨੇ ਦੂਜਾ ਅਤੇ ਜਸਕਰਨ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। 31-40 ਸਾਲ ਉਮਰ ਵਰਗ ਦੀ 100 ਮੀਟਰ ਦੌੜ ਵਿੱਚ ਸੰਦੀਪ ਕੁਮਾਰ ਪਹਿਲੇ, ਜਸਪਾਲ ਗਿਰ ਦੂਜੇ ਅਤੇ ਸੁਰਜੀਤ ਸਿੰਘ ਤੀਜੇ ਸਥਾਨ 'ਤੇ ਰਹੇ। ਉਨ੍ਹਾਂ ਦੱਸਿਆ ਕਿ ਅੰਡਰ-17 ਲੜਕਿਆਂ ਦੀ 3 ਕਿਲੋਮੀਟਰ ਰੇਸ ਵਾਕ ਮੁਕਾਬਲੇ ਵਿੱਚ ਜੋਬਨਪ੍ਰੀਤ ਸਿੰਘ ਨੇ ਪਹਿਲਾ, ਸਮੀਰ ਕੁਮਾਰ ਨੇ ਦੂਜਾ ਅਤੇ ਮਾਥਵ ਥਮਣ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਿੱਕ ਬਾਕਸਿੰਗ ਦੇ ਅੰਡਰ-14 ਲੜਕੀਆਂ ਲਾਈਟ ਕਾਂਟੈਕਟ ਵਰਗ ਵਿੱਚ ਪ੍ਰਭਲੀਨ ਕੌਰ ਅਤੇ ਆਰਤੀ ਨੇ ਆਪਣੇ-ਆਪਣੇ ਭਾਰ ਵਰਗਾਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-17 ਲੜਕੀਆਂ ਲਾਈਟ ਕਾਂਟੈਕਟ ਵਰਗ ਵਿੱਚ ਅੰਤਿਮਾ ਅਤੇ ਨਾਯੰਮੀ ਨੇ ਆਪਣੇ ਭਾਰ ਵਰਗਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।

ਉਨ੍ਹਾਂ ਦੱਸਿਆ ਕਿ ਤੈਰਾਕੀ ਦੇ ਅੰਡਰ-14 ਲੜਕੀਆਂ 50 ਮੀਟਰ ਬੈਕ ਸਟ੍ਰੋਕ ਈਵੈਂਟ ਵਿੱਚ ਲਵਨਿਆ ਗੁਪਤਾ ਨੇ ਪਹਿਲਾ ਅਤੇ ਗਿਤਾਂਸ਼ੀ ਕੌਸ਼ਲ ਨੇ ਦੂਜਾ ਸਥਾਨ ਹਾਸਲ ਕੀਤਾ।ਰੋਲਰ ਸਕੇਟਿੰਗ ਦੇ ਅੰਡਰ-14 ਲੜਕੀਆਂ ਇਨਲਾਈਨ 500 ਮੀਟਰ ਮੁਕਾਬਲੇ ਵਿੱਚ ਅਵਨੀਤ ਕੌਰ (ਲਾਲਾ ਲਾਜਪਤ ਰਾਏ ਸਕੂਲ, ਬੱਸੀ ਪਠਾਣਾ) ਪਹਿਲੇ, ਸੀਰਤ ਮਾਵੀ (ਸੈਕਰਡ ਹਾਰਟ ਸਕੂਲ, ਜਲਾਲਪੁਰ) ਦੂਜੇ ਅਤੇ ਸਹਿਜ ਕੌਰ (ਜੀ.ਪੀ.ਐਸ. ਸਕੂਲ, ਮੰਡੀ ਗੋਬਿੰਦਗੜ੍ਹ) ਤੀਜੇ ਸਥਾਨ 'ਤੇ ਰਹੀ।ਰੋਲਰ ਸਕੇਟਿੰਗ ਦੇ ਅੰਡਰ-17 ਲੜਕੀਆਂ ਕੁਆਡ ਸਕੇਟਸ ਮੁਕਾਬਲੇ ਵਿੱਚ ਗੁਰਸੀਰਤ ਕੌਰ (ਓ.ਪੀ. ਬਾਂਸਲ ਸਕੂਲ, ਮੰਡੀ ਗੋਬਿੰਦਗੜ੍ਹ) ਨੇ ਪਹਿਲਾ, ਭੂਮੀ ਸ਼ਰਮਾ (ਓ.ਪੀ. ਬਾਂਸਲ ਸਕੂਲ, ਮੰਡੀ ਗੋਬਿੰਦਗੜ੍ਹ) ਨੇ ਦੂਜਾ ਅਤੇ ਮਾਨਿਆ ਉਪਲ (ਲੇਡੀ ਲੋਰਡ ਸਕੂਲ, ਮੰਡੀ ਗੋਬਿੰਦਗੜ੍ਹ) ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਇਸ ਮੌਕੇ ਸ. ਪਰਨਮ ਸਿੰਘ ਬਰਾੜ ਡਾਇਰੈਕਟਰ ਸਪੋਰਟਸ ਰਿਮਟ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ, ਸ. ਵਿਨੈ ਪਨਵਾਰ,ਪ੍ਰਿੰਸੀਪਲ ਜਸਪ੍ਰੀਤ ਸਿੰਘ ਕਾਹਲੋਂ, ਜਸਵੀਰ ਸਿੰਘ, ਡੀ.ਐਮ. ਸਿੱਖਿਆ ਵਿਭਾਗ, ਰਾਹੁਲਦੀਪ ਸਿੰਘ, ਸ਼ਲਖਵੀਰ ਸਿੰਘ,ਮਨੀਸ਼ ਕੁਮਾਰ,ਸੁਖਦੀਪ ਸਿੰਘ, ਮਨੋਜ ਕੁਮਾਰ, ਮਨਜੀਤ ਸਿੰਘ, ਸ਼ ਯਾਦਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਖੇਡ ਪ੍ਰੇਮੀ ਹਾਜਰ ਸਨ।

## ਆਪ ਦੇ ਮੰਤਰੀਆਂ ਦੀਆਂ ਸਰਕਾਰੀ ਕੋਠੀਆਂ ਬਣੀਆਂ ਚਹੇਤਿਆਂ ਲਈ ਐਸ਼ੋ ਅਰਾਮ ਦਾ ਅੱਡਾ : ਭਾਨਰੀ

**ਪਟਿਆਲਾ, 28 ਸਤੰਬਰ -ਵਿਸ਼ਾਲ ਗੁਪਤਾ- -ਸ਼ਹੀਦ-ਏ-ਆਜ਼ਮ-ਬਿਊਰੋ-**



ਸੂਬੇ ਅੰਦਰ ਸਰਕਾਰ ਦੀਆਂ ਮਾੜੀਆਂ ਨੀਤੀਆਂ ਦੇ ਨਿੱਤ ਨਵੇਂ ਖੁਲਾਸੇ ਸਾਹਮਣੇ ਆ ਰਹੇ ਹਨ ਅਤੇ ਹੁਣ ਤਾਂ ਮੰਤਰੀ ਦੀਆਂ ਸਰਕਾਰੀ ਕੋਠੀਆਂ ਅੰਦਰ ਬਾਹਰਲੇ ਸੂਬਿਆਂ ਦੇ ਆਪਣੇ ਚਹੇਤਿਆਂ ਲਈ ਐਸ਼ ਅਰਾਮ ਦਾ ਅੱਡਾ ਬਣਦੀ ਜਾ ਰਹੀਆਂ ਜੇਕਰ ਕਿਸੇ ਨੇ ਪੀਜੀਆਈ ਲਈ ਇਲਾਜ ਕਰਵਾਉਣ ਲਈ ਜਾਣਾ ਹੁੰਦਾ ਹੈ ਤਾਂ ਉਹ ਆਪਣੇ ਆਪ ਨੂੰ ਸਰਕਾਰੀ ਕੋਠੀ ਵਿੱਚ ਨਜਾਇਜ਼ ਤੌਰ ਤੇ ਰਹਿਣ ਦਾ ਫਕਰ ਮਹਿਸੂਸ ਕਰ ਰਹੀ ਔਰਤ ਨੇ ਇਹ ਸਾਫ ਕਰ ਦਿੱਤਾ ਹੈ ਕਿ ਸੂਬੇ ਦੇ ਮੰਤਰੀਆਂ ਤੇ ਵਿਧਾਇਕਾਂ ਦੀ ਕੋਈ ਪੁੱਛ ਪ੍ਰਤੀਤ ਨਹੀਂ ਇੱਥੇ ਤਾਂ ਆਪ ਦੇ ਦਿੱਲੀ ਵਾਲੇ ਹੀ ਕਮਾਂਡਰ ਇਨ ਚੀਫ ਬਣੇ ਹੋਏ ਹਨ ਜੋ ਆਪਣੀਆਂ ਚੰਮ ਦੀਆਂ ਚਲਾਉਂਦੇ ਹੋਏ ਸੂਬੇ ਦੇ ਸਰਕਾਰੀ ਮੰਤਰੀ ਦੀਆਂ ਕੋਠੀਆਂ ਨੂੰ ਵੀ ਆਪਣੇ ਚਹੇਤੇ ਲਈ ਵਰਤ ਰਹੇ ਹਨ ਜੋ ਕਿ ਸੂਬੇ ਲਈ ਬੇਹੱਦ ਮੰਦਭਾਗੀ ਗੱਲ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਨਿਧੜਕ ਆਗੂ ਗੁਰਧਿਆਨ ਸਿੰਘ ਭਾਨਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਉਹਨਾਂ ਕਿਹਾ ਕਿ ਆਪ ਨੂੰ ਈਡੀ ਦਾ ਇਨਾ ਡਰ ਕਿਉ ਸਤਾ ਰਿਹਾ ਹੈ ਕਿ ਜਿੱਥੇ ਉਹਨਾਂ ਨੂੰ ਗਮਾਡਾ ਦਫਤਰ ਦੀ ਜਾਂਚ ਕਰਨ ਵੇਲੇ ਆਪ ਦੇ ਸਮਰਥਕਾਂ ਦਾ ਵਿਰੋਧ ਕਰਨਾ ਬੇਹਦ ਮਦਭਾਗੀ ਗੱਲ ਹੈ ਜੇਕਰ ਸਰਕਾਰ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ ਤਾਂ ਉਸ ਨੂੰ ਦੇਸ਼ ਦੀ ਸਰਵਉੱਚ ਏਜੰਸੀ ਈਡੀ ਦੀ ਰੇਡ ਦਾ ਡਰ ਨਹੀਂ ਹੋਣਾ ਚਾਹੀਦਾ ਜਿਸ ਤੇ ਹੁਣ ਤੱਕ ਪੰਜਾਬ ਦੇ ਮੁੱਖ ਮੰਤਰੀ ਦਾ ਕੋਈ ਵੀ ਸਪਸ਼ਟੀਕਰਨ ਕਰਨ ਸਾਹਮਣੇ ਨਹੀਂ ਆਇਆ ਜਿਸ ਤੋਂ ਸਾਫ ਪਤਾ ਚੱਲਦਾ ਹੈ ਕਿ ਸੂਬੇ ਅੰਦਰ ਦਿੱਲੀ ਦੇ ਆਪ ਨੇਤਾ ਸਮੁੱਚੇ ਵਿਭਾਗਾਂ ਅੰਦਰ ਆਪਣੀਆਂ ਮਰਜ਼ੀਆਂ ਤਹਿਤ ਅਧਿਕਾਰੀਆਂ ਤੋਂ ਕੰਮ ਕਰਵਾਉਣ ਵਿੱਚ ਲੱਗੇ ਹੋਏ ਹਨ ਜਿੱਥੇ ਸਰਕਾਰੀ ਖਜ਼ਾਨੇ ਨੂੰ ਵੀ ਦੋਵੇਂ ਹੱਥੀ ਲੁੱਟਿਆ ਜਾ ਰਿਹਾ ਹੈ ਜਿਸ ਨੂੰ ਲੈ ਕੇ ਪੰਜਾਬ ਦੀ ਸਮੁੱਚੀ ਆਪ ਲੀਡਰਸ਼ਿਪ ਚੁੱਪ ਹੈ ਉਹਨਾਂ ਕਿਹਾ ਕਿ ਮਾੜੀਆਂ ਨੀਤੀਆਂ ਸੂਬੇ ਤੇ ਆਮ ਲੋਕਾਂ ਨੂੰ ਵੀ ਲੈ ਡੁਬਦੀਆਂ ਹਨ ਜਿਸ ਦਾ ਖਮਿਆਜਾ ਪੰਜਾਬ ਦੇ ਲੋਕਾਂ ਨੂੰ ਭੁਗਤਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਉਹਨਾਂ ਕਿਹਾ ਕਿ ਅੱਜ ਪੰਜਾਬ ਦੇ ਹਾਲਾਤ ਮਾੜੇ ਹਨ ਜਿੱਥੇ ਦਿਨ ਦਿਹਾੜੇ ਲੁੱਟਾਂ ਖੋਹਾਂ ਕਤਲੇਆਮ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ ਜਿਸ ਵਕਤ ਸਰਕਾਰ ਦੀ ਕੋਈ ਨਿਗਾ ਨਹੀਂ ਇਹਨਾਂ ਵਾਰਦਾਤਾਂ ਤੋਂ ਸਾਫ ਝਲਕਦਾ ਹੈ ਕਿ ਸੂਬੇ ਅੰਦਰ ਲਾ ਐਂਡ ਆਰਡਰ ਦੀ ਹਾਲਤ ਬਿਲਕੁਲ ਖਸਤਾ ਹੋ ਚੁੱਕੀ ਹੈ

## ਪਿੰਡ ਰਾਮਪੁਰਾ ਜਵਾਹਰਵਾਲਾ ਵਿਖੇ ਵੱਖ-ਵੱਖ ਪਾਰਟੀਆਂ ਨੂੰ ਝਟਕਾ; 50 ਪਰਿਵਾਰ 'ਆਪ' ਵਿੱਚ ਸ਼ਾਮਲ

**ਲਹਿਰਾਗਾਗਾ, 28 ਸਤੰਬਰ -ਸ਼ਹੀਦ-ਏ-ਆਜ਼ਮ-ਬਿਊਰੋ-**



ਵਿਧਾਨ ਸਭਾ ਹਲਕਾ ਲਹਿਰਾਗਾਗਾ ਦੇ ਪਿੰਡ ਰਾਮਪੁਰਾ ਜਵਾਹਰਵਾਲਾ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ, ਜਦੋਂ ਪਿੰਡ ਦੇ ਕਰੀਬ 50 ਪਰਿਵਾਰ ਵੱਖ-ਵੱਖ ਰਵਾਇਤੀ ਸਿਆਸੀ ਪਾਰਟੀਆਂ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਹ ਸਮਾਗਮ ਪੰਚਾਇਤ ਮੈਂਬਰ ਜਸਵਿੰਦਰ ਸਿੰਘ ਦੇ ਗ੍ਰਹਿ ਵਿਖੇ ਕਰਵਾਇਆ ਗਿਆ।

ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਅਤੇ ਮੋਹਤਬਰ ਵਿਅਕਤੀਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਰੇਕ ਸਾਥੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀਆਂ ਸੇਵਾਵਾਂ ਦਾ ਪਾਰਟੀ ਤੇ ਹਲਕੇ ਦੀ ਬਿਹਤਰੀ ਲਈ ਸੁਚੱਜੇ ਢੰਗ ਨਾਲ ਲਾਭ ਲਿਆ ਜਾਵੇਗਾ।

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਮੁਫ਼ਤ ਬਿਜਲੀ, ਰੁਜ਼ਗਾਰ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਕਾਰਜਾਂ ਤੋਂ ਸੂਬੇ ਦਾ ਹਰ ਵਰਗ ਪ੍ਰਭਾਵਿਤ ਹੈ। ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪਾਰਦਰਸ਼ੀ ਕਾਰਜਸ਼ੈਲੀ ਸਦਕਾ ਲੋਕਾਂ ਦਾ ਆਮ ਆਦਮੀ ਪਾਰਟੀ ਪ੍ਰਤੀ ਵਿਸ਼ਵਾਸ ਲਗਾਤਾਰ ਵਧ ਰਿਹਾ ਹੈ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਆਮ ਲੋਕਾਂ ਨੂੰ ਸਿਰਫ਼ ਵੋਟ ਬੈਂਕ ਵਜੋਂ ਵਰਤਿਆ, ਜਦਕਿ 'ਆਪ' ਸਰਕਾਰ ਨੇ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਨੂੰ ਪਹਿਲ ਦਿੰਦਿਆਂ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਦਿਖਾਇਆ ਹੈ। ਹਲਕਾ ਲਹਿਰਾਗਾਗਾ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਬਿਨਾਂ ਕਿਸੇ ਪੱਖਪਾਤ ਤੋਂ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ।

ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੂੰ ਸੱਦਾ ਦਿੱਤਾ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਅਤੇ ਪ੍ਰਾਪਤੀਆਂ ਨੂੰ ਘਰ-ਘਰ ਪਹੁੰਚਾਉਣ ਦੇ ਨਾਲ-ਨਾਲ ਲੋਕ ਸੇਵਾ ਵਿੱਚ ਸਰਗਰਮ ਭੂਮਿਕਾ ਨਿਭਾਉਣ। ਉਨ੍ਹਾਂ ਕਿਹਾ ਕਿ ਨਵੇਂ ਸਾਥੀਆਂ ਦੀ ਸ਼ਮੂਲੀਅਤ ਨਾਲ ਪਿੰਡ ਰਾਮਪੁਰਾ ਜਵਾਹਰਵਾਲਾ ਸਮੇਤ ਸਮੁੱਚੇ ਹਲਕੇ ਵਿੱਚ ਆਮ ਆਦਮੀ ਪਾਰਟੀ ਹੋਰ ਮਜ਼ਬੂਤ ਹੋਵੇਗੀ।

ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਨਾਲ ਜੁੜੇ ਹਨ। ਉਨ੍ਹਾਂ ਪਾਰਟੀ ਦੀ ਮਜ਼ਬੂਤੀ ਅਤੇ ਹਲਕੇ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਵੀ ਦਿੱਤਾ।

ਇਸ ਮੌਕੇ ਜਗਸੀਰ ਸਿੰਘ, ਜਗਜੀਤ ਸਿੰਘ, ਬੱਬਲਜੀਤ ਸਿੰਘ, ਗਗਨਦੀਪ ਸਿੰਘ, ਗੁਰਪੀਤ ਸਿੰਘ, ਸਤਿਨਾਮ ਸਿੰਘ, ਕੁਲਵਿੰਦਰ ਸਿੰਘ, ਸੁਖਚੈਨ ਸਿੰਘ, ਜੱਗੀ ਸਿੰਘ ਗੁਰਦਰਸ਼ਨ ਸਿੰਘ ਤੇ ਹੋਰ ਲੋਕਾਂ ਸਮੇਤ ਵੱਡੀ ਗਿਣਤੀ ਵਿੱਚ ਬੀਬੀਆਂ ਵੀ ਪਾਰਟੀ ਵਿੱਚ ਸ਼ਾਮਲ ਹੋਈਆਂ।

## 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਦਾ ਦੇ ਰਹੀ ਹੈ ਸੰਦੇਸ਼

**ਅਮਲੋਹ/ਫਤਹਿਗੜ੍ਹ ਸਾਹਿਬ, 28 ਸਤੰਬਰ, (ਗੁਰਮੀਤ ਸਿੰਘ ਤੁੰਗ) :** ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਫਿਲਮ ਪਿੰਡ-ਪਿੰਡ ਦਿਖਾਉਣ ਦੀ ਮੁਹਿੰਮ ਤਹਿਤ ਸਰਹਿੰਦ ਬਲਾਕ ਦੇ ਪਿੰਡ ਮਲਕਪੁਰ, ਚਨਾਰਥਲ ਖੁਰਦ, ਚਰਨਾਰਥਲ ਕਲਾਂ ਅਤੇ ਅਮਲੋਹ ਬਲਾਕ ਦੇ ਪਿੰਡ ਚਹਿਲਾਂ, ਅਲਦਾਦਪੁਰ ਤੇ ਲੱਖਾ ਸਿੰਘ ਵਾਲਾ ਵਿਖੇ ਐਲ.ਈ.ਡੀ. ਸਕਰੀਨ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਫਿਲਮ ਦਿਖਾਈ ਗਈ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਦਾ ਉਦੇਸ਼ ਗੁਰੂ ਸਾਹਿਬ ਦੇ ਜੀਵਨ, ਵਿਚਾਰਧਾਰਾ, ਸਿੱਖਿਆਵਾਂ ਅਤੇ ਮਨੁੱਖਤਾ ਨੂੰ ਦਿੱਤੇ ਬਰਾਬਰੀ ਤੇ ਭਾਈਚਾਰਕ ਸਾਂਝ ਦੇ ਸੰਦੇਸ਼ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣਾ ਹੈ।

## ਕਰੀਬ 100 ਕਰੋੜ ਰੁਪਏ ਦੇ ਵਿਕਾਸ ਕਾਰਜਾਂ 'ਤੇ ਸਰਬਸੰਮਤੀ ਨਾਲ ਲੱਗੀ ਮੋਹਰ

**ਬਠਿੰਡਾ, 28 ਸਤੰਬਰ -ਗੁਰਤੇਜ ਅਤਲਾ-**



ਬਠਿੰਡਾ ਨਗਰ ਨਿਗਮ ਦੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੇ ਦੂਜੇ ਕਾਰਜਕਾਲ ਦੀ ਦੂਜੀ ਜਨਰਲ ਹਾਊਸ ਮੀਟਿੰਗ ਅੱਜ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੀ ਅਗਵਾਈ ਹੇਠ ਅਤੇ ਨਗਰ ਨਿਗਮ ਕਮਿਸ਼ਨਰ ਮੈਡਮ ਲਵਜੀਤ ਕਲਸੀ ਦੀ ਮੌਜੂਦਗੀ ਵਿੱਚ ਕਰਵਾਈ ਗਈ। ਮੀਟਿੰਗ ਦੌਰਾਨ ਸ਼ਹਿਰ ਦੇ ਵਿਕਾਸ ਨਾਲ ਸਬੰਧਤ ਵੱਖ-ਵੱਖ ਅਹਿਮ ਏਜੰਡਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਕਰੀਬ 100 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਨੂੰ ਸਰਬਸੰਮਤੀ ਨਾਲ ਮਨਜ਼ੂਰੀ ਦਿੱਤੀ ਗਈ।

ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਦੱਸਿਆ ਕਿ ਬਠਿੰਡਾ ਮਾਲਵਾ ਖੇਤਰ ਦਾ ਇਤਿਹਾਸਕ ਅਤੇ ਪ੍ਰਮੁੱਖ ਸ਼ਹਿਰ ਹੈ, ਜਦਕਿ ਕੈਨੇਡਾ ਦੇ ਸਰੀ ਸ਼ਹਿਰ ਵਿੱਚ ਵੱਡੀ ਗਿਣਤੀ ਵਿੱਚ ਪੰਜਾਬੀ ਭਾਈਚਾਰਾ ਵੱਸਦਾ ਹੈ। ਇਸ ਨੂੰ ਧਿਆਨ ਵਿੱਚ ਰੱਖਦਿਆਂ ਬਠਿੰਡਾ ਅਤੇ ਸਰੀ ਦਰਮਿਆਨ ਆਪਸੀ ਭਾਈਚਾਰਕ ਸਾਂਝ, ਸੱਭਿਆਚਾਰਕ ਅਦਾਨ-ਪ੍ਰਦਾਨ, ਵਪਾਰ, ਸਿੱਖਿਆ ਅਤੇ ਸ਼ਹਿਰੀ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸਿਸਟਰ ਸਿਟੀ ਸਮਝੌਤਾ ਸਥਾਪਤ ਕਰਨ ਦੀ ਪੇਸ਼ਕਸ਼ ਨੂੰ ਜਨਰਲ ਹਾਊਸ ਵੱਲੋਂ ਸਰਬਸੰਮਤੀ ਨਾਲ ਮਨਜ਼ੂਰੀ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਇਸ ਸਮਝੌਤੇ ਰਾਹੀਂ ਦੋਵਾਂ ਸ਼ਹਿਰਾਂ ਦਰਮਿਆਨ ਸ਼ਹਿਰੀ ਯੋਜਨਾਬੰਦੀ ਅਤੇ ਤਕਨੀਕੀ ਸਹਿਯੋਗ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਇਸ ਵਿੱਚ ਕੂੜਾ ਪ੍ਰਬੰਧਨ, ਜਲ ਸਪਲਾਈ, ਸੀਵਰੇਜ ਪ੍ਰਬੰਧ ਅਤੇ ਸਮਾਰਟ ਸਿਟੀ ਤਕਨੀਕਾਂ ਨਾਲ ਸਬੰਧਤ ਤਜਰਬੇ ਅਤੇ ਤਕਨੀਕ ਸਾਂਝੀ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਵਿਦਿਆਰਥੀਆਂ, ਅਧਿਆਪਕਾਂ, ਕਲਾਕਾਰਾਂ ਅਤੇ ਨੌਜਵਾਨਾਂ ਦੇ ਆਪਸੀ ਦੌਰਿਆਂ ਰਾਹੀਂ ਸੱਭਿਆਚਾਰਕ ਅਤੇ ਵਿੱਦਿਅਕ ਅਦਾਨ-ਪ੍ਰਦਾਨ ਨੂੰ ਵੀ ਉਤਸ਼ਾਹਿਤ ਕੀਤਾ ਜਾਵੇਗਾ।

ਮੇਅਰ ਨੇ ਕਿਹਾ ਕਿ ਸਿਸਟਰ ਸਿਟੀ ਸਬੰਧਾਂ ਰਾਹੀਂ ਸਥਾਨਕ ਉਦਯੋਗਾਂ, ਖੇਤੀਬਾੜੀ ਆਧਾਰਿਤ ਕਾਰੋਬਾਰਾਂ ਅਤੇ ਨਿਵੇਸ਼ ਦੇ ਨਵੇਂ ਮੌਕਿਆਂ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਵੀ ਕੰਮ ਕੀਤਾ ਜਾਵੇਗਾ। ਇਸ ਦੇ ਨਾਲ ਹੀ ਕੈਨੇਡਾ ਵਿੱਚ ਵੱਸਦੇ ਪ੍ਰਵਾਸੀ ਭਾਰਤੀ ਪਰਿਵਾਰਾਂ ਦਾ ਆਪਣੇ ਪਿੱਤਰੀ ਸ਼ਹਿਰ ਬਠਿੰਡਾ ਨਾਲ ਜੁੜਾਅ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪਹਿਲ ਬਠਿੰਡਾ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਨਵੇਂ ਮੌਕਿਆਂ ਨਾਲ ਜੋੜਨ ਦੀ ਦਿਸ਼ਾ ਵਿੱਚ ਅਹਿਮ ਕਦਮ ਸਾਬਤ ਹੋ ਸਕਦੀ ਹੈ।

ਸ੍ਰੀ ਮਹਿਤਾ ਨੇ ਦੱਸਿਆ ਕਿ ਜਨਰਲ ਹਾਊਸ ਦੀ ਮੀਟਿੰਗ ਵਿੱਚ ਗੁਰੂ ਨਾਨਕ ਨਗਰ, ਹਰਦੇਵ ਨਗਰ ਅਤੇ ਖੱਦਰ ਭੰਡਾਰ ਵਾਲੀ ਗਲੀ ਵਿੱਚ ਪਾਣੀ ਦੇ ਆਰ.ਓ. ਪਲਾਂਟ ਲਗਾਉਣ ਦਾ ਏਜੰਡਾ ਪਾਸ ਕੀਤਾ ਗਿਆ ਹੈ। ਇਸ ਦੇ ਨਾਲ ਹੀ ਐਸ.ਟੀ.ਪੀ. ਦੀ ਪੁਰਾਣੀ ਮਸ਼ੀਨਰੀ ਨੂੰ ਬਦਲਣ ਦਾ ਫੈਸਲਾ ਕੀਤਾ ਗਿਆ ਹੈ। ਮੋਹਣਾ ਬਸਤੀ ਅਤੇ ਉਧਮ ਸਿੰਘ ਨਗਰ ਵਿੱਚ ਨਵੇਂ ਡਿਸਪੋਜ਼ਲ ਲਗਾਏ ਜਾਣਗੇ, ਜਿਸ ਨਾਲ ਸਬੰਧਤ ਇਲਾਕਿਆਂ ਵਿੱਚ ਸੀਵਰੇਜ ਪ੍ਰਬੰਧ ਨੂੰ ਬਿਹਤਰ ਬਣਾਉਣ ਵਿੱਚ ਮਦਦ ਮਿਲੇਗੀ।

ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਸਪੋਰਟਸ ਅਰੀਨਾ ਵਿਕਸਿਤ ਕੀਤੇ ਜਾਣਗੇ। ਸ਼ਹਿਰ ਦੇ ਪਾਰਕਾਂ ਵਿੱਚ ਬੱਚਿਆਂ ਲਈ ਖੇਡਣ ਵਾਲੇ ਸਾਜ਼ੋ-ਸਾਮਾਨ ਲਗਾਏ ਜਾਣਗੇ ਅਤੇ ਪਾਰਕਾਂ ਵਿੱਚ ਓਪਨ ਏਅਰ ਜਿਮ ਸਥਾਪਤ ਕੀਤੇ ਜਾਣਗੇ। ਇਸ ਤੋਂ ਇਲਾਵਾ ਕਲਾਕ ਟਾਵਰ ਦੇ ਨਿਰਮਾਣ ਅਤੇ ਸਿਵੀਆਂ ਰੋਡ 'ਤੇ ਨਵੇਂ ਪਾਰਕ ਦੇ ਨਿਰਮਾਣ ਸਬੰਧੀ ਏਜੰਡਿਆਂ ਨੂੰ ਵੀ ਮਨਜ਼ੂਰੀ ਦਿੱਤੀ ਗਈ।

ਮੇਅਰ ਸ੍ਰੀ ਮਹਿਤਾ ਨੇ ਦੱਸਿਆ ਕਿ ਹਾਜੀ ਰਤਨ ਚੌਕ ਦੇ ਨੇੜੇ ਸਵਾਗਤੀ ਗੇਟ ਅਤੇ ਟੀਚਰ ਕਲੋਨੀ ਵਿੱਚ ਐਂਟਰੀ ਗੇਟ ਬਣਾਉਣ ਸਬੰਧੀ ਏਜੰਡੇ ਨੂੰ ਵੀ ਹਾਊਸ ਵੱਲੋਂ ਮਨਜ਼ੂਰੀ ਦਿੱਤੀ ਗਈ ਹੈ। ਇਸੇ ਤਰ੍ਹਾਂ ਜਨਤਾ ਨਗਰ ਵਿੱਚ ਸੁਵਿਧਾ ਕੇਂਦਰ ਸਥਾਪਤ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਵੀਰ ਕਲੋਨੀ ਵਿੱਚ ਰੇਨ ਵਾਟਰ ਹਾਰਵੈਸਟਿੰਗ ਸਿਸਟਮ ਲਗਾਇਆ ਜਾਵੇਗਾ ਅਤੇ ਸ਼ਹਿਰ ਵਿੱਚ ਕਰੀਬ 10 ਰੇਨ ਵਾਟਰ ਰੀਚਾਰਜ ਪੁਆਇੰਟ ਸਥਾਪਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਦੀ ਸੰਭਾਲ ਅਤੇ ਬਰਸਾਤੀ ਪਾਣੀ ਨੂੰ ਜ਼ਮੀਨ ਵਿੱਚ ਰੀਚਾਰਜ ਕਰਨ ਲਈ ਨਗਰ ਨਿਗਮ ਵੱਲੋਂ ਭਵਿੱਖ ਵਿੱਚ ਵੀ ਇਸ ਦਿਸ਼ਾ ਵਿੱਚ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾਵੇਗਾ।

ਮੇਅਰ ਨੇ ਕਿਹਾ ਕਿ ਧੋਬੀਆਣਾ ਬਸਤੀ ਅਤੇ ਰਾਣੀ ਬਾਗ ਵਿੱਚ ਪਹਿਲੀ ਵਾਰ ਸੀਵਰੇਜ ਅਤੇ ਵਾਟਰ ਸਪਲਾਈ ਪਾਈਪਲਾਈਨ ਪ੍ਰਾਜੈਕਟ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਬੁਨਿਆਦੀ ਸਹੂਲਤਾਂ ਦੀ ਲੋੜ ਮਹਿਸੂਸ ਕਰ ਰਹੇ ਇਲਾਕਿਆਂ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨਾ ਨਗਰ ਨਿਗਮ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ।

ਇਸ ਦੇ ਨਾਲ ਹੀ ਸ਼ਹਿਰ ਦੀਆਂ ਵੱਖ-ਵੱਖ ਸੜਕਾਂ ਦੇ ਸੁੰਦਰੀਕਰਨ, ਨਵੀਆਂ ਸੜਕਾਂ ਦੇ ਨਿਰਮਾਣ, ਪ੍ਰੀਮਿਕਸ ਕੰਮ, ਇੰਟਰਲਾਕਿੰਗ ਟਾਈਲਾਂ, ਸੀਵਰੇਜ ਅਤੇ ਵਾਟਰ ਸਪਲਾਈ ਸਮੇਤ ਹੋਰ ਬੁਨਿਆਦੀ ਢਾਂਚੇ ਨਾਲ ਸਬੰਧਤ ਕਈ ਪ੍ਰਾਜੈਕਟਾਂ ਨੂੰ ਵੀ ਹਾਊਸ ਵੱਲੋਂ ਮਨਜ਼ੂਰੀ ਦਿੱਤੀ ਗਈ।

ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਨਗਰ ਨਿਗਮ ਦਾ ਉਦੇਸ਼ ਸਿਰਫ਼ ਸੜਕਾਂ ਅਤੇ ਗਲੀਆਂ ਦਾ ਨਿਰਮਾਣ ਕਰਨਾ ਹੀ ਨਹੀਂ, ਸਗੋਂ ਬਠਿੰਡਾ ਨੂੰ ਇੱਕ ਆਧੁਨਿਕ, ਸੁੰਦਰ, ਸਾਫ਼-ਸੁਥਰਾ ਅਤੇ ਸਹੂਲਤਾਂ ਨਾਲ ਲੈਸ ਸ਼ਹਿਰ ਵਜੋਂ ਵਿਕਸਿਤ ਕਰਨਾ ਹੈ। ਇਸੇ ਸਬੰਧਤ ਵੱਖ-ਵੱਖ ਪ੍ਰਸਤਾਵ ਲਿਆਂਦੇ ਗਏ ਹਨ।

## ਫਾਜ਼ਿਲਕਾ ਤੋਂ ਅਮਿਤ ਰਿਨਵਾ ਨੇ ਮਾਰਕਿਟ ਕਮੇਟੀ ਦੇ ਚੇਅਰਮੈਨ ਅਤੇ ਅਤੁਲ ਨਾਗਪਾਲ ਨੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ

**ਫਾਜ਼ਿਲਕਾ, 28 ਸਤੰਬਰ -ਸ਼ਹੀਦ-ਏ-ਆਜ਼ਮ-ਬਿਊਰੋ-**



ਫਾਜ਼ਿਲਕਾ ਤੋਂ ਅਮਿਤ ਰਿਣਵਾ ਨੇ ਮਾਰਕੀਟ ਕਮੇਟੀ ਫਾਜ਼ਿਲਕਾ ਦੇ ਚੇਅਰਮੈਨ ਅਤੇ ਅਤੁਲ ਨਾਗਪਾਲ ਨੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲ ਲਿਆ ਹੈ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਨਵ ਨਿਯੁਕਤ ਚੇਅਰਮੈਨਾਂ ਨੂੰ ਵਧਾਈ ਦਿੱਤੀ ਅਤੇ ਇਸ ਖੁਸ਼ੀ ਦੇ ਮੌਕੇ @ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲੇ ਦਿਨ ਤੋਂ ਹੀ ਲੋਕ ਹਿੱਤ ਵਿੱਚ ਅਣਗਿਣਤ ਫੈਸਲੇ ਲੈ ਕੇ ਅਨੇਕਾਂ ਹੀ ਕੰਮ ਕੀਤੇ ਹਨ ਅਤੇ ਅੱਗੇ ਵੀ ਇਹ ਜਾਰੀ ਰਹਿਣਗੇ।

ਕੈਬਨਿਟ ਮੰਤਰੀ ਡਾ.ਬਲਜੀਤ ਕੌਰ ਨੇ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਆਪ ਸੁਪਰੀਮੋ ਸ੍ਰੀ. ਅਰਵਿੰਦ ਕੇਜਰੀਵਾਲ ਵੱਲੋਂ ਲਏ ਮਹੱਤਵਪੂਰਨ ਫੈਸਲਿਆਂ ਸਦਕਾ ਹੀ ਅੱਜ ਉਹ ਏਡੇ ਵੱਡੇ ਮਹੱਤਵਪੂਰਨ ਅਹੁਦਿਆਂ ਤੇ ਤੈਨਾਤ ਹੋਏ ਹਨ ਤੇ ਉਹ ਵੀ ਲੋਕਾਂ ਪ੍ਰਤੀ ਆਪਣੀ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਤੁਸੀਂ ਕਿਸਮਤ ਵਾਲੇ ਹੋ ਜੋ ਤੁਹਾਨੂੰ ਲੋਕਾਂ ਖਾਸ ਕਰ ਆਪਣੇ ਹਲਕੇ ਦੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ ਤੇ ਤੁਸੀਂ ਇਸ ਮਿਲੇ ਅਣਮੋਲ ਮੌਕੇ ਨੂੰ ਲੋਕਾਂ ਦੀ ਸੇਵਾ ਲਈ ਬਿਤਾਓ ਤੇ ਉਨ੍ਹਾਂ ਦੇ ਰੁਕੇ ਹੋਏ ਕੰਮ ਪਹਿਲ ਦੇ ਆਧਾਰ ਤੇ ਕਰੋ ਤਾਂ ਕਿ ਲੋਕ ਵੀ ਤੁਹਾਨੂੰ ਯਾਦ ਕਰਨ ਕਿ ਇੱਕ ਚੰਗਾ ਵਿਅਕਤੀ ਕੁਰਸੀ ਤੇ ਬਿਰਾਜਮਾਨ ਹੈ ਜੋ ਦਿਨ ਰਾਤ ਆਪਣੇ ਕੰਮ ਮਿਹਨਤ ਤੇ ਇਮਾਨਦਾਰੀ ਨਾਲ ਕਰ ਰਿਹਾ ਹੈ।

ਇਸ ਉਪਰੰਤ ਵਿਧਾਇਕ ਫਾਜ਼ਿਲਕਾ ਸ੍ਰੀ. ਨਰਿੰਦਰਪਾਲ ਸਿੰਘ ਸਵਨਾ ਤੇ ਵਿਧਾਇਕ ਜਲਾਲਾਬਾਦ ਸ੍ਰੀ. ਜਗਦੀਪ ਕੰਬੋਜ ਗੋਲਡੀ, ਵਿਧਾਇਕ ਬੱਲੂਆਣਾ ਤੋਂ ਵਿਧਾਇਕ ਗੋਲਡੀ ਮੁਸਾਫ਼ਿਰ ਨੇ ਨਵ ਨਿਯੁਕਤ ਚੇਅਰਮੈਨ ਇੰਪਰੂਵਮੈਂਟ ਟਰੱਸਟ ਫਾਜ਼ਿਲਕਾ ਅਤੁਲ ਨਾਗਪਾਲ ਅਤੇ ਨਵ ਨਿਯੁਕਤ ਚੇਅਰਮੈਨ ਮਾਰਕਿਟ ਕਮੇਟੀ ਅਮਿਤ ਰਿਨਵਾ ਨੂੰ ਵਧਾਈ ਦਿੱਤੀ ਤੇ ਨਾਲ ਹੀ ਉੱਥੇ ਆਈ ਸਮੂਹ ਹਾਜ਼ਰੀਨ ਨੂੰ ਵੀ ਵਧਾਈ ਦਿੱਤੀ ਤੇ ਉੱਥੇ ਪਹੁੰਚਣ ਤੇ ਉਨ੍ਹਾਂ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਕਿਹਾ ਕਿ ਸਾਡੇ ਇਨ੍ਹਾਂ ਨਵ ਨਿਯੁਕਤ ਚੇਅਰਮੈਨਾਂ ਕੋਲ ਜੋ ਵੀ ਮੁਸ਼ਕਲਾਂ ਲੈ ਕੇ ਲੋਕ ਆਉਣਗੇ ਮੈਨੂੰ ਉਮੀਦ ਹੈ ਕਿ ਇਹ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਜੇਕਰ ਮੇਰੇ ਤੱਕ ਵੀ ਕਿਸੇ ਤਰ੍ਹਾਂ ਦੀ ਮੁਸ਼ਕਲ ਲੈ ਕੇ ਆਉਣਗੇ ਤਾਂ ਉਸ ਮੁਸ਼ਕਲ ਦੇ ਹੱਲ ਲਈ ਮੈਂ ਸਰਕਾਰ ਦੇ ਧਿਆਨ ਵਿੱਚ ਲਿਆਂਵਾਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਇਮਾਨਦਾਰ, ਮਿਹਨਤੀ ਅਤੇ ਵਫਾਦਾਰ ਵਲੰਟੀਅਰਾਂ ਨੂੰ ਮਾਣ-ਸਤਿਕਾਰ ਦੇਣ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ ਸਾਡੀ ਸਰਕਾਰ ਨੇ ਜੋ ਵੀ ਗਰੰਟੀਆਂ ਲਈਆਂ ਸਨ ਉਹ ਪੂਰੀ ਕੀਤੀ ਹੈ ਭਾਵੇਂ ਬਿਜਲੀ ਮੁਆਫੀ, 10 ਲੱਖ ਦਾ ਮੁਫਤ ਇਲਾਜ, ਮੁੱਖ ਮੰਤਰੀ ਤੀਰਥ ਬੱਸ ਯੋਜਨਾ, ਮੁੱਖ ਮੰਤਰੀ ਮਾਵਾ ਧੀਆ ਸਤਿਕਾਰ ਯੋਜਨਾ, ਸਰਕਾਰੀ ਨੌਕਰੀਆਂ,ਨਹਿਰੀ ਪਾਣੀ, ਨਵੀਆਂ ਨਹਿਰਾਂ, ਸੜਕਾਂ, ਹਸਪਤਾਲਾਂ ਦਾ ਸੁਧਾਰ, ਆਧੁਨਿਕ ਮਸੀਨਾਂ ਨਾਲ ਹਸਪਤਾਲ ਲੈੱਸ ਆਦਿ ਪੂਰੀਆਂ ਕੀਤੀਆਂ ਹਨ।

ਐੱਸ.ਸੀ ਵਿੰਗ ਪ੍ਰਧਾਨ ਪੰਜਾਬ ਗੁਰਪ੍ਰੀਤ ਸਿੰਘ ਜੀ.ਪੀ ਅਤੇ ਚੇਅਰਮੈਨ ਪਲੈਨਿੰਗ ਬੋਰਡ ਉਪਕਾਰ ਸਿੰਘ ਜਾਖੜ ਨੇ ਨਵ ਨਿਯੁਕਤ ਚੇਅਰਮੈਨਾਂ ਨੂੰ ਸੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ ਦੀ ਵਫ਼ਾਦਾਰੀ ਅਤੇ ਮਿਹਨਤ ਦਾ ਮੁੱਲ ਪਾਇਆ ਹੈ। ਉਨ੍ਹਾਂ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਨਵ ਨਿਯੁਕਤ ਚੇਅਰਮੈਨਾਂ ਨੂੰ ਪੂਰੀ ਮਿਹਨਤ ਨਾਲ ਮਾਰਕੀਟ ਕਮੇਟੀ ਤੇ ਇੰਪਰੂਵਮੈਂਟ ਟਰੱਸਟ ਦੇ ਕੰਮਾਂ ਨੂੰ ਪੂਰਾ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਹਰ ਵਰਗ ਦੀ ਭਲਾਈ ਲਈ ਦਿਨ-ਰਾਤ ਤਨਦੇਹੀ ਨਾਲ ਕੰਮ ਕਰ ਰਹੀ ਹੈ।ਇਸ ਮੌਕੇ ਮਾਰਕੀਟ ਕਮੇਟੀ ਦੇ ਸਕੱਤਰ ਮਨਦੀਪ ਕੁਮਾਰ, ਕਾਰਜ ਸਾਧਕ ਅਫਸਰ ਇੰਪਰੂਵਮੈਂਟ ਟਰੱਸਟ ਪਰਮਿੰਦਰ ਸਿੰਘ ਗਿੱਲ, ਜੇਈ ਸਤਨਾਮ ਸਿੰਘ, ਆਪ ਆਗੂ ਅਰੁਣ ਨਾਰੰਗ, ਜ਼ਿਲਾ ਪ੍ਰਧਾਨ ਉਪਕਾਰ ਸਿੰਘ ਜਾਖੜ ਸਮੇਤ ਆਮ ਆਦਮੀ ਪਾਰਟੀ ਦੇ ਵਰਕਰ ਤੇ ਆਗੂ ਹਾਜ਼ਰ ਸਨ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

## 'ਮਾਨ ਦੇ ਮੁਨਾਫ਼ੇ' ਮੁਹਿੰਮ: ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਪਿੰਡ ਮੇਹਰਗੜ੍ਹ ਬੱਤਾ ਵਿਖੇ ਕੀਤੀ ਡੋਰ-ਟੂ-ਡੋਰ ਮੁਲਾਕਾਤ



**ਸਨੌਰ,28 ਸਤੰਬਰ**
**-ਜੀ. ਐਸ. ਤੁੰਗ-**

ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਪਰਿਵਾਰਾਂ ਦੀ ਆਰਥਿਕ ਮਜ਼ਬੂਤੀ ਲਈ ਚਲਾਈ ਗਈ ਇਤਿਹਾਸਕ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਅੱਜ ਹਲਕਾ ਸਨੌਰ ਦੇ ਪਿੰਡ ਮੇਹਰਗੜ੍ਹ ਬੱਤਾ ਵਿਖੇ ਜ਼ੋਰਦਾਰ ਡੋਰ-ਟੂ-ਡੋਰ ਰਾਬਤਾ ਮੁਹਿੰਮ ਚਲਾਈ ਗਈ। ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਖ਼ੁਦ ਪਿੰਡ ਦੀਆਂ ਗਲੀਆਂ ਅਤੇ ਘਰਾਂ ਵਿੱਚ ਜਾ ਕੇ ਪਰਿਵਾਰਾਂ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਮੁਲਾਕਾਤ ਦੌਰਾਨ ਹਡਾਣਾ ਨੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮਾਨ ਸਰਕਾਰ ਵੱਲੋਂ ਜ਼ੀਰੋ ਬਿਜਲੀ ਬਿੱਲ, ਮਹਿਲਾਵਾਂ ਲਈ ਮੁਫ਼ਤ ਬੱਸ ਸਫ਼ਰ, ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਦਵਾਈਆਂ ਤੇ ਟੈਸਟ, ਸਰਕਾਰੀ ਸਕੂਲਾਂ 'ਚ ਮੁਫ਼ਤ ਪੜ੍ਹਾਈ ਅਤੇ ਮੁਫ਼ਤ ਤੀਰਥ ਯਾਤਰਾ ਵਰਗੀਆਂ ਗਰੰਟੀਆਂ ਨਾਲ ਹਰ ਪਰਿਵਾਰ ਨੂੰ ਸਾਲਾਨਾ ਲਗਭਗ 1.82 ਲੱਖ ਦਾ ਸਿੱਧਾ ਮੁਨਾਫ਼ਾ ਮਿਲ ਰਿਹਾ ਹੈ। ਇਸ ਤੋਂ ਇਲਾਵਾ ਖੇਤਾਂ ਦੀਆਂ ਮੋਟਰਾਂ ਲਈ ਮੁਫ਼ਤ ਬਿਜਲੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਲਈ 10 ਲੱਖ ਤੱਕ ਦਾ ਸਿਹਤ ਬੀਮਾ ਆਮ ਲੋਕਾਂ ਲਈ ਵੱਡੀ ਢਾਲ ਸਾਬਤ ਹੋ ਰਿਹਾ ਹੈ।

ਇਸ ਮੌਕੇ ਪਿੰਡ ਮੇਹਰਗੜ੍ਹ ਬੱਤਾ ਦੇ ਵਸਨੀਕਾਂ ਨੇ ਵੀ ਮਾਨ ਸਰਕਾਰ ਦੇ ਲੋਕ-ਹਿਤੈਸ਼ੀ ਕੰਮਾਂ 'ਤੇ ਪੂਰਨ ਤਸੱਲੀ ਤੇ ਭਰੋਸਾ ਪ੍ਰਗਟ ਕਰਦਿਆਂ ਕਿਹਾ ਕਿ ਪਹਿਲੀ ਵਾਰ ਅਜਿਹੀ ਸਰਕਾਰ ਆਈ ਹੈ ਜਿਸਨੇ ਆਮ ਲੋਕਾਂ ਦੀ ਜੇਬ ਦਾ ਖ਼ਰਚਾ ਘਟਾ ਕੇ ਬੱਚਤ ਕੀਤੀ ਹੈ। ਪਿੰਡ ਵਾਸੀਆਂ ਨੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੂੰ ਭਰੋਸਾ ਦਿਵਾਇਆ ਕਿ ਉਹ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਡੱਟ ਕੇ ਸਾਥ ਦੇਣਗੇ ਅਤੇ ਹਲਕੇ ਤੋਂ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਮੁੜ ਸਰਕਾਰ ਬਣਾਉਣਗੇ।

ਹਡਾਣਾ ਨੇ ਪਿੰਡ ਵਾਸੀਆਂ ਵੱਲੋਂ ਮਿਲੇ ਸਮਰਥਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਹਲਕਾ ਸਨੌਰ ਦੇ ਹਰੇਕ ਨਾਗਰਿਕ ਤੱਕ ਸਰਕਾਰੀ ਸਹੂਲਤਾਂ ਪਹੁੰਚਾਉਣਾ ਅਤੇ ਇਲਾਕੇ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਉਣਾ ਹੀ ਉਨ੍ਹਾਂ ਦਾ ਮੁੱਖ ਟੀਚਾ ਹੈ।

ਇਸ ਮੌਕੇ ਬਲਾਕ ਸੰਮਤੀ ਮੈਂਬਰ ਮਨਦੀਪ ਸਿੰਘ ਬੱਤੀ, ਬਲਾਕ ਸੰਮਤੀ ਮੈਂਬਰ ਗੁਰਿੰਦਰ ਅਦਾਲਤੀ ਵਾਲਾ, ਬਲਾਕ ਪ੍ਰਧਾਨ ਅਮਨ ਸ਼ਾਦੀਪੁਰ, ਪ੍ਰਿੰਸੀਪਲ ਕਰਮਜੀਤ ਸਿੰਘ, ਐਮਸੀ ਵਿਕਾਸ ਅਟਵਾਲ, ਸਿੰਘ ਤੋਂ ਇਲਾਵਾ ਪਿੰਡ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਮੇਰਾ ਯੁਵਾ ਭਾਰਤ ਚੰਡੀਗੜ੍ਹ ਵੱਲੋਂ ਜੀਐੱਮਐੱਸਐੱਚ-16 ਵਿਖੇ ਮੇਰੀ ਸਿਹਤ, ਮੇਰਾ ਗੌਰਵ ਪ੍ਰੋਗਰਾਮ ਆਯੋਜਿਤ



**ਚੰਡੀਗੜ੍ਹ, 28 ਸਤੰਬਰ**
**-ਹਰਮਨਪ੍ਰੀਤ ਕੌਰ-**

ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਤਹਿਤ 'ਮੇਰਾ ਯੁਵਾ ਭਾਰਤ ਚੰਡੀਗੜ੍ਹ' ਨੇ ਸਰਕਾਰੀ ਮਲਟੀ-ਸਪੈਸ਼ਲਿਟੀ ਹਸਪਤਾਲ (ਜੀਐੱਮਐੱਸਐੱਚ), ਸੈਕਟਰ 16, ਚੰਡੀਗੜ੍ਹ ਦੇ ਸਹਿਯੋਗ ਨਾਲ ਨਸ਼ਾ ਮੁਕਤ ਯੁਵਾ ਫੌਰ ਵਿਕਸਿਤ ਭਾਰਤ ਮੁਹਿੰਮ ਦੇ '100 ਐਤਵਾਰ' ਪ੍ਰੋਗਰਾਮ ਦੇ ਤਹਿਤ ਮੇਰੀ ਸਿਹਤ, ਮੇਰਾ ਗੌਰਵ ਪ੍ਰੋਗਰਾਮ ਆਯੋਜਿਤ ਕੀਤਾ। ਇਸ ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਵਿੱਚ ਤੰਦਰੁਸਤ ਜੀਵਨਸ਼ੈਲੀ, ਪੋਸ਼ਣ, ਮਾਨਸਿਕ ਸਿਹਤ, ਬਿਮਾਰੀਆਂ ਤੋਂ ਬਚਾਅ ਅਤੇ ਨਸ਼ੇ ਦੇ ਦੁਸ਼ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਸੀ। ਮੇਰੀ ਸਿਹਤ, ਮੇਰਾ ਗੌਰਵ ਵਿਸ਼ਾ '100 ਐਤਵਾਰ' ਮੁਹਿੰਮ ਦੇ ਦੂਜੇ ਐਤਵਾਰ ਦਾ ਹਿੱਸਾ ਹੈ। ਪ੍ਰੋਗਰਾਮ ਵਿੱਚ ਮੇਰਾ ਯੁਵਾ ਭਾਰਤ ਦੇ ਨੌਜਵਾਨ ਵਲੰਟੀਅਰਾਂ ਲਈ ਸਿਹਤ ਜਾਂਚ ਅਤੇ ਜਾਗਰੂਕਤਾ ਸੈਸ਼ਨਾਂ ਦੀ ਯੋਜਨਾ ਬਣਾਈ ਗਈ ਸੀ।

ਇਸ ਪ੍ਰੋਗਰਾਮ ਵਿੱਚ ਕੁੱਲ 155 ਮੇਰਾ ਯੁਵਾ ਭਾਰਤ ਦੇ ਵਲੰਟੀਅਰਾਂ ਨੇ ਭਾਗ ਲਿਆ। ਉਨ੍ਹਾਂ ਦੀ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਪੋਸ਼ਣ, ਤੰਦਰੁਸਤ ਜੀਵਨਸ਼ੈਲੀ ਅਤੇ ਨਸ਼ੇ ਦੇ ਸਰੀਰਕ ਤੇ ਮਾਨਸਿਕ ਸਿਹਤ 'ਤੇ ਪੈਣ ਵਾਲੇ ਦੁਸ਼ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਪ੍ਰੋਗਰਾਮ ਨੇ ਭਾਗ ਲੈਣ ਵਾਲੇ ਨੌਜਵਾਨਾਂ ਨੂੰ ਬਿਮਾਰੀਆਂ ਤੋਂ ਬਚਾਅ ਅਤੇ ਤੰਦਰੁਸਤ ਜੀਵਨਸ਼ੈਲੀ ਬਾਰੇ ਸਹੀ ਫੈਸਲੇ ਲੈਣ ਦੇ ਮਹੱਤਵ ਨੂੰ ਸਮਝਣ ਦਾ ਮੌਕਾ ਪ੍ਰਦਾਨ ਕੀਤਾ।

ਇਸ ਪ੍ਰੋਗਰਾਮ ਦਾ ਆਯੋਜਨ ਮੇਰਾ ਯੁਵਾ ਭਾਰਤ, ਯੂ.ਟੀ. ਚੰਡੀਗੜ੍ਹ ਦੇ ਡਾਇਰੈਕਟਰ ਸ਼੍ਰੀ ਸ਼ਿਵਧਨ ਸ਼ਰਮਾ ਦੇ ਮਾਰਗਦਰਸ਼ਨ ਵਿੱਚ ਕੀਤਾ ਗਿਆ। ਮੇਰਾ ਯੁਵਾ ਭਾਰਤ, ਚੰਡੀਗੜ੍ਹ ਦੇ ਜ਼ਿਲ੍ਹਾ ਯੁਵਾ ਅਧਿਕਾਰੀ ਸ਼੍ਰੀ ਵਿਨੈ ਕੁਮਾਰ ਅਤੇ ਲੇਖਾ ਅਤੇ ਪ੍ਰੋਗਰਾਮ ਸੁਪਰਵਾਇਜ਼ਰ ਸ਼੍ਰੀ ਹਰੀ ਪ੍ਰਕਾਸ਼ ਨੇ ਪ੍ਰੋਗਰਾਮ ਦੇ ਆਯੋਜਨ ਵਿੱਚ ਸਰਗਰਮ ਭੂਮਿਕਾ ਨਿਭਾਈ । ਜੀਐੱਮਐੱਸਐੱਚ-16 ਵੱਲੋਂ, ਡਿਪਟੀ ਮੈਡੀਕਲ ਸੁਪਰਡੈਂਟ, ਡਾ. ਪਰਮਜੀਤ ਸਿੰਘ ਨੇ ਤਾਲਮੇਲ ਅਤੇ ਸਹਿਯੋਗ ਪ੍ਰਦਾਨ ਕੀਤਾ। ਨੋਡਲ ਅਫ਼ਸਰ ਡਾ. ਵਿਜੈ ਗਿਰੀਧਰ ਅਤੇ ਡਾ. ਗੌਰਵ ਵੀ ਪ੍ਰੋਗਰਾਮ ਨਾਲ ਜੁੜੇ ਰਹੇ। ਇਹ ਪਹਿਲ ਨੌਜਵਾਨਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਅਤੇ ਉਨ੍ਹਾਂ ਨੂੰ ਤੰਦਰੁਸਤ ਤੇ ਨਸ਼ਾ-ਮੁਕਤ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ ਦੀ ਦਿਸ਼ਾ ਵਿੱਚ ਮੇਰਾ ਯੁਵਾ ਭਾਰਤ ਅਤੇ ਸਿਹਤ ਵਿਭਾਗ ਦਾ ਸੰਯੁਕਤ ਪ੍ਰਯਾਸ ਹੈ। ਇੱਕ ਸੌ(100) ਐਤਵਾਰ ਅਭਿਯਾਨ ਦੇ ਤਹਿਤ ਨੌਜਵਾਨਾਂ ਦੀ ਸਿਹਤ, ਸਕਾਰਾਤਮਕ ਸਹਿਭਾਗਿਤਾ ਅਤੇ ਖਾਲੀ ਸਮੇਂ ਦੇ ਰਚਨਾਤਮਕ ਉਪਯੋਗ ਨਾਲ ਜੁੜੀਆਂ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ। ਪ੍ਰੋਗਰਾਮ ਦੇ ਅੰਤ ਵਿੱਚ ਨੌਜਵਾਨਾਂ ਨੂੰ ਸਿਹਤ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਅਹਿਮ ਹਿੱਸਾ ਬਣਾਉਣ ਅਤੇ 'ਨਸ਼ਾ-ਮੁਕਤ ਯੁਵਾ' ਅਤੇ 'ਵਿਕਸਿਤ ਭਾਰਤ' ਦੇ ਨਿਰਮਾਣ ਵਿੱਚ ਸਰਗਰਮ ਯੋਗਦਾਨ ਦੇਣ ਦਾ ਸੱਦਾ ਦਿੱਤਾ ਗਿਆ।

## ਰਾਜਪੁਰਾ ਵਿਖੇ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਵਿਸ਼ੇਸ਼ ਸਫਾਈ ਮੁਹਿੰਮ




**ਰਾਜਪੁਰਾ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਨਗਰ ਕੌਂਸਲ ਰਾਜਪੁਰਾ ਵੱਲੋਂ ਸ਼ਹਿਰ ਵਿੱਚ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਗਈ। ਨਗਰ ਕੌਂਸਲ ਦੇ ਪ੍ਰਧਾਨ ਸ੍ਰੀ ਰਿਤੇਸ਼ ਬਾਂਸਲ ਦੀ ਅਗਵਾਈ ਹੇਠ ਚਲਾਈ ਇਸ ਮੁਹਿੰਮ ਦੌਰਾਨ ਸ਼ਹਿਰ ਦੇ ਵੱਖ-ਵੱਖ ਸਥਾਨਾਂ ਅਤੇ ਧਾਰਮਿਕ ਅਸਥਾਨਾਂ ਦੀ ਸਫਾਈ ਵੀ ਕੀਤੀ ਗਈ।

ਇਸ ਮੌਕੇ ਕਾਰਜ ਸਾਧਕ ਅਫਸਰ ਅਵਤਾਰ ਸਿੰਘ ਅਤੇ ਸੈਨੇਟਰੀ ਇੰਸਪੈਕਟਰ ਵਿਕਾਸ ਚੌਧਰੀ ਨੇ ਸ਼ਹਿਰ ਵਾਸੀਆਂ ਨੂੰ ਸਫਾਈ ਵਿਵਸਥਾ ਵਿੱਚ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਸੜਕਾਂ, ਜਨਤਕ ਥਾਵਾਂ, ਖਾਲੀ ਪਲਾਟਾਂ ਅਤੇ ਹੋਰ ਖੁੱਲ੍ਹੀਆਂ ਅਤੇ ਅਣਅਧਿਕਾਰਤ ਥਾਵਾਂ 'ਤੇ ਕੂੜਾ ਨਾ ਸੁੱਟਿਆ ਜਾਵੇ। ਉਨ੍ਹਾਂ ਕਿਹਾ ਕਿ ਘਰਾਂ ਅਤੇ ਹੋਰ ਥਾਵਾਂ ਤੋਂ ਪੈਦਾ ਹੋਣ ਵਾਲਾ ਕੂੜਾ ਨਗਰ ਕੌਂਸਲ ਵੱਲੋਂ ਤਾਇਨਾਤ ਕੂੜਾ ਇਕੱਠਾ ਕਰਨ ਵਾਲੇ ਕਰਮਚਾਰੀਆਂ ਨੂੰ ਹੀ ਸੌਂਪਿਆ ਜਾਵੇ ਜਾਂ ਨਿਰਧਾਰਤ ਕੂੜੇਦਾਨਾਂ ਵਿੱਚ ਪਾਇਆ ਜਾਵੇ।

ਨਗਰ ਕੌਂਸਲ ਦੇ ਅਧਿਕਾਰੀਆਂ ਨੇ ਲੋਕਾਂ ਨੂੰ ਕੂੜੇ ਨੂੰ ਸਰੋਤ 'ਤੇ ਹੀ ਚਾਰ ਵੱਖ-ਵੱਖ ਹਿੱਸਿਆਂ ਵਿੱਚ ਵੱਖ ਕਰਨ ਦੀ ਮਹੱਤਤਾ ਬਾਰੇ ਵੀ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਕੂੜੇ ਦੀ ਸਹੀ ਢੰਗ ਨਾਲ ਛਾਂਟੀ ਅਤੇ ਨਿਪਟਾਰਾ ਸਾਫ-ਸੁਥਰੇ ਸ਼ਹਿਰ ਦੇ ਨਾਲ-ਨਾਲ ਵਾਤਾਵਰਣ ਦੀ ਸੁਰੱਖਿਆ ਲਈ ਵੀ ਬੇਹੱਦ ਜ਼ਰੂਰੀ ਹੈ।

ਅਧਿਕਾਰੀਆਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 'ਸਵੱਛਤਾ ਹੀ ਸੇਵਾ' ਮੁਹਿੰਮ ਨੂੰ ਲੋਕ ਲਹਿਰ ਬਣਾਉਣ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਅਤੇ ਰਾਜਪੁਰਾ ਨੂੰ ਸਾਫ-ਸੁਥਰਾ ਤੇ ਸੁੰਦਰ ਬਣਾਉਣ ਵਿੱਚ ਨਗਰ ਕੌਂਸਲ ਦਾ ਸਹਿਯੋਗ ਕਰਨ।

## ਗੋਲਡਨ ਏਜ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਦਾ ਮਹੀਨਾਵਾਰ ਮਿਲਣ ਸਮਾਰੋਹ ਖੁਸ਼ੀ ਤੇ ਉਤਸ਼ਾਹ ਨਾਲ ਕਰਵਾਇਆ

**ਚੰਡੀਗੜ੍ਹ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗੋਲਡਨ ਏਜ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਵੱਲੋਂ ਮਹੀਨਾਵਾਰ ਮਿਲਣ ਸਮਾਰੋਹ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਕਰਵਾਇਆ ਗਿਆ। ਸਮਾਰੋਹ ਦੀ ਸ਼ੁਰੂਆਤ ਰਾਸ਼ਟਰੀ ਗੀਤ 'ਜਨ ਗਣ ਮਨ' ਨਾਲ ਹੋਈ। ਸਮਾਰੋਹ ਵਿੱਚ ਮੁੱਖ ਮਹਿਮਾਨ ਕੌਂਸਲਰ ਮੈਡਮ ਪ੍ਰੇਮ ਲਤਾ ਅਤੇ ਮੈਡਮ ਲਵਲੀਨ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਸਫਲ ਆਯੋਜਨ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਗੋਪਾਲ ਕ੍ਰਿਸ਼ਨ ਸੂਦ, ਸਕੱਤਰ ਸ੍ਰੀ ਦੀਪਕ ਰਿਖੀ ਅਤੇ ਵਿੱਤ ਸਕੱਤਰ ਸ੍ਰੀਮਤੀ ਰੇਖਾ ਛਾਬੜਾ ਦੀ ਅਗਵਾਈ ਅਤੇ ਮਾਰਗਦਰਸ਼ਨ ਹੇਠ ਕੀਤਾ ਗਿਆ। ਸਮਾਰੋਹ ਦੌਰਾਨ ਐਸੋਸੀਏਸ਼ਨ ਦੇ ਮੈਂਬਰਾਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਗੀਤ-ਸੰਗੀਤ, ਸੱਭਿਆਚਾਰਕ ਪੇਸ਼ਕਾਰੀਆਂ ਅਤੇ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਮੈਂਬਰਾਂ ਦੀਆਂ ਪੇਸ਼ਕਾਰੀਆਂ ਨੇ ਸਮਾਰੋਹ ਵਿੱਚ ਖੂਬ ਰੰਗ ਭਰਿਆ ਅਤੇ ਮਾਹੌਲ ਨੂੰ ਖੁਸ਼ਗਵਾਰ ਬਣਾ ਦਿੱਤਾ। ਇਸ ਮੌਕੇ ਰਾਧਾ ਅਸ਼ਟਮੀ ਦੇ ਪਾਵਨ ਤਿਉਹਾਰ ਨੂੰ ਸਮਰਪਿਤ ਵਿਸ਼ੇਸ਼ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਭਗਤੀ ਭਾਵਨਾ ਨਾਲ ਭਰਪੂਰ ਇਸ ਪ੍ਰੋਗਰਾਮ ਨੇ ਸਮਾਰੋਹ ਵਿੱਚ ਅਧਿਆਤਮਿਕ ਅਤੇ ਭਗਤੀਮਈ ਮਾਹੌਲ ਪੈਦਾ ਕਰ ਦਿੱਤਾ।

ਸਮਾਰੋਹ ਦੌਰਾਨ ਐਸੋਸੀਏਸ਼ਨ ਦੇ ਮੈਂਬਰਾਂ ਦੇ ਜਨਮਦਿਨ ਵੀ ਧੂਮਧਾਮ ਨਾਲ ਮਨਾਏ ਗਏ। ਸਾਰੇ ਮੈਂਬਰਾਂ ਨੇ ਜਨਮਦਿਨ ਮਨਾਉਣ ਵਾਲੇ ਮੈਂਬਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

## ਚੰਡੀਗੜ੍ਹ ਦੇ ਰਾਮਦਰਬਾਰ ਫੇਜ਼-1 ਅਤੇ ਫੇਜ਼-2 ਦੀ ਕੱਚੀ ਕਲੋਨੀ ਵਿਖੇ ਅਵੈਧ ਨਿਰਮਾਣ ਹਟਾਏ ਗਏ

**ਚੰਡੀਗੜ੍ਹ, 28 ਸਤੰਬਰ**
**-ਜੀ. ਐਸ. ਤੁੰਗ-**

: ਚੰਡੀਗੜ੍ਹ ਪ੍ਰਸ਼ਾਸਨ ਨੇ ਜ਼ਿਲ੍ਹਾ ਮੈਜਿਸਟਰੇਟ, ਯੂ.ਟੀ., ਚੰਡੀਗੜ੍ਹ ਦੇ ਨਿਰਦੇਸ਼ਾਂ ਅਨੁਸਾਰ ਅੱਜ ਰਾਮਦਰਬਾਰ ਫੇਜ਼-1 ਅਤੇ ਫੇਜ਼-2, ਚੰਡੀਗੜ੍ਹ ਦੀ ਕੱਚੀ ਕਲੋਨੀ ਵਿੱਚ ਸਰਕਾਰੀ ਭੂਮੀ 'ਤੇ ਬਣੇ ਅਵੈਧ ਨਿਰਮਾਣਾਂ ਨੂੰ ਹਟਾਉਣ ਲਈ ਮੁਹਿੰਮ ਚਲਾਈ। ਇਹ ਮੁਹਿੰਮ ਸਵੇਰੇ 7:00 ਵਜੇ ਸ਼ੁਰੂ ਹੋਈ। ਇਸ ਨੂੰ ਸ਼ਾਂਤੀਪੂਰਨ ਅਤੇ ਵਿਵਸਥਿਤ ਢੰਗ ਨਾਲ ਸੰਚਾਲਿਤ ਕਰਨ ਲਈ ਪ੍ਰਸ਼ਾਸਨ ਨੇ ਜ਼ਰੂਰੀ ਪ੍ਰਬੰਧ ਕੀਤੇ। ਕਾਨੂੰਨ- ਵਿਵਸਥਾ ਬਣਾਈ ਰੱਖਣ ਲਈ ਚੰਡੀਗੜ੍ਹ ਪੁਲਿਸ



ਨੇ ਮਹਿਲਾ ਕਾਂਸਟੇਬਲਾਂ ਸਹਿਤ ਜ਼ਰੂਰੀ ਪੁਲਿਸ ਬਲ ਤੈਨਾਤ ਕੀਤਾ।

ਨਗਰ ਨਿਗਮ ਚੰਡੀਗੜ੍ਹ ਅਤੇ ਇਸਟੇਟ ਆਫ਼ਿਸ, ਯੂ.ਟੀ., ਚੰਡੀਗੜ੍ਹ ਨੇ ਅਵੈਧ ਨਿਰਮਾਣ ਹਟਾਉਣ ਲਈ ਇਨਫੋਰਸਮੈਂਟ ਸਟਾਫ਼, ਮਜ਼ਦੂਰ, ਜੇਸੀਬੀ ਮਸ਼ੀਨਾਂ ਅਤੇ ਹੋਰ ਜ਼ਰੂਰੀ ਮਸ਼ੀਨਰੀ ਲਗਾਈ। ਕਾਰਵਾਈ ਸ਼ੁਰੂ ਹੋਣ ਤੋਂ ਪਹਿਲਾਂ ਬਿਜਲੀ ਅਤੇ ਪਾਣੀ ਦੇ ਕਨੈਕਸ਼ਨ ਵੀ ਕੱਟੇ ਗਏ।

ਸਬ-ਡਿਵੀਜ਼ਨਲ ਮੈਜਿਸਟ੍ਰੇਟ ਅਤੇ ਕਾਰਜਕਾਰੀ ਮੈਜਿਸਟ੍ਰੇਟ ਕਾਰਵਾਈ ਦੀ ਨਿਗਰਾਨੀ ਕਰਨ ਅਤੇ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਮੌਕੇ 'ਤੇ ਮੌਜੂਦ ਰਹੇ। ਐਮਰਜੈਂਸੀ ਸਥਿਤੀ ਦੇ ਮੱਦੇਨਜ਼ਰ ਫਾਇਰ ਟੈਂਡਰ, ਮੈਡੀਕਲ ਟੀਮਾਂ ਅਤੇ ਦੋ ਐਂਬੂਲੈਂਸਾਂ ਵੀ ਤੈਨਾਤ ਕੀਤੀਆਂ ਗਈਆਂ।

ਸਿਵਲ ਡਿਫੈਂਸ ਦੇ ਵਲੰਟੀਅਰਾਂ ਨੇ ਪੂਰੀ ਮੁਹਿੰਮ ਦੇ ਦੌਰਾਨ ਪ੍ਰਸ਼ਾਸਨ ਅਤੇ ਇਨਫੋਰਸਮੈਂਟ ਟੀਮਾਂ ਦੀ ਸਹਾਇਤਾ ਕੀਤੀ। ਅਧਿਕਾਰਿਤ ਦਸਤਾਵੇਜ਼ੀਕਰਨ ਅਤੇ ਰਿਕਾਰਡ ਲਈ ਇਸ ਪੂਰੀ ਕਾਰਵਾਈ ਦੀ ਵੀਡੀਓਗ੍ਰਾਫੀ ਵੀ ਕੀਤੀ ਗਈ।

ਜ਼ਿਲ੍ਹਾ ਮੈਜਿਸਟ੍ਰੇਟ, ਯੂ.ਟੀ., ਚੰਡੀਗੜ੍ਹ, ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ ਨੇ ਕਿਹਾ ਕਿ ਸਰਕਾਰੀ ਭੂਮੀ 'ਤੇ ਕਿਸੇ ਵੀ ਤਰ੍ਹਾਂ ਦੇ ਅਵੈਧ ਕਬਜ਼ੇ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਨੇ ਕਿਹਾ ਕਿ ਪ੍ਰਸ਼ਾਸਨ ਸਰਕਾਰੀ ਭੂਮੀ 'ਤੇ ਅਵੈਧ ਕਬਜ਼ਿਆਂ ਅਤੇ ਅਵੈਧ ਨਿਰਮਾਣਾਂ ਦੇ ਵਿਰੁੱਧ ਕਾਨੂੰਨ ਅਨੁਸਾਰ ਜ਼ਰੂਰੀ ਕਾਰਵਾਈ ਜਾਰੀ ਰੱਖੇਗਾ।

## ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਵਰਖਾ ਰੁੱਤ ਬਣੋਂ ਰੁੱਖ ਮਿੱਤਰ ਮੁਹਿੰਮ ਤਹਿਤ ਵੱਖ-ਵੱਖ ਕਾਲਜਾਂ ਵਿੱਚ ਬੂਟੇ ਲਗਾਏ : ਡੀ ਐਸ ਪੀ ਫਤਿਹ ਸਿੰਘ ਬਰਾੜ

**ਪਟਿਆਲਾ, 28 ਸਤੰਬਰ**
**-ਜੀ. ਐਸ. ਤੁੰਗ-**

ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਵਾਤਾਵਰਣ ਦੀ ਸੰਭਾਲ ਅਤੇ ਹਰਿਆਲੀ ਨੂੰ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਇਸ ਵਰਖਾ ਰੁੱਤ ਬਣੋ ਰੁੱਖ ਮਿੱਤਰ ਮੁਹਿੰਮ ਤਹਿਤ ਅੱਜ ਗੁਰੂ ਹਰਿਗੋਬਿੰਦ ਸਾਹਿਬ ਖਾਲਸਾ ਗਰਲਜ਼ ਕਾਲਜ ਕਰਹਾਲੀ ਸਾਹਿਬ ਵਿਖੇ ਫਲਦਾਰ ਬੂਟੇ ਲਗਾਉਣ ਦਾ ਇੱਕ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਕਾਲਜ ਦੇ ਐਨ.ਐਸ.ਐਸ ਵਿੰਗ, ਰੈੱਡ ਰਿਬਨ ਕਲੱਬ ਅਤੇ ਯੂਥ ਫੈਡਰੇਸ਼ਨ ਆਫ਼ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਕਰਵਾਇਆ ਗਿਆ।

ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਵਿਸ਼ਵ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ ਵਿਜੇਤਾ ਵਿਸ਼ਵ ਰਿਕਾਰਡਧਾਰੀ ਡੀ.ਐਸ.ਪੀ ਸਮਾਣਾ ਸ. ਫਤਿਹ ਸਿੰਘ ਬਰਾੜ ਅਤੇ ਕਾਲਜ ਦੀ ਪ੍ਰਿੰਸੀਪਲ ਡਾ. ਰਮਨਜੀਤ ਕੌਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ



ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ ਅਤੇ ਮੈਂਬਰ ਵੂਮੈਨ ਕੌਂਸਲਿੰਗ ਸੈੱਲ ਪਟਿਆਲਾ ਪੁਲਿਸ ਵੱਲੋਂ ਕੀਤੀ ਗਈ। ਪ੍ਰੋਗਰਾਮ ਦਾ ਉਦਘਾਟਨ ਐਡਵੋਕੇਟ ਅਸ਼ਵਨੀ ਸਿੰਗਲਾ ਦਿਆਲਗੜ੍ਹ ਜੇਜੀਆ ਸਮਾਣਾ ਵੱਲੋਂ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਡਾ. ਨਰਿੰਦਰ ਕੌਰ, ਨੋਡਲ ਅਫਸਰ ਰੈੱਡ ਰਿਬਨ ਕਲੱਬ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।

ਇਸ ਮੌਕੇ ਵਿਸ਼ੇਸ਼ ਤੌਰ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ,ਪ੍ਰੋਫੈਸਰ ਅਰਸ਼ਪ੍ਰੀਤ ਕੌਰ ਪ੍ਰੋਗਰਾਮ ਅਫਸਰ ਐਨ ਐਸ ਐਸ ਵਿਭਾਗ, ਪ੍ਰੋਫੈਸਰ ਤਰਨਪ੍ਰੀਤ ਕੌਰ, ਏਂ ਐਸ ਆਈ ਨਿਸ਼ਾਨ ਸਿੰਘ ਚੌਕੀ ਇੰਚਾਰਜ ਨਵਾ ਗਾਓ,ਵਰਿੰਦਰ ਸਿੰਘ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਭਿੰਦਰ ਜਲਵੇੜਾ ਨੇ ਵੀ ਸ਼ਿਰਕਤ ਕੀਤੀ।

ਮੁੱਖ ਮਹਿਮਾਨ ਡੀ.ਐਸ.ਪੀ ਫਤਿਹ ਸਿੰਘ ਬਰਾੜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪਟਿਆਲਾ ਪੁਲਿਸ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਰਾਹੀਂ ਨਾ ਸਿਰਫ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਰਿਹਾ ਹੈ, ਸਗੋਂ ਸਮਾਜਿਕ ਜਾਗਰੂਕਤਾ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਅਤੇ ਵਾਤਾਵਰਣ ਦੀ ਸੁਰੱਖਿਆ ਦੋਵੇਂ ਇੱਕ ਦੂਜੇ ਨਾਲ ਜੁੜੇ ਹੋਏ ਹਨ। ਜੇਕਰ ਸਾਡਾ ਵਾਤਾਵਰਣ ਸ਼ੁੱਧ ਹੋਵੇਗਾ ਤਾਂ ਸਾਡੀ ਸੋਚ ਵੀ ਸ਼ੁੱਧ ਹੋਵੇਗੀ। ਉਨ੍ਹਾਂ ਵਿਦਿਆਰਥਣਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਨਸ਼ਿਆਂ ਤੋਂ ਦੂਰ ਰਹਿ ਕੇ ਸਮਾਜ ਨੂੰ ਸਹੀ ਸੇਧ ਦੇਣ।

ਪ੍ਰਿੰਸੀਪਲ ਡਾ. ਰਮਨਜੀਤ ਕੌਰ ਨੇ ਕਿਹਾ ਕਿ ਸਾਡੇ ਕਾਲਜ ਲਈ ਇਹ ਮਾਣ ਵਾਲੀ ਗੱਲ ਹੈ ਕਿ ਪਟਿਆਲਾ ਪੁਲਿਸ ਦੇ ਸਹਿਯੋਗ ਨਾਲ ਅਜਿਹਾ ਉਪਰਾਲਾ ਕੀਤਾ ਗਿਆ ਹੈ। ਵਿਦਿਆਰਥੀ ਹੀ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ। ਫਲਦਾਰ ਬੂਟੇ ਲਗਾਉਣ ਨਾਲ ਜਿੱਥੇ ਵਾਤਾਵਰਣ ਸ਼ੁੱਧ ਹੋਵੇਗਾ, ਉੱਥੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਫਲ ਵੀ ਮਿਲਣਗੇ।

ਪ੍ਰੋਗਰਾਮ ਦੀ ਪ੍ਰਧਾਨਗੀ ਕਰ ਰਹੇ ਸੁਖਜਿੰਦਰ ਸਿੰਘ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਡਾਇਰੈਕਟਰ ਜਨਰਲ ਆਫ਼ ਪੁਲਿਸ ਗੋਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਮਊਨਿਟੀ ਅਫੇਅਰਜ਼ ਡਵੀਜ਼ਨ ਪੰਜਾਬ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਹਰਮਨਦੀਪ ਸਿੰਘ ਹਾਂਸ, ਐਸ ਪੀ ਹੈਡਕੁਆਰਟਰ ਰਾਜੇਸ਼ ਛਿੱਬਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੂਰੇ ਜ਼ਿਲ੍ਹੇ ਵਿੱਚ ਇਸ ਵਰਖਾ ਰੁੱਤ ਬਣੋਂ ਰੁੱਖ ਮਿੱਤਰ ਮੁਹਿੰਮ ਚਲਾਈ ਜਾ ਰਹੀ ਹੈ।

ਇਸ ਤਹਿਤ ਹੁਣ ਤੱਕ ਸੈਂਕੜੇ ਬੂਟੇ ਲਗਾਏ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜਿਵੇਂ ਅਸੀਂ ਆਪਣੇ ਬੱਚਿਆਂ ਦੀ ਪਾਲਣਾ ਕਰਦੇ ਹਾਂ, ਉਸੇ ਤਰ੍ਹਾਂ ਇਨ੍ਹਾਂ ਬੂਟਿਆਂ ਦੀ ਪਾਲਣਾ ਕਰਕੇ ਇਨ੍ਹਾਂ ਨੂੰ ਰੁੱਖ ਬਣਾਉਣਾ ਸਾਡਾ ਫਰਜ਼ ਹੈ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਵਾਤਾਵਰਣ ਸੰਭਾਲ ਨਾਲ ਜੁੜਨ ਦਾ ਸੱਦਾ ਦਿੱਤਾ। ਇਸ ਮੌਕੇ ਕਾਲਜ ਅਤੇ ਆਲ਼ੇ ਦੁਆਲ਼ੇ ਫ਼ਲਦਾਰ ਅਤੇ ਛਾਂਦਾਰ ਬੂਟੇ ਲਗਾਏ ਗਏ।

## ਬਾਣੀ ਵਿਚਾਰ ਚੇਤਨਾ ਮੰਚ ਵਲੋਂ ਗੁਰੂ ਰਵਿਦਾਸ 'ਤੇ ਕਰਾਇਆ ਨੌਵਾਂ ਸੈਮੀਨਾਰ

**ਪਟਿਆਲਾ, 28 ਸਤੰਬਰ**
**-ਬਲਜੀਤ ਸਰਨਾ-**

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਰਜਿ. ਵਲੋਂ ਚਲਾਈ ਜਾ ਰਹੀ ਸੈਮੀਨਾਰਾਂ ਦੀ ਲੜੀ ਤਹਿਤ ਨੌਵਾਂ ਸੈਮੀਨਾਰ ਪਟਿਆਲਾ ਦੇ ਰਣਜੀਤ ਨਗਰ ਵਿਚ ਸ੍ਰੀ ਗੁਰੂ ਰਵਿਦਾਸ ਭਵਨ ਵਿਚ ਕਰਾ ?ਇਆ ਗਿਆ। ਸ੍ਰੀ ਗੁਰੂ ਰਵਿਦਾਸ ਮਿਸ਼ਨਰੀ ਸੁਸਾਇਟੀ ਰਜਿ. ਦੇ ਸਹਿਯੋਗ ਨਾਲ ਕਰਾਏ ਗਏ ਇਸ ਸੈਮੀਨਾਰ ਵਿਚ ਮੁੱਖ ਮਹਿਮਾਨ ਵਜੋਂ ਪੰਜਾਬੀ ਯੂਨੀਵਰਸਿਟੀ ਦੇ ਉਘੇ ਵਿਦਵਾਨ ਡਾ. ਸੁਰਜੀਤ ਸਿੰਘ ਭੱਟੀ ਨੇ ਕੁੰਜੀਵਤ ਭਾਸ਼ਣ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਸਾਡੇ ਮਹਾਨ ਗ੍ਰੰਥ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੈ, ਅਨੇਕਾਂ ਭਗਤਾਂ, ਭੱਟਾਂ ਤੇ ਗੁਰੂ ਸਾਹਿਬਾਨਾਂ ਦੀ ਮਨੁਖਤਾ ਦੀ ਅਗਵਾਈ ਕਰਦੀ ਬਾਣੀ ਰੋਜ਼ਾਨਾ ਪੜ੍ਹੀ ਜਾਂਦੀ ਹੈ ਪਰ ਫਿਰ ਵੀ ਮਨੂੰਵਾਦੀ ਪ੍ਰੰਪਰਾਵਾਂ ਅਨੁਸਾਰ ਅਜੋਕਾ ਸਿੱਖ ਸਮਾਜ ਜਾਤਾਂ ਪਾਤਾਂ ਦੇ ਚਕਰਵਿਊ ਵਿਚ ਉਲਝਿਆ ਹੋਇਆ ਹੈ। ਅਸੀਂ ਸਮਾਜ ?ਵਿਚ ਛੋਟੀਆਂ ਅਖੌਤੀ ਜਾਂਤਾਂ ਦੇ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਰਹਿਬਰਾਂ ਦੇ ਵਿਸ਼ੇਸ਼ ਦਿਨ ਵੀ ਮਨਾਉਣ ਤੋਂ ਗੁਰੇਜ਼ ਕਰਦੇ ਹਾਂ। ਮੁੱਖ ਪੇਪਰ ਜਗਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ.



ਸੁਖਦੇਵ ਸਿੰਘ ਪੜ੍ਹਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਕਿਰਤ ਕਰਦੇ ਹੱਥਾਂ ਨੂੰ ਮਹਾਨ ਬਣਾਇਆ ਪਰ ਦੁਖ ਹੈ ਕਿ ਅੱਜ ਵੀ ਬੁਰਜੂਆ ਸਮਾਜ ਵਲੋਂ ਕਿਰਤ ਕਰਕੇ ਅਨੇਕਾਂ ਵੱਡੀਆਂ ਇਮਾਰਤਾਂ, ਮੰਦਰ ਮਹਿਲ ਉਸਾਰਨ ਵਾਲੇ ਹੱਥਾਂ ਨੂੰ ਘਿਰਣਤ ਬਣਾਇਆ ਜਾਂਦਾ ਰਿਹਾ ਹੈ। ਜੁਤੀਆਂ ਜੋੜੇ ਬਣਾਉਣ ਵਾਲੇ ਹੱਥ ਮਹਾਨ ਹਨ ਪਰ ਉਹ ਅਛੂਤ ਬਣਾ ਦਿੱਤੇ ਗਏ। ਪ੍ਰਬੁੱਧ ਵਿਦਵਾਨ ਡਾ. ਗੁਰਮੀਤ ਕੱਲਰਮਾਜਰੀ ਨੇ ਕਿਹਾ ਕਿ ਹੁਣ ਪੜ੍ਹੇ ਲਿਖੇ ਵਰਗ ਨੂੰ ਅੱਗੇ ਆਉਣਾ ਚਾਹੀਦਾ ਹੈ ਕਿ ਹੁਣ ਸਮਾਜ ਵਿਚ ਮਨੁੱਖ ਵੱਲੋਂ ਜਨਮ ਜਾਤ ਮਨੁੱਖ ਨਾਲ ਕੀਤੀ ਜਾਂਦੀ ਨਫਰਤ ਨੂੰ ਖਤਮ ਕੀਤਾ ਜਾਵੇ। ਇਸ ਵੇਲੇ ਮੰਚ ਵਲੋਂ ਸ਼ਹੀਦ ਬਾਬਾ ਜੈ ਸਿੰਘ ਖਲਕਟ ਦੇ ਨਾਮ ਤੇ 'ਜਿਨ੍ਹਾਂ ਪੁੱਠੀਆਂ ਖੱਲਾਂ ਲੁਹਾਈਆਂ' ਮੁੜ ਅਰਦਾਸ ਵਿਚ ਸ਼ਾਮਲ ਕਰਨ ਲਈ ਪਾਏ ਮਤੇ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਤਵਿੰਦਰ ਸਿੰਘ ਟੌਹੜਾ ਨੇ ਕਿਹਾ ਕਿ ਉਹ ਇਹ ਮੁੱਦਾ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਲੈਕੇ ਜਾਣਗੇ। ਮੰਚ ਦੇ ਪ੍ਰਧਾਨ ਗੁਰਨਾਮ ਸਿੰਘ ਅਕੀਦਾ ਨੇ ਕਿਹਾ ਕਿ ਅਸੀਂ ਗੈਰ ਰਵਿਦਾਸੀ ਵਿਦਵਾਨਾਂ ਨੂੰ ਸੈਮੀਨਾਰਾਂ ਵਿਚ ਬੁਲਾਰਿਆਂ ਵਜੋਂ ਬੁਲਾ ਕੇ ਇਹ ਸਾਬਤ ਕਰਨਾ ਚਾਹੁੰਦੇ ਹਾਂ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਬਾਣੀਕਾਰ ਸਭ ਦੇ ਸਾਂਝੇ ਹਨ, ਉਨ੍ਹਾਂ ਦਾ ਸਤਿਕਾਰ ਪੂਰੇ ਸਮਾਜ ਵਿਚ ਹੋਣਾ ਜ਼ਰੂਰੀ ਹੈ। ਇਸ ਵੇਲੇ ਪ੍ਰਧਾਨਗੀ ਕਰ ਰਹੇ ਸਾਬਕਾ ਜ਼ਿਲ੍ਹਾ ਸਿਖਿਆ ਅਫਸਰ ਅਮਰਜੀਤ ਸਿੰਘ ਨੇ ਕਿਹਾ ਕਿ ਸੈਮੀਨਾਰਾਂ ਵਿਚ ਨਵੀਂ ਪੀੜ੍ਹੀ ਨੂੰ ਸਿੱਖ ਇਤਿਹਾਸ ਬਾਰੇ ਜਾਣੂ ਕਰਾਉਣ ਦੀ ਵਿਧਾ ਭਾਰੂ ਰੱਖਣੀ ਜਰੂਰੀ ਹੈ।

## ਗੰਭੀਰਪੁਰ ਅੱਪਰ ਵਿਖੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਵੱਖ-ਵੱਖ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

**ਨੰਗਲ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਕੈਬਨਿਟ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਨੇ ਗੰਭੀਰਪੁਰ ਅੱਪਰ ਵਿਖੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਕਈ ਨਵੇਂ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ। ਇਸ ਮੌਕੇ ਉਨ੍ਹਾਂ ਕਮਿਊਨਿਟੀ ਸੈਂਟਰ, ਜਿਮ, ਸਪੋਰਟਸ ਰੂਮ ਅਤੇ ਪੰਚਾਇਤ ਘਰ ਸਮੇਤ ਹੋਰ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ। ਇਸ ਤੋਂ ਇਲਾਵਾ ਵਾਰਡ ਨੰਬਰ 1 ਅਤੇ 4 ਦੀਆਂ ਗਲੀਆਂ ਦੇ ਵਿਕਾਸ ਕਾਰਜਾਂ ਦੀ ਵੀ ਸ਼ੁਰੂਆਤ ਕੀਤੀ ਗਈ। ਕੈਬਨਿਟ ਮੰਤਰੀ ਨੇ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਸਮਾਜਿਕ, ਖੇਡ ਅਤੇ ਹੋਰ ਜਨਤਕ ਸਹੂਲਤਾਂ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।



ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕਮਿਊਨਿਟੀ ਸੈਂਟਰ ਲਈ 10 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਅਤੇ ਉਨ੍ਹਾਂ ਕਿਹਾ ਕਿ ਪੰਚਾਇਤ ਘਰ ਵਰਗੇ ਪ੍ਰੋਜੈਕਟ ਪਿੰਡ ਵਾਸੀਆਂ ਦੀਆਂ ਸਾਂਝੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਕਮਿਊਨਿਟੀ ਸੈਂਟਰ ਵਿੱਚ ਲੋਕ ਆਪਣੇ ਸਮਾਜਿਕ ਅਤੇ ਸਾਂਝੇ ਸਮਾਗਮ ਕਰਵਾ ਸਕਣਗੇ, ਜਦਕਿ ਜਿਮ ਅਤੇ ਸਪੋਰਟਸ ਰੂਮ ਰਾਹੀਂ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਅਤੇ ਖੇਡਾਂ ਨਾਲ ਜੁੜਨ ਲਈ ਬਿਹਤਰ ਮਾਹੌਲ ਮਿਲੇਗਾ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਨੂੰ ਸਿਰਫ਼ ਸੜਕਾਂ ਅਤੇ ਗਲੀਆਂ ਤੱਕ ਸੀਮਤ ਨਾ ਰੱਖਦਿਆਂ ਲੋਕਾਂ ਦੀਆਂ ਸਮਾਜਿਕ, ਖੇਡਾਂ ਅਤੇ ਭਾਈਚਾਰਕ ਜ਼ਰੂਰਤਾਂ ਨੂੰ ਵੀ ਵਿਕਾਸ ਯੋਜਨਾਵਾਂ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ। ਇਸ ਮੌਕੇ ਸਰਕਾਰੀ ਹਾਈ ਸਕੂਲ ਗੰਭੀਰਪੁਰ ਅੱਪਰ ਵਿਖੇ ਚਾਰ ਨਵੇਂ ਕਮਰਿਆਂ ਦੇ ਨਿਰਮਾਣ ਦਾ ਨੀਂਹ ਪੱਥਰ ਵੀ ਰੱਖਿਆ ਗਿਆ। ਇਸ ਦੇ ਨਾਲ ਹੀ ਸਕੂਲ ਵਿੱਚ ਨਵੇਂ ਬਣੇ ਕਲਾਸ ਰੂਮ ਦਾ ਉਦਘਾਟਨ ਕੀਤਾ ਗਿਆ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਨੂੰ ਵਧੀਆ ਵਿੱਦਿਅਕ ਮਾਹੌਲ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਲੋੜ ਅਨੁਸਾਰ ਨਵੇਂ ਕਮਰੇ ਅਤੇ ਹੋਰ ਸਹੂਲਤਾਂ ਮੁਹੱਈਆ ਹੋਣ ਨਾਲ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਪੜ੍ਹਾਈ-ਪੜ੍ਹਾਉਣ ਲਈ ਬਿਹਤਰ ਵਾਤਾਵਰਨ ਮਿਲੇਗਾ।

ਕੈਬਨਿਟ ਮੰਤਰੀ ਨੇ ਵਾਰਡ ਨੰਬਰ 1 ਅਤੇ 4 ਵਿੱਚ ਗਲੀਆਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਪਿੰਡਾਂ ਦੀਆਂ ਗਲੀਆਂ, ਨਾਲੀਆਂ ਅਤੇ ਹੋਰ ਬੁਨਿਆਦੀ ਢਾਂਚੇ ਨਾਲ ਸਬੰਧਤ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕੰਮ ਸਮੇਂ ਸਿਰ ਮੁਕੰਮਲ ਕਰਨ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਪਿੰਡਾਂ ਵਿੱਚ ਹੋਰ ਵੀ ਵਿਕਾਸ ਕਾਰਜ ਕਰਵਾਏ ਜਾਣਗੇ।

ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਨੂੰ ਆਧੁਨਿਕ ਅਤੇ ਬਿਹਤਰ ਸਹੂਲਤਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਗੰਭੀਰਪੁਰ ਅੱਪਰ ਵਿੱਚ ਸ਼ੁਰੂ ਕੀਤੇ ਗਏ ਇਹ ਵਿਕਾਸ ਪ੍ਰੋਜੈਕਟ ਪਿੰਡ ਵਾਸੀਆਂ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਸਹਾਇਕ ਹੋਣਗੇ। ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਵਿਕਾਸ ਕਾਰਜਾਂ ਨੂੰ ਲਗਾਤਾਰ ਜਾਰੀ ਰੱਖਿਆ ਜਾਵੇਗਾ ਅਤੇ ਪਿੰਡ ਦੇ ਸਰਬਪੱਖੀ ਵਿਕਾਸ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਮੌਕੇ ਪੰਚਾਇਤੀ ਨੁਮਾਇੰਦੇ, ਅਧਿਕਾਰੀ, ਸਕੂਲ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਖੇਡਾਂ ਵਤਨ ਪੰਜਾਬ ਦੀਆਂ-4 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਦੀ ਕਰਵਾਈ ਸ਼ੁਰੂਆਤ

> ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਿਆ : ਡਾ. ਬਲਬੀਰ ਸਿੰਘ
> ਖੇਡਾਂ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਦਾ ਅਹਿਮ ਸਾਧਨ

**ਪਟਿਆਲਾ, 28 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ 'ਖੇਡਾਂ ਵਤਨ ਪੰਜਾਬ ਦੀਆਂ-4' ਤਹਿਤ ਪਟਿਆਲਾ ਵਿਖੇ ਕਰਵਾਈਆਂ ਜਾ ਰਹੀਆਂ ਜ਼ਿਲ੍ਹਾ ਪੱਧਰੀ ਖੇਡਾਂ ਦੀ ਸ਼ੁਰੂਆਤ ਕਰਵਾਈ। ਕੁਲ 29 ਖੇਡਾਂ ਦੇ 27 ਤੋਂ 30 ਸਤੰਬਰ ਤੱਕ ਪਹਿਲੇ ਪੜਾਅ ਤੇ 1 ਤੋਂ 4 ਅਕਤੂਬਰ ਤੱਕ ਦੂਜੇ ਪੜਾਅ 'ਚ ਕਰਵਾਏ ਜਾ ਰਹੇ ਖੇਡ ਮੁਕਾਬਲਿਆਂ ਦੌਰਾਨ 14 ਸਾਲ ਤੋਂ 70 ਸਾਲ ਤੋਂ ਉਪਰ ਦੀ ਉਮਰ ਦੇ ਵੱਡੀ ਗਿਣਤੀ ਖਿਡਾਰੀਆਂ ਵੱਲੋਂ ਪੂਰੇ ਉਤਸ਼ਾਹ ਤੇ ਜੋਸ਼ ਨਾਲ ਹਿੱਸਾ ਲਿਆ ਜਾ ਰਿਹਾ ਹੈ ਅਤੇ ਅੱਜ 15 ਖੇਡਾਂ ਦੇ ਹੋਏ ਮੁਕਾਬਲਿਆਂ 'ਚ ਖਿਡਾਰੀਆਂ ਨੇ ਆਪਣੇ ਜੌਹਰ ਦਿਖਾਏ। ਇਸ ਮੌਕੇ ਸਿਹਤ ਮੰਤਰੀ ਦੇ ਨਾਲ ਮੇਅਰ ਨਗਰ ਨਿਗਮ ਕੁੰਦਨ ਗੋਗੀਆ, ਨੀਲਕਾਂਤ ਚੇਅਰਮੈਨ ਸਪੋਰਟਸ ਵੈਲਫੇਅਰ ਬਲਾਕ ਪਟਿਆਲਾ, ਭਗਵਾਨ ਦਾਸ ਜੁਨੇਜਾ ਤੇ ਪਰਮਿੰਦਰ ਭਲਵਾਨ ਵੀ ਮੌਜੂਦ ਰਹੇ।

ਇੱਥੇ ਪੋਲੋ ਗਰਾਊਂਡ ਵਿਖੇ ਉਦਘਾਟਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਤੇ ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਸ਼ੁਰੂ ਕੀਤਾ 'ਖੇਡਾਂ ਵਤਨ ਪੰਜਾਬ ਦੀਆਂ' ਇੱਕ ਸਫ਼ਲ ਉਪਰਾਲਾ ਬਣ ਕੇ ਉਭਰਿਆ ਹੈ।



ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਦੇਣ ਅਤੇ ਉਨ੍ਹਾਂ ਨੂੰ ਸੂਬਾ ਤੇ ਕੌਮੀ ਪੱਧਰ 'ਤੇ ਆਪਣੀ ਪ੍ਰਤਿਭਾ ਦਿਖਾਉਣ ਲਈ ਢੁਕਵੇਂ ਮੌਕੇ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਸੂਬੇ ਦੀ ਅਹਿਮ ਤਾਕਤ ਹੈ ਅਤੇ ਸਰਕਾਰ ਵੱਲੋਂ ਨੌਜਵਾਨਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਦੇਣ ਲਈ ਖੇਡਾਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ।ਖੇਡ ਵਿਭਾਗ ਪਟਿਆਲਾ ਵੱਲ਼ੋਂ ਜ਼ਿਲ੍ਹਾ ਪੱਧਰੀ ਖੇਡਾਂ ਦੀ ਸ਼ੁਰੂਆਤ ਦੌਰਾਨ ਪਹਿਲੇ ਦਿਨ ਐਥਲੈਟਿਕਸ, ਕਬੱਡੀ ਸਰਕਲ ਸਟਾਇਲ, ਵਾਲੀਬਾਲ ਸ਼ੂਟਿੰਗ, ਹੈਂਡਬਾਲ, ਗੱਤਕਾ, ਬੈਡਮਿੰਟਨ, ਲਾਅਨ ਟੈਨਿਸ, ਟੇਬਲ ਟੈਨਿਸ, ਤੈਰਾਕੀ, ਰੋਲਰ ਸਕੇਟਿੰਗ, ਚੈੱਸ, ਆਰਚਰੀ, ਕਿੱਕ ਬਾਕਸਿੰਗ ਅਤੇ ਟੈਨਿਸ ਬਾਲ ਕ੍ਰਿਕਟ ਖੇਡਾਂ ਵੱਖ-ਵੱਖ ਉਮਰ ਵਰਗ ਅਤੇ ਵੱਖ-ਵੱਖ ਸਥਾਨਾਂ 'ਤੇ ਕਰਵਾਈਆਂ ਗਈਆਂ।

ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਕਬੱਡੀ ਸਰਕਲ ਸਟਾਇਲ ਉਮਰ ਵਰਗ ਅੰਡਰ-14 ਲੜਕਿਆਂ ਵਿੱਚ ਪਾਤੜਾਂ ਦੀ ਟੀਮ ਨੇ ਪਹਿਲਾ ਸਥਾਨ ਅਤੇ ਸਮਾਣਾ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਟੇਬਲ ਟੈਨਿਸ ਮੈਨ ਉਮਰ ਵਰਗ 61-70 ਵਿੱਚ ਇੰਦਰਜੀਤ ਸਿੰਘ ਨੇ ਪਹਿਲਾ, ਅਮਰਜੋਤ ਸਿੰਘ ਨੇ ਦੂਸਰਾ, ਅਮਰਜੀਤ ਸਿੰਘ ਅਤੇ ਬਲਬੀਰ ਗੁਪਤਾ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ। ਵੂਮੈਨ ਉਮਰ ਵਰਗ 51-60 ਵਿੱਚ ਮਮਤਾ ਪੱਥੇ ਨੇ ਪਹਿਲਾ ਸਥਾਨ ਅਤੇ ਸ਼ਭਰੀਕਾ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਵੂਮੈਨ ਉਮਰ ਵਰਗ 41-50 ਵਿੱਚ ਸੁਮਨ ਨੇ ਪਹਿਲਾ ਸਥਾਨ ਅਤੇ ਆਰਤੀ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਸੀਨੀਅਰ ਲੜਕੀਆਂ ਉਮਰ ਵਰਗ 21-30 ਵਿੱਚ ਕੁਮਾਰੀ ਨੇਹਾ ਨੇ ਪਹਿਲਾ ਸਥਾਨ, ਦੀਕਸ਼ਾ ਨੇ ਦੂਸਰਾ, ਨੇਹਾ ਅਤੇ ਲਵਪ੍ਰੀਤ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।

ਡੀ ਐਸ ਓ ਨੇ ਹੋਰ ਦੱਸਿਆ ਕਿ ਐਥਲੈਟਿਕਸ 3000 ਮੀਟਰ ਅੰਡਰ-17 ਲੜਕਿਆਂ ਵਿੱਚ ਪ੍ਰਿਆਸ਼ੂ ਨੇ ਪਹਿਲਾ ਸਥਾਨ, ਸ੍ਰੀਕਾਂਤ ਨੇ ਦੂਸਰਾ ਸਥਾਨ ਅਤੇ ਗੁਰਦੀਪ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। 600 ਮੀਟਰ ਅੰਡਰ-14 ਲੜਕੀਆਂ ਵਿੱਚ ਅੰਸ਼ਿਕਾ ਨੇ ਪਹਿਲਾ ਸਥਾਨ, ਸ਼ਗਨਪ੍ਰੀਤ ਕੌਰ ਨੇ ਦੂਸਰਾ ਸਥਾਨ ਅਤੇ ਅੰਸ਼ੁਲ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਜਿੱਤ ਰਚੀ। 400 ਮੀਟਰ ਅੰਡਰ-17 ਲੜਕੀਆਂ ਵਿੱਚ ਅਰੂਹੀ ਨੇ ਪਹਿਲਾ ਸਥਾਨ, ਮਾਹੀ ਨੇ ਦੂਸਰਾ ਸਥਾਨ ਅਤੇ ਸੁਖਪ੍ਰੀਤ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਵਾਲੀਬਾਲ ਸ਼ੂਟਿੰਗ ਅੰਡਰ-17 ਲੜਕਿਆਂ ਵਿੱਚ ਸਮਾਣਾ ਦੀ ਟੀਮ ਨਾਭਾ ਦੀ ਟੀਮ ਨੂੰ 2-0 ਨਾਲ ਹਰਾ ਕੇ ਜੇਤੂ ਰਹੀ ਅਤੇ ਪਾਤੜਾਂ ਦੀ ਟੀਮ ਪਟਿਆਲਾ ਦੀ ਟੀਮ ਨੂੰ 2-0 ਨਾਲ ਹਰਾ ਕੇ ਜੇਤੂ ਰਹੀ।

ਇਸ ਤੋਂ ਇਲਾਵਾ ਹੈਂਡਬਾਲ ਅੰਡਰ-14 ਲੜਕਿਆਂ ਵਿੱਚ ਪੋਲੋ ਗਰਾਊਂਡ ਦੀ ਟੀਮ ਨੇ ਭੁਨਰਹੇੜੀ ਬੀ ਦੀ ਟੀਮ ਨੂੰ ਹਰਾਇਆ, ਸਨੌਰ ਦੀ ਟੀਮ ਨੇ ਰਾਜਪੁਰਾ ਨੂੰ ਅਤੇ ਬਾਰਨ ਦੀ ਟੀਮ ਨੇ ਸਨੌਰ ਬੀ ਦੀ ਟੀਮ ਨੂੰ ਹਰਾ ਕੇ ਸ਼ਾਨਦਾਰ ਜਿੱਤ ਹਾਸਲ ਕੀਤੀ। ਤੈਰਾਕੀ ਗੇਮ ਵਿੱਚ ਉਮਰ ਵਰਗ ਅੰਡਰ-14 ਲੜਕੀਆਂ 100 ਮੀਟਰ ਫਰੀ ਸਟਾਇਲ ਵਿੱਚ ਹਰਸਿਮਰਤ ਕੌਰ ਨੇ ਪਹਿਲਾ, ਏਕਮਜੋਤ ਨੇ ਦੂਸਰਾ ਅਤੇ ਐਸ਼ਲੀਨ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜਦੋਂ ਕਿ ਅੰਡਰ-14 ਲੜਕੇ 50 ਮੀਟਰ ਬੈਕ ਸਟ੍ਰੋਕ ਵਿੱਚ ਯੁਵਰਾਜ ਸਿੰਘ ਨੇ ਪਹਿਲਾ, ਨਵਨੂਰ ਸਿੰਘ ਨੇ ਦੂਸਰਾ ਅਤੇ ਗੁਰਨੂਰ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।

# 500 ਡਰੋਨਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਅਸਮਾਨ ਨੂੰ ਕੀਤਾ ਰੌਸ਼ਨ, ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਦੀ ਬਾਕਮਾਲ ਪੇਸ਼ਕਾਰੀ

## ➢ ਪੰਜਾਬ ਸਰਕਾਰ ਨੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਰਾ ਸਾਲ ਸਮਾਗਮਾਂ ਦੀ ਲੜੀ ਚਲਾਈ : ਹਰਜੋਤ ਬੈਂਸ
## ➢ ਸਮਾਗਮਾਂ ਲਈ ਪੰਜਾਬ ਸਰਕਾਰ ਨੇ 100 ਕਰੋੜ ਰੁਪਏ ਦਾ ਬਜਟ ਰੱਖਿਆ, ਕਈ ਵੱਡੇ ਪ੍ਰਾਜੈਕਟ ਕੀਤੇ ਸਮਰਪਿਤ

**ਸ੍ਰੀ ਅਨੰਦਪੁਰ ਸਾਹਿਬ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅਜ ਦੀ ਲੜੀ ਤਹਿਤ ਐਤਵਾਰ ਸ਼ਾਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਾਨਦਾਰ ਡਰੋਨ ਸ਼ੋਅ ਕਰਾਇਆ ਗਿਆ, ਜਿਸ ਵਿੱਚ 500 ਡਰੋਨਾਂ ਨੇ ਅਸਮਾਨ ਵਿੱਚ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ, ਸੱਚੀ ਸੁੱਚੀ ਕਿਰਤ ਅਤੇ ਫ਼ਲਸਫ਼ੇ ਬਾਰੇ ਬਾਕਮਾਲ ਪੇਸ਼ਕਾਰੀ ਕੀਤੀ।

ਵੱਡੀ ਗਿਣਤੀ ਵਿੱਚ ਮੌਜੂਦ ਸੰਗਤ ਨੇ ਵਿਲੱਖਣ ਏਰੀਅਲ ਸ਼ੋਅ ਰਾਹੀਂ ਤਕਨਾਲੋਜੀ ਅਤੇ ਅਧਿਆਤਮਿਕਤਾ ਦਾ ਸੁਮੇਲ ਬਹੁਤ ਹੀ ਭਾਵਨਾ ਨਾਲ ਦੇਖਿਆ। ਸ਼ੋਅ ਦੌਰਾਨ 500 ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ ਜਿਸ ਵਿੱਚ ਗੁਰੂ ਜੀ ਦੇ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦਾ ਸਦੀਵੀ ਸੰਦੇਸ਼ ਦੀ ਪੇਸ਼ਕਾਰੀ ਕੀਤੀ ਗਈ।

ਸੰਗਤ ਨੂੰ ਸੰਬੋਧਨ ਕਰਦਿਆਂ ਹਰਜੋਤ ਸਿੰਘ ਬੈਂਸ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੁਰੂ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਦੀ ਲੜੀ ਸਾਰਾ ਸਾਲ ਚਲਾਈ ਜਾ ਰਹੀ ਹੈ ਤਾਂ ਜੋ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ ਦਾ ਪ੍ਰਸਾਰ ਕਰਕੇ ਖ਼ਾਸਕਰ ਨੌਜਵਾਨ ਪੀੜੀ ਨੂੰ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਡਰੋਨ ਸ਼ੋਅ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ ਅਤੇ ਉਨ੍ਹਾਂ ਦੇ ਸਦੀਵੀ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਨਿਵੇਕਲਾ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਡਰੋਨ ਸ਼ੋਅ ਨਹੀਂ, ਸਗੋਂ ਨਵੀਂ ਪੀੜ੍ਹੀ ਲਈ ਗੁਰੂ ਜੀ ਦੇ ਬਰਾਬਰੀ ਅਤੇ ਮਨੁੱਖੀ ਸਨਮਾਨ ਦੇ ਸੰਦੇਸ਼ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਹੈ ਜਿਸ ਤੋਂ ਸਾਰਿਆਂ ਨੂੰ ਗੁਰੂ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਮਿਲਦੀ ਹੈ।

ਸ. ਬੈਂਸ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰੋਗਰਾਮਾਂ ਲਈ 100 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ



ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਸ਼ੋਅ 13,000 ਪਿੰਡਾਂ ਵਿੱਚ ਦਿਖਾਏ ਜਾ ਰਹੇ ਹਨ, ਜਿਸ ਰਾਹੀਂ ਗੁਰੂ ਜੀ ਦਾ ਸੰਦੇਸ਼ ਜ਼ਮੀਨੀ ਪੱਧਰ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸੂਬੇ ਭਰ ਦੇ ਵਿੱਦਿਅਕ ਅਦਾਰਿਆਂ ਵਿੱਚ ਵਿਦਿਆਰਥੀਆਂ ਲਈ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਸੈਮੀਨਾਰ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਬਹੁਤ ਖੁਸ਼ਕਿਸਮਤ ਹਾਂ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਸਾਲ ਭਰ ਚੱਲਣ ਵਾਲੇ ਸਮਾਗਮਾਂ ਨਾਲ ਮਨਾਉਣ ਦਾ ਮੌਕਾ ਮਿਲ ਰਿਹਾ ਹੈ, ਜਿਸ ਤਹਿਤ ਸੈਮੀਨਾਰਾਂ, ਡਾਕੂਮੈਂਟਰੀ ਸ਼ੋਅ ਅਤੇ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਇਸ ਇਤਿਹਾਸਕ ਪੁਰਬ ਨੂੰ ਪੂਰੀ ਸ਼ਰਧਾ ਅਤੇ ਏਕਤਾ ਨਾਲ ਮਨਾਉਂਦਿਆਂ ਗੁਰੂ ਜੀ ਦੇ ਮਹਾਨ ਸੰਦੇਸ਼ ਨੂੰ ਹੋਰ ਅੱਗੇ ਪਹੁੰਚਾਇਆ ਜਾਵੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਪੂਰੀ ਸ਼ਰਧਾ ਨਾਲ ਮਨਾਉਂਦਿਆ ਆਧੁਨਿਕ ਮਾਧਿਅਮਾਂ ਰਾਹੀਂ ਗੁਰੂ ਜੀ ਦੇ ਸਰਬ-ਸਾਂਝੇ ਫਲਸਫ਼ੇ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਤਹਿਤ ਸੂਬੇ ਭਰ ਵਿੱਚ 92 ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਨੌਜਵਾਨ ਪੀੜ੍ਹੀ ਨੂੰ ਗੁਰੂ ਜੀ ਦੇ ਇਨਕਲਾਬੀ ਫਲਸਫ਼ੇ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਹੈ, ਜੋ ਅੱਜ ਦੇ ਸਮੇਂ ਵਿੱਚ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਹਨ।

ਸਮਾਗਮ ਦੌਰਾਨ ਵੱਖ-ਵੱਖ ਧਾਰਮਿਕ ਸਭਾਵਾਂ ਦੇ ਆਗੂ ਵੱਡੀ ਗਿਣਤੀ ਵਿਚ ਸੰਗਤ ਨਾਲ ਮੌਜੂਦ ਸਨ। ਡਰੋਨ ਸ਼ੋਅ ਦੌਰਾਨ ਗੁਰਬਾਣੀ ਦੇ ਸ਼ਬਦ ਅਤੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।

ਇਸ ਮੌਕੇ ਸੁਖਪਾਲ ਸਿੰਘ ਐਸ.ਡੀ.ਐਮ, ਡਾ ਸੰਜੀਵ ਗੌਤਮ ਜਿਲ੍ਹਾਂ ਪ੍ਰਧਾਨ, ਕਮਿੱਕਰ ਸਿੰਘ ਡਾਢੀ ਮੈਂਬਰ ਐਸ.ਸੀ. ਕਮਿਸ਼ਨ ਪੰਜਾਬ, ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਦੀਪਕ ਸੋਨੀ ਚੇਅਰਮੈਨ ਖੱਤਰੀ/ਅਰੋੜਾ ਵੈਲਫੇਅਰ ਬੋਰਡ, ਭੁਪਿੰਦਰ ਸਿੰਘ ਚਾਨਾ ਸੈਰ ਸਪਾਟਾ ਵਿਭਾਗ ਦੇ ਜਨਰਲ ਮੈਨੇਜਰ, ਜਸ਼ਨਦੀਪ ਸਿੰਘ ਉਪ ਕਪਤਾਨ ਪੁਲਿਸ, ਦਲਜੀਤ ਸਿੰਘ, ਨਿਤਿਨ, ਅੰਕੁਸ਼, ਸੋਹਣ ਸਿੰਘ ਬੈਂਸ, ਦਲੀਪ ਹੰਸ ਚੇਅਰਮੈਨ ਦਲਿਤ ਵਿਕਾਸ ਬੋਰਡ, ਇੰਦਰਜੀਤ ਸਿੰਘ ਅਰੋੜਾ ਵਪਾਰ ਮੰਡਲ ਪ੍ਰਧਾਨ, ਬਲਵਿੰਦਰ ਸਿੰਘ ਸਰਪੰਚ, ਰਾਕੇਸ਼ ਕੁਮਾਰ ਜਾਂਦਲਾ ਹਲਕਾ ਚੈਅਰਮੈਨ ਦਲਿਤ ਵਿਕਾਸ ਬੋਰਡ, ਗੁਰਪ੍ਰੀਤ ਸਿੰਘ ਅਰੋੜਾ ਚੇਅਰਮੈਂਨ, ਸੰਦੀਪ ਕੁਮਾਰ ਨਾਇਬ ਤਹਿਸੀਲਦਾਰ, ਜਿੰਮੀ ਡਾਢੀ, ਅਮਨਦੀਪ, ਸੁਰਿੰਦਰ ਸਿੰਘ ਵਿੱਕੀ, ਸ਼ਾਮ ਕੁਮਾਰ, ਵੇਦ ਪ੍ਰਕਾਸ਼, ਸੰਨੀ ਕੁਮਾਰ, ਜਸਪਾਲ ਢਾਹੇ, ਮਾਸਟਰ ਜੈਪਾਲ, ਰਣਜੀਤ ਚੰਦ, ਮਸਤ ਰਾਮ, ਸੁਖਵਿੰਦਰ, ਰਵੀ ਕਾਂਤ, ਗੁਰਮੀਤ ਸਿੰਘ, ਯੋਗਰਾਜ ਕੋਟਲਾ, ਸੂਬੇਦਾਰ ਸੁਖਦੇਵ ਸਿੰਘ, ਅਜੈਬ ਸਿੰਘ ਸਰਪੰਚ, ਸੁਖਵਿੰਦਰ ਲਾਲ, ਅਮ੍ਰਿਤ ਸਿੰਘ ਖਰੋਟਾ, ਰਣਜੀਤ ਬੱਗਾ, ਜਸਵਿੰਦਰ ਸਿੰਘ ਵਿੱਕੀ, ਭੁਪਿੰਦਰ ਸਿੰਘ, ਪ੍ਰਕਾਸ਼ ਸਿੰਘ, ਹਰਜਿੰਦਰ ਸਿੰਘ ਮੌਰਾ, ਗਿਆਨ ਚੰਦ, ਰੋਹਿਤ ਕਾਲੀਆ, ਸੋਹਣ ਸਿੰਘ ਬੈਂਸ, ਹਾਜ਼ਰ ਸਨ।

# ‘ਸੁਨੱਖੀ ਪੰਜਾਬਣ’ ਪੰਜਾਬੀ ਸੱਭਿਆਚਾਰ ਦੀ ਖ਼ੂਬਸੂਰਤ ਪੇਸ਼ਕਾਰੀ: ਕਾਲਕਾ




**ਨਵੀਂ ਦਿੱਲੀ, 28 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਇੱਥੇ ਡਾ. ਅਵਨੀਤ ਕੌਰ ਭਾਟੀਆ ਵੱਲੋਂ ਪੰਜਾਬੀ ਸੱਭਿਆਚਾਰ, ਕੌਮ, ਮਾਂ ਬੋਲੀ, ਵਿਰਸੇ ਅਤੇ ਪੰਜਾਬੀਅਤ ਦੀ ਸ਼ਾਨ ਨੂੰ ਸਮਰਪਿਤ ਕਰਵਾਏ ਗਏ ‘ਸੁਨੱਖੀ ਪੰਜਾਬਣ ਸੀਜ਼ਨ-8’ ਦੇ ਗ੍ਰੈਂਡ ਫਿਨਾਲੇ ਸਮਾਗਮ ਦੀ ਭਰਪੂਰ ਸ਼ਲਾਘਾ ਕੀਤੀ। ਸਰਦਾਰ ਕਾਲਕਾ ਨੇ ਕਿਹਾ ਕਿ ਅਜਿਹੇ ਉਪਰਾਲੇ ਨਵੀਂ ਨੌਜਵਾਨ ਪੀੜ੍ਹੀ ਨੂੰ ਆਪਣੀ ਮਾਂ ਬੋਲੀ, ਅਮੀਰ ਵਿਰਸੇ, ਸੱਭਿਆਚਾਰਕ ਕਦਰਾਂ-ਕੀਮਤਾਂ ਅਤੇ ਪੰਜਾਬੀ ਪਛਾਣ ਨਾਲ ਜੋੜਨ ਵਿੱਚ ਵਡਮੁੱਲਾ ਯੋਗਦਾਨ ਪਾਉਂਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬੀ ਸੱਭਿਆਚਾਰ ਦੀ ਵਿਲੱਖਣਤਾ ਨੂੰ ਆਧੁਨਿਕ ਮੰਚ ਰਾਹੀਂ ਉਜਾਗਰ ਕਰਨਾ ਸ਼ਲਾਘਾਯੋਗ ਯਤਨ ਹੈ।

ਉਨ੍ਹਾਂ ਡਾ. ਅਵਨੀਤ ਕੌਰ ਭਾਟੀਆ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਨੂੰ ‘ਸੁਨੱਖੀ ਪੰਜਾਬਣ ਸੀਜ਼ਨ-8’ ਦੇ ਗ੍ਰੈਂਡ ਫਿਨਾਲੇ ਦੀ ਸਫਲਤਾ 'ਤੇ ਦਿਲੋਂ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਪੰਜਾਬੀ ਮਾਂ ਬੋਲੀ, ਵਿਰਸੇ ਅਤੇ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਲਈ ਅਜਿਹੇ ਉਪਰਾਲੇ ਜਾਰੀ ਰੱਖਣ ਦੀ ਕਾਮਨਾ ਕੀਤੀ।

# ਸਾਡੇ ਕੰਮ ਹੀ ਸਾਡੀ ਪਛਾਣ; ਕੰਮਾਂ ਦੇ ਆਧਾਰ 'ਤੇ ਹੀ ਪੈਣਗੀਆਂ ਵੋਟਾਂ : ਬਰਿੰਦਰ ਕੁਮਾਰ ਗੋਇਲ

**ਚੰਡੀਗੜ੍ਹ, 28 ਸਤੰਬਰ**
**-ਜੀ. ਐਸ. ਤੂੰਗ-**

ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸੌਰਭ ਕੰਪਲੈਕਸ, ਲਹਿਰਾਗਾਗਾ ਵਿਖੇ ਆਮ ਆਦਮੀ ਪਾਰਟੀ ਦੇ ਆਗੂਆਂ, ਅਹੁਦੇਦਾਰਾਂ, ਵਰਕਰਾਂ ਅਤੇ ਵਲੰਟੀਅਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਪਾਰਟੀ ਦੀ ਡੋਰ-ਟੂ-ਡੋਰ ਅਤੇ ਮੈਂਬਰਸ਼ਿਪ ਮੁਹਿੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਕੰਮਾਂ ਦਾ ਰਿਪੋਰਟ ਕਾਰਡ ਹਰ ਘਰ ਤੱਕ ਪਹੁੰਚਾਉਣ ਲਈ ਵਰਕਰਾਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਇਸ ਦੇ ਮਿਹਨਤੀ ਵਰਕਰ ਅਤੇ ਵਲੰਟੀਅਰ ਹਨ, ਜਿਨ੍ਹਾਂ ਨੇ ਹਮੇਸ਼ਾ ਲੋਕਾਂ ਵਿਚਕਾਰ ਰਹਿ ਕੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨਾਲ ਜੁੜਨ ਵਾਲੇ ਨਵੇਂ ਮੈਂਬਰ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਸੰਪਰਕ ਨੂੰ ਹੋਰ ਮਜ਼ਬੂਤ ਕਰਨਗੇ।

ਕੈਬਨਿਟ ਮੰਤਰੀ ਨੇ ਪਾਰਟੀ ਵਰਕਰਾਂ ਨੂੰ ਹਦਾਇਤ ਕੀਤੀ ਕਿ ਉਹ ਹਰ ਪਿੰਡ, ਹਰ ਵਾਰਡ, ਹਰ ਮੁਹੱਲੇ ਅਤੇ ਹਰ ਘਰ ਤੱਕ ਪਹੁੰਚ ਕਰਕੇ ਸਰਕਾਰ ਵੱਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ-ਭਲਾਈ ਸਕੀਮਾਂ ਬਾਰੇ ਜਾਣਕਾਰੀ ਦੇਣ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਵਾਦ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ, ਰਾਏ ਅਤੇ ਸੁਝਾਅ ਵੀ ਗੰਭੀਰਤਾ ਨਾਲ ਸੁਣੇ ਜਾਣ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਿਆਸਤ ਦਾ ਮੁੱਢਲਾ ਸਿਧਾਂਤ ਲੋਕਾਂ ਵਿਚਕਾਰ ਰਹਿ ਕੇ ਉਨ੍ਹਾਂ ਨਾਲ ਸਿੱਧਾ ਰਾਬਤਾ ਕਾਇਮ ਕਰਨਾ ਅਤੇ ਕੀਤੇ ਗਏ ਕੰਮਾਂ ਲਈ ਲੋਕਾਂ ਪ੍ਰਤੀ ਜਵਾਬਦੇਹੀ ਨਿਭਾਉਣਾ ਹੈ। ਇਸੇ ਸੋਚ ਤਹਿਤ ਪਾਰਟੀ ਦੇ ਵਰਕਰ ਅਤੇ ਵਲੰਟੀਅਰ ਪੰਜਾਬ ਦੇ ਘਰ-ਘਰ ਪਹੁੰਚ ਕੇ ਸੂਬਾ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਕੰਮਾਂ ਦਾ ਰਿਪੋਰਟ ਕਾਰਡ ਲੋਕਾਂ ਸਾਹਮਣੇ ਰੱਖ ਰਹੇ ਹਨ।

ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਸੂਬਾ ਪੱਧਰੀ ਮੁਹਿੰਮ ਤਹਿਤ ਇੱਕ ਵਿਸ਼ੇਸ਼ ਪੈਂਫਲੇਟ-ਕਮ-ਰਿਪੋਰਟ ਕਾਰਡ ਵੀ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਵਿੱਚ ਸਰਕਾਰ ਵੱਲੋਂ ਬਿਜਲੀ, ਸਿਹਤ, ਸਿੱਖਿਆ, ਮਹਿਲਾ ਭਲਾਈ ਅਤੇ ਹੋਰ ਖੇਤਰਾਂ ਵਿੱਚ ਕੀਤੀਆਂ ਪਹਿਲਕਦਮੀਆਂ ਦੇ ਨਾਲ-ਨਾਲ ਇਨ੍ਹਾਂ ਰਾਹੀਂ ਪਰਿਵਾਰਾਂ ਨੂੰ ਹੋਣ ਵਾਲੀ ਬੱਚਤ ਦਾ ਵੇਰਵਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਸਰਕਾਰ ਦੇ ਕੰਮਾਂ ਦਾ ਲੇਖਾ-ਜੋਖਾ ਲੋਕਾਂ ਸਾਹਮਣੇ ਪੇਸ਼ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਰਾਏ ਅਤੇ ਸੁਝਾਅ ਪ੍ਰਾਪਤ ਕਰਨਾ ਵੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਮ ਪਰਿਵਾਰ ਦੀ ਰੋਜ਼ਾਨਾ ਜ਼ਿੰਦਗੀ ਨਾਲ ਜੁੜੇ ਖ਼ਰਚਿਆਂ ਨੂੰ ਘਟਾਉਣ ਨੂੰ ਆਪਣੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਕੀਤਾ ਹੈ। ਉਨ੍ਹਾਂ ਕਿਹਾ ਕਿ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਨਾਲ ਵੱਡੀ ਗਿਣਤੀ ਵਿੱਚ ਘਰੇਲੂ ਖਪਤਕਾਰਾਂ ਨੂੰ ਬਿਜਲੀ ਬਿੱਲਾਂ ਤੋਂ ਰਾਹਤ ਮਿਲੀ ਹੈ। ਇਸੇ ਤਰ੍ਹਾਂ ਸਰਕਾਰੀ ਸਿਹਤ ਅਤੇ ਸਿੱਖਿਆ ਸਹੂਲਤਾਂ ਦੇ ਵਿਸਥਾਰ ਨਾਲ ਪਰਿਵਾਰਾਂ ਦੇ ਇਲਾਜ ਅਤੇ ਬੱਚਿਆਂ ਦੀ ਪੜ੍ਹਾਈ 'ਤੇ ਹੋਣ ਵਾਲੇ ਖ਼ਰਚਿਆਂ ਨੂੰ ਘਟਾਉਣ ਲਈ ਮਹੱਤਵਪੂਰਨ ਉਪਰਾਲੇ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ ‘ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ’ ਤਹਿਤ ਯੋਗ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਯੋਗ ਮਹਿਲਾਵਾਂ ਲਈ 1,500 ਰੁਪਏ ਅਤੇ ਹੋਰ ਯੋਗ ਵਰਗਾਂ ਦੀਆਂ ਮਹਿਲਾਵਾਂ ਲਈ 1,000 ਰੁਪਏ ਪ੍ਰਤੀ ਮਹੀਨਾ ਸਹਾਇਤਾ ਦਾ ਪ੍ਰਬੰਧ ਕੀਤਾ ਗਿਆ ਹੈ।



ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪਾਰਟੀ ਵੱਲੋਂ ਕੀਤੇ ਗਏ ਮੁਲਾਂਕਣ ਅਨੁਸਾਰ ਮੁਫ਼ਤ ਬਿਜਲੀ, ਸਿਹਤ ਸਹੂਲਤਾਂ, ਸਿੱਖਿਆ, ਮਹਿਲਾਵਾਂ ਲਈ ਵਿੱਤੀ ਸਹਾਇਤਾ ਅਤੇ ਹੋਰ ਲੋਕ-ਭਲਾਈ ਪਹਿਲਕਦਮੀਆਂ ਨੂੰ ਮਿਲਾ ਕੇ ਪੰਜਾਬ ਦੇ ਇੱਕ ਔਸਤ ਪਰਿਵਾਰ ਨੂੰ ਸਾਲਾਨਾ ਲਗਭਗ 1.82 ਲੱਖ ਰੁਪਏ ਤੱਕ ਦਾ ਲਾਭ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਆਪਣੇ ਘਰੇਲੂ ਬਜਟ ਦਾ ਹਿਸਾਬ ਲਗਾ ਕੇ ਖ਼ੁਦ ਦੇਖਣ ਕਿ ਇਨ੍ਹਾਂ ਸਹੂਲਤਾਂ ਸਦਕਾ ਉਨ੍ਹਾਂ ਦੇ ਖ਼ਰਚਿਆਂ ਵਿੱਚ ਕਿੰਨੀ ਕਮੀ ਆਈ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਦੇ ਕੁਦਰਤੀ ਸਰੋਤਾਂ, ਖ਼ਾਸ ਕਰਕੇ ਪਾਣੀ ਦੀ ਸੰਭਾਲ ਲਈ ਵੀ ਪੰਜਾਬ ਸਰਕਾਰ ਵੱਲੋਂ ਅਹਿਮ ਉਪਰਾਲੇ ਕੀਤੇ ਗਏ ਹਨ। ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ, ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਉਣ ਅਤੇ ਉਪਲਬਧ ਜਲ ਸਰੋਤਾਂ ਦੀ ਸੁਚੱਜੀ ਵਰਤੋਂ ਲਈ ਵੱਖ-ਵੱਖ ਪੱਧਰਾਂ 'ਤੇ ਕੰਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਲਹਿਰਾਗਾਗਾ ਅਤੇ ਖਨੌਰੀ ਇਲਾਕੇ ਦੇ ਸਰਬਪੱਖੀ ਵਿਕਾਸ ਲਈ ਸੂਬਾ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਪੀਣ ਵਾਲੇ ਸਾਫ਼ ਪਾਣੀ, ਸੜਕਾਂ, ਸਿਹਤ, ਸਿੱਖਿਆ, ਖੇਡਾਂ ਅਤੇ ਹੋਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਨੂੰ ਅੱਗੇ ਵਧਾਇਆ ਗਿਆ ਹੈ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਬਾਰੇ ਗੱਲ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਲੋਕਤੰਤਰ ਵਿੱਚ ਜਨਤਾ ਸਭ ਤੋਂ ਵੱਡੀ ਨਿਰਣਾਇਕ ਹੈ ਅਤੇ ਉਸ ਨੂੰ ਹਰ ਸਰਕਾਰ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕਰਨ ਦਾ ਪੂਰਾ ਹੱਕ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਅਤੇ ਮੌਜੂਦਾ ਸਰਕਾਰ ਦੇ ਸਾਢੇ ਚਾਰ ਸਾਲਾਂ ਦੌਰਾਨ ਹੋਏ ਕੰਮਾਂ, ਮਿਲੀਆਂ ਸਹੂਲਤਾਂ ਅਤੇ ਆਪਣੇ ਘਰੇਲੂ ਖ਼ਰਚਿਆਂ ਵਿੱਚ ਆਈ ਤਬਦੀਲੀ ਦੀ ਤੁਲਨਾ ਕਰਕੇ ਆਪਣੀ ਰਾਏ ਬਣਾਉਣ।

ਵਿਰੋਧੀ ਪਾਰਟੀਆਂ ਵੱਲੋਂ ਲਾਏ ਜਾ ਰਹੇ ਦੋਸ਼ਾਂ ਨੂੰ ਰੱਦ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰਾਂ ਸਰਕਾਰ ਦੇ ਕੰਮਾਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਗੁਮਰਾਹਕੁੰਨ ਬਿਆਨਬਾਜ਼ੀ ਕਰ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਪ੍ਰਚਾਰ ਤੋਂ ਪ੍ਰਭਾਵਿਤ ਹੋਣ ਦੀ ਬਜਾਏ ਆਪਣੇ ਅਨੁਭਵ ਅਤੇ ਤੱਥਾਂ ਦੇ ਆਧਾਰ 'ਤੇ ਸਰਕਾਰਾਂ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕਰਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਆਪਣੀ ਮੁਹਿੰਮ ਨੂੰ ਸਰਕਾਰ ਵੱਲੋਂ ਕੀਤੇ ਕੰਮਾਂ ਅਤੇ ਲੋਕਾਂ ਨੂੰ ਮਿਲੀਆਂ ਸਹੂਲਤਾਂ 'ਤੇ ਕੇਂਦਰਿਤ ਰੱਖੇਗੀ।

ਕੈਬਨਿਟ ਮੰਤਰੀ ਨੇ ਵਰਕਰਾਂ ਨੂੰ ਆਪਸੀ ਤਾਲਮੇਲ ਅਤੇ ਪੂਰੇ ਅਨੁਸ਼ਾਸਨ ਨਾਲ ਮੁਹਿੰਮ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਹਰ ਪਿੰਡ, ਹਰ ਵਾਰਡ ਅਤੇ ਹਰ ਘਰ ਤੱਕ ਸਰਕਾਰ ਦਾ ਰਿਪੋਰਟ ਕਾਰਡ ਪਹੁੰਚਾਇਆ ਜਾਵੇ।

# ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ ਵਲੋ ਕਰਵਾਇਆ ਜੀਵਨ-ਜੁਗਤ ਸੈਮੀਨਾਰ



**ਚੰਡੀਗੜ੍ਹ, 28 ਸਤੰਬਰ**
**-ਹਰਮਨਪ੍ਰੀਤ ਕੌਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

)ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ (ਰਜਿ.) ਵੱਲੋਂ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਸੈਕਟਰ 34, ਚੰਡੀਗੜ੍ਹ ਵਿਖੇ ਜੀਵਨ-ਜੁਗਤ ਸੈਮੀਨਾਰ ਕਰਵਾਇਆ ਗਿਆ ਜਾਣਕਾਰੀ ਦਿੰਦਿਆ ਡੀ ਪੀ ਸਿੰਘ ਸਾਬਕਾ ਸੀਈਓ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਸਾਬਕਾ ਸੀਈਓ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਸਾਬਕਾ ਡੀਜੀਐਮ ਪੰਜਾਬ ਐਂਡ ਸਿੰਧ ਬੈਂਕ, ਮੈਂਬਰ, ਸਲਾਹਕਾਰ ਅਤੇ ਸਾਬਕਾ ਪ੍ਰਧਾਨ ਜੀਪੀਐਸਐਸ, ਬ੍ਰਾਂਚ ਇੰਚਾਰਜ ਤੇਰਾ ਹੀ ਤੇਰਾ ਮੈਡੀਕੋਜ਼ ਨੇ ਦੱਸਿਆ ਕਿ ਇਹ ਸੈਮੀਨਾਰ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਅਤੇ ਗੁਰਗੱਦੀ ਦਿਵਸ ਨੂੰ ਸਮਰਪਿਤ ਸੀ। ਸੈਮੀਨਾਰ ਵਿੱਚ ਲਗਭਗ 125 ਵਿਅਕਤੀਆਂ ਨੇ ਸ਼ਮੂਲੀਅਤ ਕੀਤੀ ਸੈਮੀਨਾਰ ਦਾ ਵਿਸ਼ਾ ਸੇਵਾ ਦਾ ਸਿੱਖ ਸੰਕਲਪ ਸੀ। ਤਿੰਨ ਉੱਘੇ ਬੁਲਾਰਿਆਂ ਨੇ ਸੇਵਾ ਦੇ ਸੰਕਲਪ ਨੂੰ ਅਧਿਆਤਮਿਕ, ਸਮਾਜਿਕ ਅਤੇ ਮਨੋਵਿਗਿਆਨਕ ਦ੍ਰਿਸ਼ਟੀਕੋਣਾਂ ਤੋਂ ਵਿਚਾਰਿਆ। ਡਾ. ਬ੍ਰਿਜਪਾਲ ਸਿੰਘ (ਸੇਵਾਮੁਕਤ), ਜੋ ਪਹਿਲਾਂ ਐਲ.ਬੀ.ਐਸ. ਨੈਸ਼ਨਲ ਅਕੈਡਮੀ ਆਫ਼ ਐਡਮਿਨਿਸਟ੍ਰੇਸ਼ਨ, ਮਸੂਰੀ ਨਾਲ ਸੰਬੰਧਿਤ ਰਹੇ ਹਨ; ਡਾ. ਅਮਰਦੀਪ ਕੌਰ, ਐਮ.ਸੀ.ਐਮ. ਡੀ.ਏ.ਵੀ. ਕਾਲਜ, ਚੰਡੀਗੜ੍ਹ; ਅਤੇ ਡਾ. ਤਰੁਣਦੀਪ ਸਿੰਘ, ਐਡੀਸ਼ਨਲ ਪ੍ਰੋਫੈਸਰ, ਪੀ.ਜੀ.ਆਈ. ਚੰਡੀਗੜ੍ਹ (MBBS, MD), ਨੇ ਸੇਵਾ ਦੇ ਵੱਖ-ਵੱਖ ਪੱਖਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

ਬੁਲਾਰਿਆਂ ਨੇ ਉਜਾਗਰ ਕੀਤਾ ਕਿ ਸੇਵਾ ਸਿੱਖ ਜੀਵਨ ਦਾ ਇੱਕ ਕੇਂਦਰੀ ਸਿਧਾਂਤ ਹੈ, ਜੋ ਨਿਮਰਤਾ ਅਤੇ ਦਇਆ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੀ ਹੈ ਅਤੇ ਸਮਾਜ ਦੀ ਭਲਾਈ ਤੇ ਮਜ਼ਬੂਤੀ ਵਿੱਚ ਯੋਗਦਾਨ ਪਾਉਂਦੀ ਹੈ।

ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਸ. ਹਰਸ਼ ਬੀਰ ਸਿੰਘ ਨੇ ਬੁਲਾਰਿਆਂ ਅਤੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਸੈਕਟਰ 34 ਦੇ ਪ੍ਰਧਾਨ ਸ. ਤੇਜਵੰਤ ਸਿੰਘ ਗਿੱਲ ਦਾ ਉਨ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਸਿੱਖ ਜੀਵਨ ਵਿੱਚ ਸੇਵਾ ਨੂੰ ਇੱਕ ਅਟੁੱਟ ਅੰਗ ਵਜੋਂ ਅਪਣਾਉਣ ਅਤੇ ਇਸ ਦੀ ਭਾਵਨਾ ਨੂੰ ਰੋਜ਼ਾਨਾ ਜੀਵਨ ਵਿੱਚ ਅਮਲ ਵਿੱਚ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ ਬੁਲਾਰਿਆਂ ਅਤੇ ਪ੍ਰਧਾਨ ਸ. ਤੇਜਵੰਤ ਸਿੰਘ ਗਿੱਲ ਨੂੰ ਪ੍ਰਬੰਧਕ ਕਮੇਟੀ ਵੱਲੋਂ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਸੈਮੀਨਾਰ ਦੀ ਸਮਾਪਤੀ ਅਰਦਾਸ ਉਪਰੰਤ ਗੁਰੂ ਕਾ ਲੰਗਰ ਵਰਤਾਉਣ ਨਾਲ ਹੋਈ।

# ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਬਟਨ ਖੁੰਬ ਦੀ ਕਾਸ਼ਤ ਸਬੰਧੀ ਕਿੱਤਾ : ਮੁਖੀ ਸਿਖਲਾਈ ਕੋਰਸ ਕਰਵਾਇਆ

**ਫ਼ਤਹਿਗੜ੍ਹ ਸਾਹਿਬ, 28 ਸਤੰਬਰ**
**-ਜੀ. ਐਸ. ਤੂੰਗ-**

ਨੌਜਵਾਨਾਂ ਨੂੰ ਕਿਸਾਨੀ ਦੇ ਨਾਲ ਨਾਲ ਸਹਾਇਕ ਧੰਦਿਆ ਵੱਲ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਬਟਨ ਖੁੰਬ ਦੀ ਕਾਸ਼ਤ ਸੰਬੰਧੀ ਕਿੱਤਾ ਮੁੱਖੀ ਸਿਖਲਾਈ ਕੌਰਸ ਦਾ ਕਰਵਾਇਆ ਗਿਆ। ਤਕਨੀਕੀ ਕੋਆਰਡੀਨੇਟਰ ਡਾ. ਅਰਵਿੰਦ ਪ੍ਰੀਤ ਕੌਰ ਸਹਾਇਕ ਪ੍ਰੋਫੈਸਰ (ਬਾਗਬਾਨੀ) ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਟ੍ਰੇਨਿੰਗ ਦੌਰਾਨ ਨਵੇਂ ਆਏ ਸਿਖਿਆਰਥੀਆਂ ਨੂੰ ਖੁੰਬਾਂ ਦੇ ਧੰਦੇ ਨੂੰ ਅਪਨਾਉਣ ਬਾਰੇ ਵਿਸਥਾਰ ਨਾਲ ਦੱਸਿਆ ਗਿਆ।



ਉਹਨਾਂ ਦੱਸਿਆ ਕਿ ਲਗਾਤਾਰ ਪੀੜ੍ਹੀ ਦਰ ਪੀੜ੍ਹੀ ਹੋ ਰਹੀ ਖੇਤੀ ਯੋਗ ਜਮੀਨ ਦੀ ਵੰਡ ਕਾਰਨ ਕਿਸਾਨ ਇੱਕਲੇ ਖੇਤੀ ਤੇ ਨਿਰਭਰ ਹੋ ਕੇ ਆਪਣਾ ਜੀਵਨ ਬਸਰ ਨਹੀਂ ਕਰ ਸਕਦੇ, ਇਸ ਲਈ ਉਨ੍ਹਾਂ ਨੂੰ ਕੋਈ ਨਾ ਕੋਈ ਸਹਾਇਕ ਧੰਦਾ ਅਪਣਾਉਣਾ ਚਾਹੀਦਾ ਹੈ ਜੋ ਕਿ ਅਜੋਕੇ ਸਮੇਂ ਦੀ ਜਰੂਰਤ ਹੈ। ਡਾ: ਅਰਵਿੰਦ ਪ੍ਰੀਤ ਕੌਰ ਨੇ ਦੱਸਿਆ ਕਿ ਸਿੱਖਲਾਈ ਪ੍ਰੋਗਰਾਮ ਦੌਰਾਨ ਸਿੱਖਿਆਰਥੀਆਂ ਨਾਲ ਬਟਨ ਅਤੇ ਢੀਂਗਰੀ ਖੁੰਬ ਦੀ ਸਫਲਤਾਪੂਰਵਕ ਕਾਸ਼ਤ ਦੀਆਂ ਵੱਖ-ਵੱਖ ਤਕਨੀਕਾਂ, ਇਸ ਦੀ ਪੈਕਿੰਗ, ਸਾਂਭ ਸੰਭਾਲ ਅਤੇ ਮੰਡੀਕਰਨ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਸਿੱਖਿਆਰਥੀਆਂ ਨੂੰ ਕੰਪੋਸਟ, ਸਪਾਨਿੰਗ, ਤਿਆਰ ਕੰਪੋਸਟ ਦੀ ਬਿਜਾਈ ਅਤੇ ਕੇਸਿੰਗ ਆਦਿ ਤਕਨੀਕਾਂ ਬਾਰੇ ਹੱਥੀ ਤਜ਼ਰਬਾ ਕਰਵਾਇਆ ਗਿਆ। ਇਸ ਤੋਂ ਇਲਾਵਾ ਡਾ ਮਨੀਸ਼ਾ ਭਾਟੀਆ ਸਹਾਇਕ ਪ੍ਰੋਫੈਸਰ (ਗ੍ਰਹਿ ਵਿਗਿਆਨ) ਸਿੱਖਿਆਰਥੀਆਂ ਨੂੰ ਵਪਾਰਕ ਪੱਧਰ ਤੇ ਖੁੰਬਾਂ ਦੀ ਕਾਸ਼ਤ ਕਰਨ ਦੇ ਨਾਲ ਆਉਣ ਵਾਲੇ ਸਮੇਂ ਵਿੱਚ ਖੁੰਬਾਂ ਦੀ ਡੱਬਾਬੰਦੀ ਵੱਲ ਪ੍ਰੇਰਿਤ ਕੀਤਾ।

# ਜਤੋਲੀ ਵਿਖੇ 49 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਟਿਊਬਵੈਲ ਦਾ ਉਦਘਾਟਨ



**ਰੂਪਨਗਰ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਤੋਲੀ ਵਿਖੇ ਕਿਸਾਨਾਂ ਨੂੰ ਸਿੰਚਾਈ ਲਈ ਬਿਹਤਰ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਤਿਆਰ ਕੀਤੇ ਗਏ ਨਵੇਂ ਟਿਊਬਵੈਲ ਦਾ ਉਦਘਾਟਨ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਕੁਮਾਰ ਚੱਢਾ ਵੱਲੋਂ ਕੀਤਾ ਗਿਆ। ਇਸ ਮੌਕੇ ਟਿਊਬਵੈਲ ਕਾਰਪੋਰੇਸ਼ਨ ਦੇ ਅਧਿਕਾਰੀ, ਐਸ.ਡੀ.ਓ., ਐਕਸੀਅਨ ਅਤੇ ਹੋਰ ਸਬੰਧਤ ਅਧਿਕਾਰੀ ਵੀ ਮੌਜੂਦ ਸਨ। ਵਿਧਾਇਕ ਦਿਨੇਸ਼ ਕੁਮਾਰ ਚੱਢਾ ਨੇ ਕਿਹਾ ਕਿ ਖੇਤੀਬਾੜੀ ਲਈ ਪਾਣੀ ਦੀ ਉਪਲਬਧਤਾ ਕਿਸਾਨਾਂ ਲਈ ਬਹੁਤ ਮਹੱਤਵਪੂਰਨ ਹੈ ਅਤੇ ਇਸੇ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਜਤੋਲੀ ਵਿਖੇ ਇਹ ਟਿਊਬਵੈਲ ਪ੍ਰਾਜੈਕਟ ਮੁਕੰਮਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਟਿਊਬਵੈਲ ਦੇ ਨਿਰਮਾਣ 'ਤੇ ਕੁੱਲ 49 ਲੱਖ ਰੁਪਏ ਦੀ ਲਾਗਤ ਆਈ ਹੈ। ਇਹ ਟਿਊਬਵੈਲ ਲਗਭਗ 100 ਏਕੜ ਰਕਬੇ ਨੂੰ ਸਿੰਚਾਈ ਦੀ ਸਹੂਲਤ ਪ੍ਰਦਾਨ ਕਰੇਗਾ। ਟਿਊਬਵੈਲ ਦੀ ਡੂੰਘਾਈ ਕਰੀਬ 1000 ਫੁੱਟ ਹੈ, ਜਦਕਿ ਪਾਣੀ ਦੀ ਸਪਲਾਈ ਲਈ 1875 ਮੀਟਰ ਲੰਬੀ ਪਾਈਪਲਾਈਨ ਵਿਛਾਈ ਗਈ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਕਿਸਾਨਾਂ ਨੂੰ ਆਪਣੀਆਂ ਫ਼ਸਲਾਂ ਦੀ ਸਿੰਚਾਈ ਲਈ ਪਾਣੀ ਦੀ ਉਪਲਬਧਤਾ ਵਿੱਚ ਸਹੂਲਤ ਮਿਲੇਗੀ ਅਤੇ ਖੇਤੀਬਾੜੀ ਨਾਲ ਜੁੜੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਮਦਦ ਮਿਲੇਗੀ।

ਐਡਵੋਕੇਟ ਦਿਨੇਸ਼ ਕੁਮਾਰ ਚੱਢਾ ਨੇ ਕਿਹਾ ਕਿ ਇਲਾਕੇ ਦੇ ਕਿਸਾਨਾਂ ਵੱਲੋਂ ਲੰਮੇ ਸਮੇਂ ਤੋਂ ਸਿੰਚਾਈ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਦੀ ਮੰਗ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਖੇਤੀਬਾੜੀ ਨਾਲ ਸਬੰਧਤ ਜ਼ਰੂਰਤਾਂ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਵੇਂ ਟਿਊਬਵੈਲ ਨਾਲ 100 ਏਕੜ ਦੇ ਕਰੀਬ ਖੇਤੀਬਾੜੀ ਰਕਬੇ ਨੂੰ ਸਿੰਚਾਈ ਦੀ ਸਹੂਲਤ ਮਿਲਣ ਨਾਲ ਕਿਸਾਨਾਂ ਨੂੰ ਕਾਫ਼ੀ ਲਾਭ ਹੋਵੇਗਾ ਅਤੇ ਫ਼ਸਲਾਂ ਦੀ ਪੈਦਾਵਾਰ ਲਈ ਪਾਣੀ ਦੀ ਉਪਲਬਧਤਾ ਹੋਰ ਸੁਚਾਰੂ ਬਣੇਗੀ।

ਇਸ ਮੌਕੇ ਟਿਊਬਵੈਲ ਕਾਰਪੋਰੇਸ਼ਨ ਦੇ ਐਸ.ਡੀ.ਓ., ਐਕਸੀਅਨ ਅਤੇ ਹੋਰ ਅਧਿਕਾਰੀਆਂ ਨੇ ਵਿਧਾਇਕ ਨੂੰ ਪ੍ਰਾਜੈਕਟ ਦੀ ਤਕਨੀਕੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਟਿਊਬਵੈਲ ਨੂੰ ਤਕਨੀਕੀ ਮਾਪਦੰਡਾਂ ਅਨੁਸਾਰ ਤਿਆਰ ਕੀਤਾ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਕਰੀਬ 1000 ਫੁੱਟ ਡੂੰਘੇ ਟਿਊਬਵੈਲ ਤੋਂ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ 1875 ਮੀਟਰ ਲੰਬੀ ਪਾਈਪਲਾਈਨ ਵਿਛਾਈ ਗਈ ਹੈ। ਵਿਧਾਇਕ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਟਿਊਬਵੈਲ ਨਾਲ ਸਬੰਧਤ ਸਾਰੇ ਪ੍ਰਬੰਧਾਂ ਦੀ ਨਿਯਮਤ ਨਿਗਰਾਨੀ ਕੀਤੀ ਜਾਵੇ ਅਤੇ ਕਿਸਾਨਾਂ ਨੂੰ ਪਾਣੀ ਦੀ ਸਪਲਾਈ ਵਿੱਚ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ। ਵਿਧਾਇਕ ਦਿਨੇਸ਼ ਕੁਮਾਰ ਚੱਢਾ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਅਤੇ ਕਿਸਾਨਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਤੋਲੀ ਟਿਊਬਵੈਲ ਨਾਲ ਨਾ ਸਿਰਫ਼ ਸਿੰਚਾਈ ਦੀ ਸਹੂਲਤ ਵਿੱਚ ਸੁਧਾਰ ਹੋਵੇਗਾ, ਸਗੋਂ ਇਸ ਨਾਲ ਖੇਤੀਬਾੜੀ ਨਾਲ ਜੁੜੇ ਲੋਕਾਂ ਨੂੰ ਵੀ ਸਿੱਧਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਅਤੇ ਕਿਸਾਨਾਂ ਵੱਲੋਂ ਉਠਾਈਆਂ ਜਾਂਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਸਬੰਧਤ ਵਿਭਾਗਾਂ ਰਾਹੀਂ ਹੱਲ ਕਰਵਾਉਣ ਲਈ ਯਤਨ ਜਾਰੀ ਰਹਿਣਗੇ। ਇਸ ਮੌਕੇ ਚੌਧਰੀ ਹੁਸਨ ਲਾਲ ਚੌਹਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਰਨੈਲ ਲਾਲੀ, ਸੰਮਤੀ ਮੈਂਬਰ ਹਰਵਿੰਦਰ ਬਿੰਦੀ, ਬਲਾਕ ਸੰਮਤੀ ਮੈਂਬਰ ਸਤਨਾਮ ਨਾਗਰਾ, ਚਮਨ ਭਾਟੀਆ, ਡਾਇਰੈਕਟਰ ਨਰਿੰਦਰ ਝਾਂਡੀਆਂ, ਸ਼ਾਮ ਕਿਸਾਨਾ, ਰਜਿੰਦਰ ਕੁਮਾਰ ਸਾਬਕਾ ਸਰਪੰਚ, ਭਜਨ ਲਾਲ ਸੋਢੀ, ਮੋਹਨ ਲਾਲ ਠੇਕੇਦਾਰ ਭੂੰਬਲਾ, ਮਲਕੀਤ ਸਿੰਘ ਸਾਬਕਾ ਸਰਪੰਚ, ਰਕੇਸ਼, ਨਰਿੰਦਰ ਕੁਮਾਰ ਬੰਟੀ ਭੂੰਬਲਾ, ਸ਼ਰਨ ਦਾਸ, ਜੋਗਿੰਦਰ ਸਰਪੰਚ, ਰਾਮ ਚੰਦ, ਕਮਲ ਚੌਧਰੀ, ਬੇਅੰਤ ਰਾਏ ਸੈਣੀ, ਨਾਨਕ ਚੰਦ ਜੀਤੀ ਚੌਧਰੀ, ਹੈਪੀ ਚੌਧਰੀ, ਸੋਹਨ ਲਾਲ ਚੌਧਰੀ, ਮੋਹਨ ਲਾਲ ਹਾਜ਼ਰ ਸਨ।

# ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਸਾਰਿਆਂ ਲਈ ਸਰਵਉੱਚ ਹਨ; ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਲਈ ਸਖ਼ਤ ਤੋਂ ਸਖ਼ਤ ਕਾਨੂੰਨ ਯਕੀਨੀ ਬਣਾਇਆ ਜਾਵੇਗਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਚੰਡੀਗੜ੍ਹ 28 ਸਤੰਬਰ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਦੁਹਰਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਸਾਰਿਆਂ ਲਈ ਸਰਵਉੱਚ ਹੈ ਅਤੇ ਉਨ੍ਹਾਂ ਦੀ ਸਰਕਾਰ ਬੇਅਦਬੀ ਵਿਰੁੱਧ ਸਖ਼ਤ ਤੋਂ ਸਖ਼ਤ ਕਾਨੂੰਨੀ ਢਾਂਚੇ ਨੂੰ ਯਕੀਨੀ ਬਣਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਸੂਬਾ ਸਰਕਾਰ ਵੱਲੋਂ ਗਠਿਤ ਸੱਤ ਮੈਂਬਰੀ ਉੱਚ-ਪੱਧਰੀ ਕਮੇਟੀ ਨਾਲ ਹੋਈ ਵਿਸਥਾਰਤ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਬੇਅਦਬੀ ਕਰਨ ਵਾਲਿਆਂ ਲਈ ਉਮਰ ਕੈਦ ਅਤੇ ਭਾਰੀ ਜੁਰਮਾਨੇ ਇਸ ਕਾਨੂੰਨ ਦਾ ਮੁੱਖ ਆਧਾਰ ਹਨ ਅਤੇ ਇਸ ਵਿੱਚ ਕੋਈ ਢਿੱਲ ਨਹੀਂ ਦਿੱਤੀ ਜਾ ਸਕਦੀ।

ਅੱਜ ਇੱਥੇ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਹੋਈ ਇਸ ਮੀਟਿੰਗ ਵਿੱਚ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਦੀਆਂ ਕੁਝ ਧਾਰਾਵਾਂ ਬਾਰੇ ਉਠਾਏ ਗਏ ਖਦਸ਼ਿਆਂ ਬਾਰੇ ਅਤੇ ਸਲਾਹ-ਮਸ਼ਵਰੇ ਤੇ ਆਪਸੀ ਸਹਿਮਤੀ ਨਾਲ ਇਹਨਾਂ ਦੇ ਹੱਲ ਬਾਰੇ ਚਰਚਾ ਕੀਤੀ ਗਈ। ਉਨ੍ਹਾਂ ਕਮੇਟੀ ਨੂੰ ਹਦਾਇਤ ਕੀਤੀ ਕਿ ਉਹ ਪ੍ਰਸਤਾਵਿਤ ਸੋਧਾਂ ਦੀ ਸਮੀਖਿਆ ਕਰਨ, ਸੁਝਾਵਾਂ 'ਤੇ ਵਿਚਾਰ ਕਰਨ ਅਤੇ ਸਹਿਮਤੀ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਵਿਸਥਾਰਪੂਰਵਕ ਅਤੇ ਨਿਰੰਤਰ ਮੀਟਿੰਗਾਂ ਕਰਨ। ਉਨ੍ਹਾਂ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਇਹ ਕਾਨੂੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਪ੍ਰਤੀ ਆਪਣੀ ਭਾਵਨਾ ਉੱਤੇ ਕਾਇਮ ਰਹੇ ਅਤੇ ਸਿੱਖ ਸੰਗਤ ਦੇ ਵਲੂੰਧਰੇ ਹਿਰਦਿਆਂ 'ਤੇ ਮੱਲ੍ਹਮ ਲਾਉਣ ਦਾ ਕੰਮ ਕੀਤਾ ਹੈ।

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਇਸ ਕਾਨੂੰਨ ਦੀਆਂ ਮੱਦਾਂ ਬਾਰੇ ਚਰਚਾ ਕਰਨ ਅਤੇ ਸਹਿਮਤੀ ਬਣਾਉਣ ਦੀ ਦਿਸ਼ਾ ਵਿੱਚ ਕੰਮ ਕਰਦੇ ਸਮੇਂ, ਇਸ ਕਾਨੂੰਨ ਦੀ ਮੂਲ ਭਾਵਨਾ ਅਤੇ ਮੁੱਖ ਮਕਸਦ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਣਾ ਚਾਹੀਦਾ। ਬੇਅਦਬੀ ਕਰਨ ਵਾਲਿਆਂ ਲਈ ਉਮਰ ਕੈਦ ਅਤੇ ਭਾਰੀ ਜੁਰਮਾਨੇ ਦੀ ਵਿਵਸਥਾ ਇਸ ਕਾਨੂੰਨ ਦਾ ਮੁੱਖ ਆਧਾਰ ਹੈ। ਇਸ ਲਈ ਇਸ ਵਿੱਚ ਕੋਈ ਢਿੱਲ ਨਹੀਂ ਦਿੱਤੀ ਜਾਣੀ ਚਾਹੀਦੀ।

ਮੁੱਖ ਮੰਤਰੀ ਨੇ ਕਿਹਾ, ਇਸ ਵਿੱਚ ਕੋਈ ਸ਼ੱਕ ਨਹੀਂ ਕਿ ਇਸ ਕਾਨੂੰਨ ਨੇ ਬੇਅਦਬੀ ਦੀਆਂ ਵਾਰ-ਵਾਰ ਵਾਪਰ ਰਹੀਆਂ ਘਟਨਾਵਾਂ ਕਾਰਨ ਸਿੱਖ ਸੰਗਤ ਦੇ ਵਲੂੰਧਰੇ ਹਿਰਦਿਆਂ ਨੂੰ ਰਾਹਤ ਪ੍ਰਦਾਨ ਕੀਤੀ ਹੈ। ਪਹਿਲੀ ਵਾਰ, ਅਜਿਹਾ ਘਿਨਾਉਣਾ ਅਪਰਾਧ ਕਰਨ ਬਾਰੇ ਸੋਚਣ ਵਾਲਿਆਂ ਵਿੱਚ ਖੌਫ ਦੀ ਭਾਵਨਾ ਪੈਦਾ ਹੋ ਰਹੀ ਹੈ।

ਉਨ੍ਹਾਂ ਅੱਗੇ ਕਿਹਾ, ਸਾਡੀ ਸਰਕਾਰ ਦਾ ਮੁੱਖ ਮਕਸਦ ਬੇਅਦਬੀ ਦੇ ਦੋਸ਼ੀਆਂ ਲਈ ਸਖ਼ਤ ਤੋਂ ਸਖ਼ਤ ਸਜ਼ਾ ਯਕੀਨੀ ਬਣਾਉਣਾ ਹੈ ਤਾਂ ਜੋ ਕੋਈ ਵੀ ਵਿਅਕਤੀ ਕਦੇ ਵੀ ਅਜਿਹਾ ਗੰਭੀਰ ਅਪਰਾਧ ਕਰਨ ਦੀ ਹਿੰਮਤ ਨਾ ਕਰ ਸਕੇ। 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਦੀਆਂ ਕੁਝ ਧਾਰਾਵਾਂ ਬਾਰੇ ਕੁਝ ਖਦਸ਼ੇ ਪ੍ਰਗਟਾਏ ਗਏ ਹਨ ਅਤੇ ਅਸੀਂ ਇਨ੍ਹਾਂ ਖਦਸ਼ਿਆਂ 'ਤੇ ਪੂਰੀ ਤਰ੍ਹਾਂ ਵਿਚਾਰ ਕਰਨ ਲਈ ਤਿਆਰ ਹਾਂ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਮਕਸਦ ਲਈ ਸਾਡੀ ਸਰਕਾਰ ਨੇ ਧਾਰਮਿਕ ਖੇਤਰ ਨਾਲ ਜੁੜੀਆਂ ਉੱਘੀਆਂ ਸ਼ਖ਼ਸੀਅਤਾਂ, ਬੁੱਧੀਜੀਵੀਆਂ ਅਤੇ ਕਾਨੂੰਨੀ ਮਾਹਿਰਾਂ ਵਾਲੀ ਸੱਤ ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਇਹ ਕਮੇਟੀ ਸ੍ਰੀ ਅਕਾਲ



ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਵਿਸਥਾਰਪੂਰਵਕ ਸਲਾਹ-ਮਸ਼ਵਰਾ ਕਰੇਗੀ ਅਤੇ ਸੂਬਾ ਸਰਕਾਰ ਨੂੰ ਢੁਕਵੀਂ ਸੋਧ ਦੇਣ ਤੋਂ ਪਹਿਲਾਂ ਕਾਨੂੰਨ ਦੇ ਹਰ ਪਹਿਲੂ ਦੀ ਘੋਖ ਕਰੇਗੀ।

ਮੁੱਖ ਮੰਤਰੀ ਨੇ ਕਿਹਾ, ਸੁਝਾਈਆਂ ਗਈਆਂ ਸੋਧਾਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਜਾਵੇਗੀ ਤਾਂ ਜੋ ਸਾਰੇ ਕਾਨੂੰਨੀ, ਸੰਵਿਧਾਨਕ ਅਤੇ ਹੋਰ ਸਬੰਧਤ ਪਹਿਲੂਆਂ ਨੂੰ ਧਿਆਨ ਵਿੱਚ ਰੱਖਦਿਆਂ ਕੋਈ ਸੁਖਾਵਾਂ ਹੱਲ ਕੱਢਿਆ ਜਾ ਸਕੇ। ਮੈਂ ਨੋਡਲ ਅਧਿਕਾਰੀ, ਪੀ.ਸੀ.ਐਸ. ਹਰਜੀਤ ਸਿੰਘ ਸੰਧੂ ਨੂੰ ਹਦਾਇਤ ਕੀਤੀ ਹੈ ਕਿ ਉਹ ਭਵਿੱਖ ਦੀਆਂ ਮੀਟਿੰਗਾਂ ਲਈ ਮੁਕੰਮਲ ਤਾਲਮੇਲ ਯਕੀਨੀ ਬਣਾਉਣ ਅਤੇ ਕਮੇਟੀ ਨੂੰ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਉਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੈਂ ਕਮੇਟੀ ਮੈਂਬਰਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਲਗਾਤਾਰ ਮੀਟਿੰਗਾਂ ਕਰਨ ਲਈ ਆਖਿਆ ਹੈ ਤਾਂ ਜੋ ਆਪਸੀ ਵਿਚਾਰ-ਵਟਾਂਦਰੇ ਅਤੇ ਸਹਿਮਤੀ ਨਾਲ ਲੋੜ ਮੁਤਾਬਕ ਕਾਨੂੰਨ ਵਿੱਚ ਜ਼ਰੂਰੀ ਸੋਧਾਂ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕੇ। ਇਸ ਲਈ ਨਿਰੰਤਰ ਮੀਟਿੰਗਾਂ ਕੀਤੀਆਂ ਜਾਣੀਆਂ ਚਾਹੀਦੀਆਂ ਹਨ ਤਾਂ ਜੋ ਦੋਵਾਂ ਧਿਰਾਂ ਦੀ ਤਸੱਲੀ ਹੋਣ 'ਤੇ ਸਰਬਸੰਮਤੀ ਬਣਾਈ ਜਾ ਸਕੇ।

ਮੁੱਖ ਮੰਤਰੀ ਨੇ ਅੱਗੇ ਕਿਹਾ, ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਸਾਰਿਆਂ ਲਈ ਸਰਵਉੱਚ ਹੈ ਅਤੇ ਮੈਂ ਆਪਣੇ ਆਪ ਨੂੰ ਵਡਭਾਗਾ ਸਮਝਦਾ ਹਾਂ ਕਿ ਮੈਨੂੰ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾ ਕੇ ਸੇਵਾ ਕਰਨ ਦਾ ਸੁਭਾਗ ਹਾਸਲ ਹੋਇਆ ਹੈ। ਸਾਡੀ ਸਰਕਾਰ ਇਸ ਸਮੁੱਚੀ ਪ੍ਰਕਿਰਿਆ ਨੂੰ ਪੂਰੇ ਸਤਿਕਾਰ ਅਤੇ ਸੰਵੇਦਨਸ਼ੀਲਤਾ ਨਾਲ ਨੇਪਰੇ ਚਾੜ੍ਹੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਬਿੱਲ ਕਾਨੂੰਨੀ ਮਾਹਿਰਾਂ ਨਾਲ ਵਿਆਪਕ ਸਲਾਹ-ਮਸ਼ਵਰੇ ਤੋਂ ਬਾਅਦ ਤਿਆਰ ਕੀਤਾ ਗਿਆ ਸੀ, ਜਿਸ ਦਾ ਸਪੱਸ਼ਟ ਉਦੇਸ਼ ਇਹ ਯਕੀਨੀ ਬਣਾਉਣਾ ਸੀ ਕਿ ਇਸ ਵਿੱਚ ਅਜਿਹੀ ਕੋਈ ਕਮੀ ਜਾਂ ਖਾਮੀ ਨਾ ਰਹਿ ਜਾਵੇ ਜੋ ਭਵਿੱਖ ਵਿੱਚ ਇਸ ਦੀ ਪ੍ਰਭਾਵਸ਼ੀਲਤਾ ਨੂੰ ਕਮਜ਼ੋਰ ਕਰ ਸਕੇ। ਜਦੋਂ ਵੀ ਬੇਅਦਬੀ ਦੀ ਕੋਈ ਘਟਨਾ ਵਾਪਰਦੀ ਹੈ, ਤਾਂ ਇਹ ਲੋਕਾਂ ਦੇ ਹਿਰਦਿਆਂ ਅਤੇ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਉਂਦੀ ਹੈ ਅਤੇ ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਨੇ ਬਿਲਕੁਲ ਨਵਾਂ ਕਾਨੂੰਨ ਲਿਆਉਣ ਦੀ ਬਜਾਏ ਮੌਜੂਦਾ ਕਾਨੂੰਨ ਵਿੱਚ ਸੋਧ ਕਰਨ ਦਾ ਫੈਸਲਾ ਕੀਤਾ ਤਾਂ ਜੋ ਸੋਧੇ ਹੋਏ ਕਾਨੂੰਨ ਨੂੰ ਮਨਜ਼ੂਰੀ ਲਈ ਰਾਜਪਾਲ ਕੋਲ ਭੇਜਿਆ ਜਾ ਸਕੇ। ਸਾਡਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕਾਨੂੰਨੀ ਢਾਂਚਾ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਬਣਿਆ ਰਹੇ ਅਤੇ ਹਰ ਜਾਇਜ਼ ਕਾਨੂੰਨੀ ਅਤੇ ਸੰਵਿਧਾਨਕ ਚਿੰਤਾ ਦਾ ਨਿਪਟਾਰਾ ਵੀ ਕੀਤਾ ਜਾ ਸਕੇ।

ਉਨ੍ਹਾਂ ਕਿਹਾ, ਸਾਡੀ ਸਰਕਾਰ ਇੱਕ ਸਖ਼ਤ ਕਾਨੂੰਨ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਜੋ ਬੇਅਦਬੀ ਕਰਨ ਵਾਲੇ ਕਿਸੇ ਵੀ ਵਿਅਕਤੀ ਲਈ ਸਖ਼ਤ ਤੋਂ ਸਖ਼ਤ ਸਜ਼ਾ ਨਿਰਧਾਰਤ ਕੀਤੀ ਜਾ ਸਕੇ। ਅਤੀਤ ਵਿੱਚ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਨੇ ਸਿੱਖ ਸੰਗਤ ਦੀਆਂ ਭਾਵਨਾਵਾਂ ਅਤੇ ਮਨਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਅਤੇ ਮਰਿਆਦਾ ਦੀ ਪੂਰੀ ਤਰ੍ਹਾਂ ਸੁਰੱਖਿਆ ਯਕੀਨੀ ਬਣਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜੀਆਂ ਭਾਵਨਾਵਾਂ ਦਾ ਪੂਰਾ ਸਤਿਕਾਰ ਕਰਦੇ ਹਾਂ ਅਤੇ ਕਾਨੂੰਨ ਬੇਅਦਬੀ ਵਿਰੁੱਧ ਸਭ ਤੋਂ ਮਜ਼ਬੂਤ ਢਾਂਚਾ ਪ੍ਰਦਾਨ ਕਰਨਾ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡਾਂਗੇ।

ਉਨ੍ਹਾਂ ਕਿਹਾ, ਪ੍ਰਸਤਾਵਿਤ ਸੋਧਾਂ ਨੂੰ ਬਹੁਤ ਹੀ ਸੰਵੇਦਨਸ਼ੀਲਤਾ ਅਤੇ ਜ਼ਿੰਮੇਵਾਰੀ ਨਾਲ, ਸੰਵਿਧਾਨਕ ਅਤੇ ਕਾਨੂੰਨੀ ਸਿਧਾਂਤਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਦਿਆਂ ਅੱਗੇ ਵਧਾਇਆ ਜਾਵੇਗਾ। ਸੂਬਾ ਸਰਕਾਰ ਦਾ ਉਦੇਸ਼ ਸਪੱਸ਼ਟ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਪੂਰੀ ਤਰ੍ਹਾਂ ਸੁਰੱਖਿਅਤ ਰਹਿਣੀ ਚਾਹੀਦੀ ਹੈ ਅਤੇ ਕਾਨੂੰਨ ਨੂੰ ਆਪਣੇ ਨਿਰਧਾਰਤ ਮਕਸਦ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੂਰਾ ਕਰਨਾ ਚਾਹੀਦਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ, ਕਮੇਟੀ ਦਾ ਵਿਚਾਰ-ਵਟਾਂਦਰਾ ਸਿੱਖ ਪੰਥ ਦੀਆਂ ਭਾਵਨਾਵਾਂ ਦੇ ਮੁਤਾਬਕ ਸਕਾਰਾਤਮਕ ਨਤੀਜੇ ਵੱਲ ਜਾਵੇਗਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਲਈ ਕਾਨੂੰਨੀ ਢਾਂਚੇ ਨੂੰ ਹੋਰ ਮਜ਼ਬੂਤ ਕਰੇਗਾ। ਮੀਟਿੰਗ ਵਿੱਚ ਸ਼ਾਮਲ ਸੱਤ-ਮੈਂਬਰੀ ਉੱਚ-ਪੱਧਰੀ ਕਮੇਟੀ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ, ਦਮਦਮੀ ਟਕਸਾਲ ਦੀ ਨੁਮਾਇੰਦਗੀ ਕਰ ਰਹੇ ਬਾਬਾ ਸਾਹਿਬ ਸਿੰਘ, ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜਾ, ਜਸਟਿਸ (ਸੇਵਾ-ਮੁਕਤ) ਜਸਪਾਲ ਸਿੰਘ, ਜਸਟਿਸ (ਸੇਵਾ-ਮੁਕਤ) ਗੁਰਬੀਰ ਸਿੰਘ, ਆਈ.ਪੀ.ਐਸ. (ਸੇਵਾ-ਮੁਕਤ) ਜਤਿੰਦਰ ਸਿੰਘ ਔਲਖ ਅਤੇ ਕਾਨੂੰਨੀ ਅਧਿਕਾਰੀ ਪ੍ਰੀਤ ਇੰਦਰ ਪਾਲ ਸਿੰਘ ਸ਼ਾਮਲ ਸਨ। ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਮੀਟਿੰਗ ਵਿੱਚ ਆਨਲਾਈਨ ਸ਼ਮੂਲੀਅਤ ਕੀਤੀ।

ਇਸ ਮੌਕੇ ਪੰਜਾਬ ਬਿਊਰੋ ਆਫ਼ ਇਨਵੈਸਟੀਗੇਸ਼ਨ ਦੇ ਡਾਇਰੈਕਟਰ ਐਲ.ਕੇ. ਯਾਦਵ, ਵਕੀਲ ਜੀ.ਐਸ. ਘੁੰਮਣ ਅਤੇ ਜੀ.ਪੀ.ਐਸ. ਘੁੰਮਣ ਦੇ ਨਾਲ-ਨਾਲ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।



# ਹਰਿਆਣਾ ਖ਼ਬਰਨਾਮਾ



## ਮੁੱਖ ਮੰਤਰੀ ਨੇ ਗੁਰੂਗ੍ਰਾਮ ਵਿੱਚ ਸ਼੍ਰੀ ਰਾਮ ਜਨਮਭੂਮੀ ਅੰਦੋਲਨ ਵਿੱਚ ਅਸ਼ੋਕ ਸਿੰਘਲ ਦੇ ਯੋਗਦਾਨ ਨੂੰ ਯਾਦ ਕੀਤਾ, ਅਸ਼ੋਕ ਸਿੰਘਲ ਦੇ ਜਨਮ ਸ਼ਤਾਬਦੀ ਵਰ੍ਹੇ ਦੇ ਉਦਘਾਟਨੀ ਸਮਾਰੋਹ ਵਿੱਚ ਕੀਤੀ ਸ਼ਿਰਕਤ

**ਚੰਡੀਗੜ੍ਹ, 28 ਸਤੰਬਰ**
**-ਸੰਜੀਵ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਸ਼੍ਰੀ ਅਸ਼ੋਕ ਸਿੰਘਲ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੀ ਪ੍ਰਤਿਭਾ, ਆਪਣਾ ਸਮਾਂ ਅਤੇ ਆਪਣਾ ਪੂਰਾ ਜੀਵਨ ਭਾਰਤ ਦੀ ਸੱਭਿਆਚਾਰਕ ਚੇਤਨਾ ਨੂੰ ਜਗਾਉਣ ਲਈ ਸਮਰਪਿਤ ਕਰ ਦਿੱਤਾ। ਸ਼੍ਰੀ ਰਾਮ ਜਨਮਭੂਮੀ ਅੰਦੋਲਨ ਵਿੱਚ ਵੀ ਉਨ੍ਹਾਂ ਨੇ ਵਿਆਪਕ ਜਨ-ਸੰਪਰਕ ਅਤੇ ਸੰਗਠਨ ਰਾਹੀਂ ਇਸ ਅੰਦੋਲਨ ਨੂੰ ਦੇਸ਼ ਦੇ ਅਨੇਕਾਂ ਹਿੱਸਿਆਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਮੁੱਖ ਮੰਤਰੀ ਨੇ ਇਹ ਗੱਲਾਂ ਐਤਵਾਰ ਨੂੰ ਗੁਰੂਗ੍ਰਾਮ ਯੂਨੀਵਰਸਿਟੀ ਵਿੱਚ ਵਿਸ਼ਵ ਹਿੰਦੂ ਪ੍ਰੀਸ਼ਦ ਵੱਲੋਂ ਆਯੋਜਿਤ ਅਸ਼ੋਕ ਸਿੰਘਲ ਜੀ ਦੇ ਜਨਮ ਸ਼ਤਾਬਦੀ ਵਰ੍ਹੇ ਦੇ ਉਦਘਾਟਨੀ ਸਮਾਰੋਹ ਨੂੰ ਸੰਬੋਧਿਤ ਕਰਦਿਆਂ ਕਹੀਆਂ। ਇਸ ਤੋਂ ਪਹਿਲਾਂ ਉਨ੍ਹਾਂ ਨੇ ਯੂਨੀਵਰਸਿਟੀ ਕੰਪਲੈਕਸ ਵਿੱਚ ਅਸ਼ੋਕ ਸਿੰਘਲ ਜੀ 'ਤੇ ਆਧਾਰਿਤ ਪ੍ਰਦਰਸ਼ਨੀ ਦਾ ਵੀ ਜਾਇਜ਼ਾ ਲਿਆ। ਸਮਾਰੋਹ ਵਿੱਚ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ, ਸੋਹਨਾ ਦੇ ਵਿਧਾਇਕ ਤੇਜਪਾਲ ਤੰਵਰ, ਪਟੌਦੀ ਦੀ ਵਿਧਾਇਕ ਬਿਮਲਾ ਚੌਧਰੀ, ਗੁਰੂਗ੍ਰਾਮ ਦੇ ਵਿਧਾਇਕ ਮੁਕੇਸ਼ ਸ਼ਰਮਾ ਅਤੇ ਮੇਅਰ ਨਗਰ ਨਿਗਮ ਗੁਰੂਗ੍ਰਾਮ ਰਾਜਰਾਣੀ ਮਲਹੋਤਰਾ ਮੌਜੂਦ ਰਹੇ।



**ਨੌਜਵਾਨਾਂ ਲਈ ਪ੍ਰੇਰਨਾ ਹੈ ਅਸ਼ੋਕ ਸਿੰਘਲ ਜੀ ਦਾ ਜੀਵਨ**

ਮੁੱਖ ਮੰਤਰੀ ਨੇ ਕਿਹਾ ਕਿ ਕੁੱਝ ਮਹਾਂਪੁਰਖਾਂ ਦਾ ਜੀਵਨ ਅਜਿਹਾ ਹੁੰਦਾ ਹੈ, ਜਿਨ੍ਹਾਂ ਦੀ ਪ੍ਰੇਰਨਾ ਸਮੇਂ ਦੇ ਨਾਲ ਹੋਰ ਡੂੰਘੀ ਹੁੰਦੀ ਜਾਂਦੀ ਹੈ। ਉਨ੍ਹਾਂ ਦੇ ਆਦਰਸ਼ ਭਵਿੱਖ ਦੀਆਂ ਪੀੜ੍ਹੀਆਂ ਨੂੰ ਦਿਸ਼ਾ ਦਿੰਦੇ ਹਨ ਅਤੇ ਉਨ੍ਹਾਂ ਦੇ ਤਿਆਗ ਨਾਲ ਸਮਾਜ ਨੂੰ ਸ਼ਕਤੀ ਮਿਲਦੀ ਹੈ। ਅਸ਼ੋਕ ਸਿੰਘਲ ਜੀ ਦਾ ਜੀਵਨ ਨੌਜਵਾਨਾਂ ਲਈ ਵੀ ਵੱਡੀ ਸੀਖ ਹੈ। ਉਨ੍ਹਾਂ ਨੇ ਨਿੱਜੀ ਤਰੱਕੀ ਦੇ ਮੌਕਿਆਂ ਦੀ ਬਜਾਏ ਆਪਣੇ ਗਿਆਨ ਅਤੇ ਸਮਰੱਥਾ ਨੂੰ ਸਮਾਜ ਦੇ ਕੰਮ ਵਿੱਚ ਲਗਾਉਣ ਦਾ ਰਸਤਾ ਚੁਣਿਆ।

**ਸੱਭਿਆਚਾਰਕ ਏਕਤਾ ਅਤੇ ਸਮਾਜਿਕ ਜੁੜਾਅ ਨੂੰ ਦਿੱਤਾ ਮਹੱਤਵ**

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਸ਼ੋਕ ਸਿੰਘਲ ਜੀ ਨੇ ਸੰਤਾਂ, ਧਰਮਾਚਾਰੀਆਂ, ਸਮਾਜਿਕ ਵਰਕਰਾਂ ਅਤੇ ਆਮ ਪਰਿਵਾਰਾਂ ਨੂੰ ਵਿਆਪਕ ਸੱਭਿਆਚਾਰਕ ਉਦੇਸ਼ਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਭਾਰਤ ਦੀਆਂ ਭਾਸ਼ਾਵਾਂ, ਪਹਿਰਾਵੇ ਅਤੇ ਪਰੰਪਰਾਵਾਂ ਵਿੱਚ ਵਿਭਿੰਨਤਾ ਹੋਣ ਦੇ ਬਾਵਜੂਦ ਸੱਭਿਆਚਾਰਕ ਸਾਂਝ ਦਾ ਭਾਵ ਸਾਡੀ ਵਿਸ਼ੇਸ਼ਤਾ ਹੈ। ਅਸ਼ੋਕ ਸਿੰਘਲ ਜੀ ਦੇ ਜੀਵਨ ਤੋਂ ਆਪਸੀ ਸੰਵਾਦ ਵਧਾਉਣ, ਵਿਸ਼ਵਾਸ ਮਜ਼ਬੂਤ ਕਰਨ ਅਤੇ ਸਮਾਜ ਵਿੱਚ ਸਹਿਯੋਗ ਦੀ ਭਾਵਨਾ ਵਿਕਸਿਤ ਕਰਨ ਦੀ ਪ੍ਰੇਰਨਾ ਮਿਲਦੀ ਹੈ।

**ਭਾਰਤੀ ਗਿਆਨ ਪਰੰਪਰਾ ਨੂੰ ਸਮਝਣ ਦੀ ਨੌਜਵਾਨਾਂ ਨੂੰ ਅਪੀਲ**

ਮੁੱਖ ਮੰਤਰੀ ਨੇ ਕਿਹਾ ਕਿ ਆਪਣੀਆਂ ਪਰੰਪਰਾਵਾਂ ਨੂੰ ਸਮਝਣਾ, ਪ੍ਰਸ਼ਨ ਪੁੱਛਣਾ, ਅਸਲ ਗ੍ਰੰਥਾਂ ਨੂੰ ਪੜ੍ਹਨਾ ਅਤੇ ਵਿਦਵਾਨਾਂ ਨਾਲ ਸੰਵਾਦ ਕਰਨਾ ਨੌਜਵਾਨਾਂ ਦੀ ਸ਼ਖਸੀਅਤ ਨੂੰ ਖੁਸ਼ਹਾਲ ਬਣਾਉਂਦਾ ਹੈ। ਆਪਣੀ ਵਿਰਾਸਤ ਦਾ ਗਿਆਨ ਆਤਮ-ਵਿਸ਼ਵਾਸ ਦਿੰਦਾ ਹੈ ਅਤੇ ਦੁਨੀਆ ਤੋਂ ਸਿੱਖਣ ਤੇ ਦੁਨੀਆ ਨੂੰ ਕੁੱਝ ਨਵਾਂ ਦੇਣ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਮਜ਼ਬੂਤ ਜੜ੍ਹਾਂ ਵਾਲਾ ਰੁੱਖ ਹੀ ਅਸਮਾਨ ਵੱਲ ਉੱਚਾ ਉੱਠਦਾ ਹੈ।

**ਜਨਮ ਸ਼ਤਾਬਦੀ ਪ੍ਰੋਗਰਾਮਾਂ ਨੂੰ ਸੇਵਾ ਕਾਰਜਾਂ ਨਾਲ ਜੋੜਨ ਦੀ ਅਪੀਲ**

ਮੁੱਖ ਮੰਤਰੀ ਨੇ ਵਿਸ਼ਵ ਹਿੰਦੂ ਪ੍ਰੀਸ਼ਦ ਅਤੇ ਸਮਾਜਿਕ ਸੰਸਥਾਵਾਂ ਨੂੰ ਜਨਮ ਸ਼ਤਾਬਦੀ ਵਰ੍ਹੇ ਦੇ ਪ੍ਰੋਗਰਾਮਾਂ ਨੂੰ ਸੇਵਾ ਦੇ ਕਾਰਜਾਂ ਨਾਲ ਜੋੜਨ ਦੀ ਅਪੀਲ ਕੀਤੀ। ਉਨ੍ਹਾਂ ਨੇ ਬੱਚਿਆਂ ਦੀ ਪੜ੍ਹਾਈ ਵਿੱਚ ਸਹਿਯੋਗ, ਖ਼ੂਨਦਾਨ, ਲੋੜਵੰਦ ਪਰਿਵਾਰਾਂ ਤੱਕ ਸਿਹਤ ਸਹਾਇਤਾ ਪਹੁੰਚਾਉਣ, ਪੌਦੇ ਲਗਾਉਣ ਅਤੇ ਲਗਾਏ ਗਏ ਪੌਦਿਆਂ ਦੀ ਸੰਭਾਲ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸੰਵਾਦ ਵਰਗੇ ਕਾਰਜਾਂ ਨੂੰ ਅੱਗੇ ਵਧਾਉਣ ਦੀ ਗੱਲ ਕਹੀ।

**ਸੱਭਿਆਚਾਰਕ ਗੌਰਵ ਦੇ ਨਾਲ ਚੰਗੇ ਆਚਰਣ ਦਾ ਸੰਦੇਸ਼**

ਮੁੱਖ ਮੰਤਰੀ ਨੇ ਕਿਹਾ ਕਿ ਅਸ਼ੋਕ ਸਿੰਘਲ ਜੀ ਦੀ ਯਾਦ ਵਿੱਚ ਆਯੋਜਿਤ ਇਹ ਸਮਾਰੋਹ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਆਪਣੀ ਮੁਹਾਰਤ ਨੂੰ ਨਿਖਾਰਨ, ਅਧਿਆਪਕਾਂ ਨੂੰ ਬੱਚਿਆਂ ਵਿੱਚ ਸੰਸਕਾਰ ਜਗਾਉਣ, ਉੱਦਮੀਆਂ ਨੂੰ ਰੋਜ਼ਗਾਰ ਦੇ ਮੌਕੇ ਵਧਾਉਣ ਅਤੇ ਸਮਾਜਿਕ ਸੰਗਠਨਾਂ ਨੂੰ ਲੋੜਵੰਦ ਪਰਿਵਾਰਾਂ ਤੱਕ ਸਹਾਇਤਾ ਪਹੁੰਚਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਡਾ ਸੱਭਿਆਚਾਰਕ ਗੌਰਵ ਸਾਡੇ ਚੰਗੇ ਆਚਰਣ ਵਿੱਚ ਦਿਖਾਈ ਦੇਣਾ ਚਾਹੀਦਾ ਹੈ ਅਤੇ ਸਾਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਸਾਡੇ ਆਲੇ-ਦੁਆਲੇ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਾ ਰਹੇ।

ਆਚਾਰੀਆ ਲੋਕੇਸ਼ ਮੁਨੀ ਨੇ ਅਸ਼ੋਕ ਸਿੰਘਲ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਸੰਕਲਪਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਸੁਪਨਾ ਅਯੋਧਿਆ ਵਿੱਚ ਸ਼੍ਰੀ ਰਾਮ ਜਨਮਭੂਮੀ ਮੰਦਰ, ਮਥੁਰਾ ਵਿੱਚ ਸ਼੍ਰੀ ਕ੍ਰਿਸ਼ਨ ਜਨਮਭੂਮੀ ਮੰਦਰ ਅਤੇ ਕਾਸ਼ੀ ਵਿੱਚ ਸ਼੍ਰੀ ਕਾਸ਼ੀ ਵਿਸ਼ਵਨਾਥ ਮੰਦਰ ਦਾ ਸ਼ਾਨਦਾਰ ਨਿਰਮਾਣ ਦੇਖਣਾ ਸੀ। ਉਨ੍ਹਾਂ ਕਿਹਾ ਕਿ ਸ਼੍ਰੀ ਰਾਮ ਜਨਮਭੂਮੀ ਮੰਦਰ ਦਾ ਨਿਰਮਾਣ ਅਸ਼ੋਕ ਸਿੰਘਲ ਜੀ ਦੇ ਸੰਕਲਪ ਦੀ ਦਿਸ਼ਾ ਵਿੱਚ ਮਹੱਤਵਪੂਰਨ ਪ੍ਰਾਪਤੀ ਹੈ। ਮਥੁਰਾ ਵਿੱਚ ਸ਼੍ਰੀ ਕ੍ਰਿਸ਼ਨ ਜਨਮਭੂਮੀ ਮੰਦਰ ਅਤੇ ਕਾਸ਼ੀ ਵਿੱਚ ਸ਼੍ਰੀ ਕਾਸ਼ੀ ਵਿਸ਼ਵਨਾਥ ਮੰਦਰ ਨਾਲ ਜੁੜੇ ਉਨ੍ਹਾਂ ਦੇ ਸੰਕਲਪਾਂ ਨੂੰ ਅੱਗੇ ਵਧਾਉਣਾ ਹੀ ਅਸ਼ੋਕ ਸਿੰਘਲ ਜੀ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ। ਉਨ੍ਹਾਂ ਦੇ ਵਿਚਾਰਾਂ ਅਤੇ ਸੰਕਲਪਾਂ ਨੂੰ ਅੱਗੇ ਵਧਾਉਂਦਿਆਂ ਭਾਰਤੀ ਸੱਭਿਆਚਾਰ, ਆਸਥਾ ਅਤੇ ਵਿਰਾਸਤ ਪ੍ਰਤੀ ਜਾਗਰੂਕਤਾ ਨੂੰ ਮਜ਼ਬੂਤ ਕਰਨਾ ਸਮਾਜ ਦੀ ਜ਼ਿੰਮੇਵਾਰੀ ਹੈ। ਸਮਾਰੋਹ ਵਿੱਚ ਕੇਂਦਰੀ ਜਨਰਲ ਸਕੱਤਰ ਵਿਸ਼ਵ ਹਿੰਦੂ ਪ੍ਰੀਸ਼ਦ ਬਜਰੰਗ ਲਾਲ ਬਾਗੜਾ, ਗੁਰੂਗ੍ਰਾਮ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਸੰਜੇ ਕੌਸ਼ਿਕ, ਵਿਸ਼ਵ ਹਿੰਦੂ ਪ੍ਰੀਸ਼ਦ ਦੇ ਸੂਬਾ ਪ੍ਰਧਾਨ ਰਾਧੇਸ਼ਿਆਮ ਚਿਲਾਨਾ ਸਮੇਤ ਹੋਰ ਅਹੁਦੇਦਾਰ, ਪਤਵੰਤੇ ਸੱਜਣ ਅਤੇ ਨੌਜਵਾਨ ਮੌਜੂਦ ਸਨ।

## ਸੂਬੇ ਵਿੱਚ ਬਿਹਤਰ ਸੜਕ ਨੈੱਟਵਰਕ ਦੇ ਵਿਸਤਾਰ ਨੂੰ ਮਿਲ ਰਹੀ ਗਤੀ : ਰਣਬੀਰ ਗੰਗਵਾ

**ਚੰਡੀਗੜ੍ਹ, 28 ਸਤੰਬਰ**
**-ਸੰਜੀਵ ਸਿੰਗਲਾ-**

ਹਰਿਆਣਾ ਸਰਕਾਰ ਸੂਬੇ ਵਿੱਚ ਸੜਕੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਆਮ ਜਨਤਾ ਨੂੰ ਬਿਹਤਰ ਅਤੇ ਸੁਚੱਜੀ ਆਵਾਜਾਈ ਦੀ ਸਹੂਲਤ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ। ਇਸੇ ਲੜੀ ਵਿੱਚ ਕੁਰੂਕਸ਼ੇਤਰ ਜ਼ਿਲ੍ਹੇ ਵਿੱਚ ਪਿਹੋਵਾ-ਢੰਡ ਰੋਡ ਨੂੰ ਆਰਡੀ 53.00 ਤੋਂ ਆਰਡੀ 54.00 ਤੱਕ ਫੋਰਲੇਨ ਕਰਨ ਲਈ 734.35 ਲੱਖ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਦਿੱਤੀ ਗਈ ਹੈ।

ਲੋਕ ਨਿਰਮਾਣ ਅਤੇ ਲੋਕ ਸਿਹਤ ਇੰਜੀਨੀਅਰਿੰਗ ਮੰਤਰੀ ਸ਼੍ਰੀ ਰਣਬੀਰ ਸਿੰਘ ਗੰਗਵਾ ਨੇ ਕਿਹਾ ਕਿ ਬਿਹਤਰ ਸੜਕ ਨੈੱਟਵਰਕ ਕਿਸੇ ਵੀ ਖੇਤਰ ਦੇ ਵਿਕਾਸ ਦੀ ਮਹੱਤਵਪੂਰਨ ਆਧਾਰਸ਼ਿਲਾ ਹੈ। ਸਰਕਾਰ ਦਾ ਯਤਨ ਹੈ ਕਿ ਸੂਬੇ ਵਿੱਚ ਸੜਕਾਂ ਨੂੰ ਮਜ਼ਬੂਤ, ਸੁਰੱਖਿਅਤ ਅਤੇ ਸੁਵਿਧਾਜਨਕ ਬਣਾਇਆ ਜਾਵੇ, ਤਾਂ ਜੋ ਲੋਕਾਂ ਨੂੰ ਆਵਾਜਾਈ ਵਿੱਚ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਹੋਵੇ ਅਤੇ ਵੱਖ-ਵੱਖ ਖੇਤਰਾਂ ਵਿਚਕਾਰ ਕਨੈਕਟੀਵਿਟੀ ਹੋਰ ਬਿਹਤਰ ਹੋਵੇ।

ਉਨ੍ਹਾਂ ਦੱਸਿਆ ਕਿ ਇਸ ਕੰਮ ਤਹਿਤ ਚਾਲੂ ਵਿੱਤੀ ਵਰ੍ਹੇ ਵਿੱਚ ਯੂਟਿਲਿਟੀ ਸ਼ਿਫਟਿੰਗ ਅਤੇ ਜੰਗਲਾਤ ਪ੍ਰਵਾਨਗੀ ਨਾਲ ਸਬੰਧਤ ਜ਼ਰੂਰੀ ਗਤੀਵਿਧੀਆਂ ਕੀਤੀਆਂ ਜਾਣਗੀਆਂ। ਵਿਭਾਗ ਵੱਲੋਂ ਕੰਮ ਨੂੰ ਅੱਗੇ ਵਧਾਉਣ ਲਈ ਲੋੜੀਂਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।

ਮੰਤਰੀ ਸ਼੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਸੂਬੇ ਵਿੱਚ ਸੜਕੀ ਵਿਕਾਸ ਨਾਲ ਜੁੜੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ, ਤਾਂ ਜੋ ਮੌਜੂਦਾ ਸੜਕੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ ਅਤੇ ਲੋਕਾਂ ਨੂੰ ਬਿਹਤਰ ਟਰਾਂਸਪੋਰਟ ਸਹੂਲਤਾਂ ਮਿਲ ਸਕਣ।

## ਵਿਜ਼ਨ 2 ਐਕਸ਼ਨ ਪੋਰਟਲ 'ਤੇ ਵਿਭਾਗੀ ਅਧਿਕਾਰੀਆਂ ਦਾ ਤਿੰਨ ਦਿਨਾਂ ਸਿਖਲਾਈ ਪ੍ਰੋਗਰਾਮ ਹੋਇਆ ਸਮਾਪਤ

**ਚੰਡੀਗੜ੍ਹ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਵਿਜ਼ਨ-2047 ਦੇ ਦੂਰਗਾਮੀ ਟੀਚਿਆਂ ਨੂੰ ਵਿਹਾਰਕ ਵਿਭਾਗੀ ਕਾਰਜ-ਯੋਜਨਾਵਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਨਿਯਮਤ ਨਿਗਰਾਨੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਆਯੋਜਿਤ ਤਿੰਨ ਦਿਨਾਂ ਸਿਖਲਾਈ ਪ੍ਰੋਗਰਾਮ ਸਫਲਤਾਪੂਰਵਕ ਸਮਾਪਤ ਹੋਇਆ। ਸਵਰਣ ਜਯੰਤੀ ਹਰਿਆਣਾ ਵਿੱਤੀ ਪ੍ਰਬੰਧਨ ਸੰਸਥਾਨ, ਪੰਚਕੂਲਾ ਦੇ ਤਹਿਤ ਸਥਿਰ ਵਿਕਾਸ ਟੀਚਾ ਸਮਾਨਵਯ ਤੇ ਤਵਰਣ ਕੇਂਦਰ ਵੱਲੋਂ ਇਹ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ ਗਿਆ ਸੀ।

ਸੰਸਥਾਨ ਦੇ ਮਹਾਨਦੇਸ਼ਕ ਡਾ. ਰਾਜ ਨਹਿਰੂ ਦੀ ਅਗਵਾਈ ਹੇਠ ਆਯੋਜਿਤ ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਰਾਜ ਦੇ ਵੱਖ-ਵੱਖ ਵਿਭਾਗਾਂ ਵੱਲੋਂ ਤਿਆਰ ਕੀਤੀਆਂ ਜਾ ਰਹੀਆਂ ਕਾਰਜ-ਯੋਜਨਾਵਾਂ ਨੂੰ 'ਵਿਜ਼ਨ 2 ਐਕਸ਼ਨ' ਪੋਰਟਲ 'ਤੇ ਡਿਜੀਟਲ ਰੂਪ ਦੇਣਾ ਸੀ। ਸਿਖਲਾਈ ਵਿੱਚ ਹਰਿਆਣਾ ਸਰਕਾਰ ਦੇ ਵੱਖ-ਵੱਖ ਵਿਭਾਗਾਂ ਤੋਂ ਨਾਮਜ਼ਦ ਨੋਡਲ ਅਤੇ ਬੈਕਅੱਪ ਅਧਿਕਾਰੀਆਂ ਨੇ ਹਿੱਸਾ ਲਿਆ। ਪ੍ਰੋਗਰਾਮ ਦੌਰਾਨ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਗਿਆ ਕਿ ਆਉਣ ਵਾਲੀਆਂ ਵਿਭਾਗੀ ਸਮੀਖਿਆ ਮੀਟਿੰਗਾਂ ਵਿੱਚ ਯੋਜਨਾਵਾਂ ਦੀ ਪ੍ਰਗਤੀ ਦਾ ਮੁਲਾਂਕਣ ਸਿਰਫ਼ ਵਿਜ਼ਨ 2 ਐਕਸ਼ਨ ਪੋਰਟਲ ਰਾਹੀਂ ਕੀਤਾ ਜਾਵੇਗਾ। ਇਸ ਲਈ ਵਿਭਾਗਾਂ ਨੂੰ ਆਪਣੀਆਂ ਕਾਰਜ-ਯੋਜਨਾਵਾਂ ਨੂੰ ਨਿਰਧਾਰਤ ਅਧਿਕਾਰਤ ਕ੍ਰਮ—ਵਿਜ਼ਨ ਥੀਮ, ਵਿਜ਼ਨ ਇਸ਼ੂ, ਵਿਜ਼ਨ ਪਾਥਵੇਅ, ਅਤੇ ਵਿਭਾਗੀ ਕਾਰਵਾਈ/ਮੁੱਖ ਕਾਰਜ-ਨਿਰਧਾਰਨ ਸੂਚਕ ਦੇ ਅਨੁਸਾਰ ਦਰਜ ਕਰਨ ਦੇ ਸਪੱਸ਼ਟ ਨਿਰਦੇਸ਼ ਦਿੱਤੇ ਗਏ ਹਨ।

ਸਿਖਲਾਈ ਦੇ ਦੌਰਾਨ ਅਧਿਕਾਰੀਆਂ ਨੂੰ ਪੋਰਟਲ 'ਤੇ ਰਜਿਸਟ੍ਰੇਸ਼ਨ, ਵਿਭਾਗ ਚੋਣ, ਆਧਾਰਰੇਖਾ ਤੈਅ ਕਰਨ, ਸਾਲਵਾਰ ਟੀਚਾ ਨਿਰਧਾਰਨ, ਅਤੇ ਤਿਮਾਹੀ ਗਤੀਵਿਧੀਆਂ ਨੂੰ ਅੱਪਡੇਟ ਕਰਨ ਦਾ ਵਿਹਾਰਕ ਅਭਿਆਸ ਕਰਵਾਇਆ ਗਿਆ। ਇਸ ਸਿਖਲਾਈ ਦਾ ਉਦੇਸ਼ ਆਉਣ ਵਾਲੀਆਂ ਸਮੀਖਿਆ ਮੀਟਿੰਗਾਂ ਤੋਂ ਪਹਿਲਾਂ ਵਿਭਾਗੀ ਅੰਕੜਿਆਂ ਦੀ ਸ਼ੁੱਧਤਾ, ਪੂਰਨਤਾ ਅਤੇ ਨਿਯਮਤ ਅੱਪਡੇਸ਼ਨ ਨੂੰ ਯਕੀਨੀ ਬਣਾਉਣਾ ਹੈ, ਤਾਂ ਜੋ 'ਹਰਿਆਣਾ ਵਿਜ਼ਨ-2047' ਦੇ ਸੰਕਲਪਾਂ ਨੂੰ ਸਮਾਂਬੱਧ ਤਰੀਕੇ ਨਾਲ ਜ਼ਮੀਨੀ ਪੱਧਰ 'ਤੇ ਉਤਾਰਿਆ ਜਾ ਸਕੇ। ਪ੍ਰੋਗਰਾਮ ਦੇ ਸਫਲ ਸੰਚਾਲਨ ਵਿੱਚ ਸੰਸਥਾਨ ਦੀ ਰਾਜ ਪ੍ਰੋਗਰਾਮ ਅਧਿਕਾਰੀ ਡਾ. ਸਵਿਤਾ ਮੰਢਾਰ ਅਤੇ ਸਥਿਰ ਵਿਕਾਸ ਟੀਚਾ ਕੇਂਦਰ ਦੇ ਮੁੱਖ ਵਿਕਾਸ ਵਰਮਾ ਦੀ ਮੁੱਖ ਭੂਮਿਕਾ ਰਹੀ। ਵਿਸ਼ੇ ਦੇ ਮਾਹਿਰ ਰਿਸ਼ੀ ਰਾਜ ਸ਼ਰਮਾ ਨੇ ਮੁੱਖ ਟ੍ਰੇਨਰ ਵਜੋਂ ਅਧਿਕਾਰੀਆਂ ਦੀਆਂ ਤਕਨੀਕੀ ਜਿਗਿਆਸਾਵਾਂ ਦਾ ਹੱਲ ਕੀਤਾ। ਇਸ ਤੋਂ ਇਲਾਵਾ, ਤਕਨੀਕੀ ਅਤੇ ਸੰਚਾਰ ਵਿਵਸਥਾ ਵਿੱਚ ਅਖਿਲ ਸ਼ਰਮਾ, ਦੀਕਸ਼ਾਂਤ ਸ਼ਰਮਾ ਅਤੇ ਯਸ਼ੋਜਿਤ ਕਸੇਰਾ ਨੇ ਸਹਿਯੋਗ ਪ੍ਰਦਾਨ ਕੀਤਾ।

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਗੁਰੂਗ੍ਰਾਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਮਨ ਕੀ ਬਾਤ' ਦੇ 138ਵੇਂ ਐਡੀਸ਼ਨ ਨੂੰ ਸੁਣਿਆ



**ਚੰਡੀਗੜ੍ਹ, 28 ਸਤੰਬਰ**
**-ਸੰਜੀਵ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਗੁਰੂਗ੍ਰਾਮ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ 'ਮਨ ਕੀ ਬਾਤ' ਰੇਡੀਓ ਪ੍ਰੋਗਰਾਮ ਦੇ 138ਵੇਂ ਐਡੀਸ਼ਨ ਨੂੰ ਸੁਣਿਆ। ਇਸ ਮੌਕੇ 'ਤੇ ਸੇਵਾ ਸੰਕਲਪ ਅਭਿਆਨ ਤਹਿਤ ਮੁੱਖ ਮੰਤਰੀ ਨੇ ਖੇਡਾਂ ਦੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਦੇਸ਼ ਅਤੇ ਸੂਬੇ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ। ਮੁੱਖ ਮੰਤਰੀ ਨੇ ਸਮਾਗਮ ਵਾਲੀ ਥਾਂ 'ਤੇ ਵਾਤਾਵਰਣ ਸਰੰਖਣ ਦਾ ਸੰਦੇਸ਼ ਦਿੰਦਿਆਂ ਪੌਦੇ ਵੀ ਲਗਾਏ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕ ਰਹਿਣ ਦੀ ਅਪੀਲ ਕੀਤੀ।

ਮੁੱਖ ਮੰਤਰੀ ਨੇ ਯੁੱਗ ਬਾਕਸਰ ਨੂੰ ਅੰਤਰਰਾਸ਼ਟਰੀ ਪੱਧਰ 'ਤੇ 2 ਸੋਨ ਤਗਮੇ ਅਤੇ ਥਾਈਲੈਂਡ ਵਿੱਚ ਏਸ਼ੀਅਨ ਗੋਲਡ ਮੈਡਲ ਜਿੱਤਣ, ਨਿਕਿਤਾ ਸਹਿਰਾਵਤ ਨੂੰ ਅੰਡਰ-17 ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ ਵਿੱਚ ਚਾਂਦੀ ਦਾ ਤਗਮਾ ਹਾਸਲ ਕਰਨ ਅਤੇ ਸੁਬੋਧ ਭੱਟ ਨੂੰ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ 3 ਸੋਨ ਅਤੇ 2 ਬ੍ਰਾਂਜ ਤਗਮੇ ਜਿੱਤਣ ਦੀ ਪ੍ਰਾਪਤੀ ਲਈ ਸਨਮਾਨਿਤ ਕੀਤਾ। ਨਿਸ਼ਾਂਤ ਦਾਈਮਾ ਨੂੰ ਰਾਸ਼ਟਰੀ ਪੱਧਰ ਦੀਆਂ ਕੁਸ਼ਤੀ ਮੁਕਾਬਲਿਆਂ ਵਿੱਚ 1 ਸੋਨ ਅਤੇ 2 ਚਾਂਦੀ ਦੇ ਤਗਮੇ, ਸਚਿਨ ਨੂੰ ਰਾਸ਼ਟਰੀ ਜੂਨੀਅਰ ਕੁਸ਼ਤੀ ਚੈਂਪੀਅਨਸ਼ਿਪ ਵਿੱਚ ਬ੍ਰਾਂਜ ਤਗਮਾ ਅਤੇ ਪ੍ਰਿਆ ਯਾਦਵ ਨੂੰ ਅੰਤਰਰਾਸ਼ਟਰੀ ਪੱਧਰ 'ਤੇ 2 ਸੋਨ, 2 ਚਾਂਦੀ ਅਤੇ 4 ਬ੍ਰਾਂਜ ਤਗਮੇ ਹਾਸਲ ਕਰਨ ਦੀ ਪ੍ਰਾਪਤੀ ਲਈ ਸਨਮਾਨਿਤ ਕੀਤਾ ਗਿਆ। ਉੱਥੇ ਹੀ ਸ੍ਰਿਸ਼ਟੀ ਨੇ ਸੀਨੀਅਰ ਵਿਸ਼ਵ ਚੈਂਪੀਅਨਸ਼ਿਪ ਵਿੱਚ ਚਾਰ ਵਾਰ ਮੈਡਲ ਜਿੱਤ ਕੇ ਅਤੇ ਵਿਵੇਕ ਭਾਰਦਵਾਜ ਨੇ ਤੁਰਕੀ ਦੇ ਇਸਤਾਂਬੁਲ ਵਿੱਚ ਗਲੋਬਲ ਗ੍ਰੈਪਲਿੰਗ ਸੀਰੀਜ਼ ਰੈਸਲਿੰਗ ਵਿੱਚ ਬ੍ਰਾਂਜ ਤਗਮਾ ਜਿੱਤ ਕੇ ਦੇਸ਼ ਦਾ ਮਾਣ ਵਧਾਇਆ ਹੈ। ਮੁੱਖ ਮੰਤਰੀ ਨੇ ਸਾਰੇ ਖਿਡਾਰੀਆਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਪ੍ਰੋਗਰਾਮ ਵਿੱਚ ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ, ਸੋਹਨਾ ਦੇ ਵਿਧਾਇਕ ਤੇਜਪਾਲ ਤੰਵਰ, ਪਟੌਦੀ ਦੀ ਵਿਧਾਇਕ ਬਿਮਲਾ ਚੌਧਰੀ, ਗੁਰੂਗ੍ਰਾਮ ਦੇ ਵਿਧਾਇਕ ਮੁਕੇਸ਼ ਸ਼ਰਮਾ, ਹਰਿਆਣਾ ਵਿਦੇਸ਼ ਸਹਿਯੋਗ ਵਿਭਾਗ ਵਿੱਚ ਮੁੱਖ ਮੰਤਰੀ ਦੇ ਸਲਾਹਕਾਰ ਪਵਨ ਚੌਧਰੀ, ਗੁਰੂਗ੍ਰਾਮ ਦੀ ਮੇਅਰ ਰਾਜਰਾਣੀ ਮਲਹੋਤਰਾ, ਸਾਬਕਾ ਮੰਤਰੀ ਜੇ.ਪੀ. ਦਲਾਲ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਰਹੇ।

## ਏਸ਼ਿਆਈ ਖੇਡਾਂ ਵਿੱਚ ਹਰਿਆਣਾ ਦੀਆਂ ਧੀਆਂ ਦਾ ਜਲਵਾ, ਤਿਰੰਗੇ ਦੀ ਸ਼ਾਨ ਵਧਾ ਰਹੀਆਂ ਹਨ ਧੀਆਂ : ਖੇਡ ਰਾਜ ਮੰਤਰੀ ਗੌਰਵ ਗੌਤਮ

**ਚੰਡੀਗੜ੍ਹ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਪਾਨ ਦੇ ਆਈਚੀ-ਨਾਗੋਆ ਵਿੱਚ ਆਯੋਜਿਤ ਏਸ਼ਿਆਈ ਖੇਡਾਂ-2026 ਵਿੱਚ ਭਾਰਤੀ ਖਿਡਾਰੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੌਰਾਨ ਹਰਿਆਣਾ ਦੀਆਂ ਧੀਆਂ ਦੇਸ਼ ਦਾ ਮਾਣ ਵਧਾ ਰਹੀਆਂ ਹਨ। ਹਰਿਆਣਾ ਦੇ ਖੇਡ ਅਤੇ ਯੁਵਾ ਅਧਿਕਾਰਤਾ ਰਾਜ ਮੰਤਰੀ ਸ਼੍ਰੀ ਗੌਰਵ ਗੌਤਮ ਨੇ ਏਸ਼ਿਆਈ ਖੇਡਾਂ ਵਿੱਚ ਭਾਰਤੀ ਮਹਿਲਾ ਖਿਡਾਰਨਾਂ ਅਤੇ ਖਾਸ ਕਰਕੇ ਹਰਿਆਣਾ ਦੀਆਂ ਧੀਆਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਉਨ੍ਹਾਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਧੀਆਂ ਨੇ ਆਪਣੀ ਮਿਹਨਤ, ਪ੍ਰਤਿਭਾ ਅਤੇ ਜਜ਼ਬੇ ਨਾਲ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਹਰਿਆਣਾ ਖੇਡ ਪ੍ਰਤਿਭਾਵਾਂ ਦੀ ਜਨਨੀ ਹੈ।



ਖੇਡ ਮੰਤਰੀ ਨੇ ਕਿਹਾ ਕਿ ਭਾਰਤੀ ਮਹਿਲਾ ਕਬੱਡੀ ਟੀਮ ਵਿੱਚ ਹਰਿਆਣਾ ਦੀਆਂ ਛੇ ਧੀਆਂ ਦੀ ਮੌਜੂਦਗੀ ਸੂਬੇ ਲਈ ਬਹੁਤ ਮਾਣ ਵਾਲੀ ਗੱਲ ਹੈ। ਧੀਆਂ ਅੱਜ ਨਾ ਸਿਰਫ਼ ਖੇਡ ਦੇ ਮੈਦਾਨ ਵਿੱਚ ਸਗੋਂ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰ ਰਹੀਆਂ ਹਨ। ਕਬੱਡੀ ਟੀਮ ਦਾ ਇਹ ਪ੍ਰਦਰਸ਼ਨ ਟੀਮ ਵਰਕ, ਅਨੁਸ਼ਾਸਨ ਅਤੇ ਮਜ਼ਬੂਤ ਇੱਛਾ ਸ਼ਕਤੀ ਦਾ ਪ੍ਰਤੀਕ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਹਰਿਆਣਾ ਦੇ ਖਿਡਾਰੀ ਏਸ਼ਿਆਈ ਖੇਡਾਂ ਤੋਂ ਤਗਮਿਆਂ ਦੀ ਵੱਡੀ ਸੌਗਾਤ ਲੈ ਕੇ ਪਰਤਣਗੇ।

ਗੌਰਵ ਗੌਤਮ ਨੇ ਦੱਸਿਆ ਕਿ ਰਾਜ ਸਰਕਾਰ ਖਿਡਾਰੀਆਂ ਨੂੰ ਆਧੁਨਿਕ ਖੇਡ ਸਹੂਲਤਾਂ ਅਤੇ ਅੰਤਰਰਾਸ਼ਟਰੀ ਪੱਧਰ ਦੀ ਕੋਚਿੰਗ ਪ੍ਰਦਾਨ ਕਰਨ ਲਈ ਵਚਨਬੱਧ ਹੈ। 'ਮਿਸ਼ਨ ਓਲੰਪਿਕ-2036' ਰਾਹੀਂ ਸੂਬੇ ਵਿੱਚ ਖੇਡ ਪ੍ਰਤਿਭਾਵਾਂ ਨੂੰ ਸ਼ੁਰੂਆਤੀ ਪੱਧਰ ਤੋਂ ਨਿਖਾਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ 'ਖੇਲੋ ਇੰਡੀਆ' ਵਰਗੀਆਂ ਸਕੀਮਾਂ ਨਾਲ ਦੇਸ਼ ਵਿੱਚ ਖੇਡਾਂ ਦਾ ਇੱਕ ਮਜ਼ਬੂਤ ਮਾਹੌਲ ਤਿਆਰ ਹੋਇਆ ਹੈ, ਜਿਸ ਦਾ ਸਿੱਧਾ ਅਸਰ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਦੇਖਣ ਨੂੰ ਮਿਲ ਰਿਹਾ ਹੈ।

ਖੇਡ ਮੰਤਰੀ ਨੇ ਕਿਹਾ ਕਿ ਏਸ਼ਿਆਈ ਖੇਡਾਂ ਤੋਂ ਪਰਤਣ 'ਤੇ ਸੂਬੇ ਦੇ ਖਿਡਾਰੀਆਂ ਦਾ ਭਵਿੱਖ ਸਵਾਗਤ ਅਤੇ ਨਾਗਰਿਕ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਨੂੰ ਸ਼ਖਸ਼ੀਅਤ ਉਸਾਰੀ ਦਾ ਸਾਧਨ ਬਣਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਸਰਕਾਰ ਹਰ ਪ੍ਰਤਿਭਾਸ਼ਾਲੀ ਖਿਡਾਰੀ ਨੂੰ ਅੱਗੇ ਵਧਣ ਦੇ ਬਰਾਬਰ ਮੌਕੇ ਪ੍ਰਦਾਨ ਕਰਦੀ ਰਹੇਗੀ।

## ਗਾਇਤਰੀ ਮੁੱਦੇ ਤੋਂ ਧਿਆਨ ਭਟਕਾਉਣ ਲਈ 'ਆਪ' ਵੱਲੋਂ LPU 'ਚ ਹੰਗਾਮਾ: ਮਨਜਿੰਦਰ ਸਿੰਘ ਸਿਰਸਾ

**ਨਵੀਂ ਦਿੱਲੀ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੱਲੀ ਦੇ ਵਾਤਾਵਰਨ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਅੱਜ ਸੋਮਵਾਰ ਨੂੰ ਆਮ ਆਦਮੀ ਪਾਰਟੀ 'ਤੇ ਪੰਜਾਬ ਦੀ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਜਾਣਬੁੱਝ ਕੇ ਹੰਗਾਮਾ ਅਤੇ ਅਰਾਜਕਤਾ ਫੈਲਾਉਣ ਦਾ ਗੰਭੀਰ ਦੋਸ਼ ਲਗਾਇਆ ਹੈ। ਸਿਰਸਾ ਅਨੁਸਾਰ 'ਆਪ' ਨੇ ਇਹ ਸਭ 'ਆਪ' ਮੰਤਰੀ ਮਨੀਸ਼ ਸਿਸੋਦੀਆ ਅਤੇ ਮਹਿਲਾ ਆਗੂ ਗਾਇਤਰੀ ਬਿਸ਼ਨੋਈ ਨਾਲ ਜੁੜੇ ਵਿਵਾਦ ਤੋਂ ਦੇਸ਼ ਦਾ ਧਿਆਨ ਭਟਕਾਉਣ ਲਈ ਕੀਤਾ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਸਿਰਸਾ ਨੇ ਦੋਸ਼ ਲਾਇਆ ਕਿ ਯੂਨੀਵਰਸਿਟੀ ਦਾ ਮਾਹੌਲ ਖਰਾਬ ਕਰਨ ਅਤੇ ਹੁੱਲੜਬਾਜ਼ੀ ਰਚਣ ਲਈ ਦਿੱਲੀ ਤੋਂ 400 ਤੋਂ 500 ਲੋਕਾਂ ਨੂੰ ਉਚੇਚੇ ਤੌਰ 'ਤੇ ਐੱਲਪੀਯੂ ਭੇਜਿਆ ਗਿਆ ਸੀ।

ਉਨ੍ਹਾਂ ਦਾਅਵਾ ਕੀਤਾ ਕਿ ਇਨ੍ਹਾਂ ਵਿੱਚੋਂ ਕਈ ਅਪਰਾਧਿਕ ਪਿਛੋਕੜ ਵਾਲੇ ਅਨਸਰ ਸਨ, ਜਿਨ੍ਹਾਂ ਨੂੰ ਹਥਿਆਰਾਂ ਸਮੇਤ ਕੈਂਪਸ ਵਿੱਚ ਭੇਜਿਆ ਗਿਆ ਸੀ। ਸਿਰਸਾ ਨੇ ਕੈਂਪਸ ਵਿੱਚ ਬਣੇ ਅਸੁਰੱਖਿਅਤ ਮਾਹੌਲ 'ਤੇ ਪੰਜਾਬ ਪੁਲੀਸ ਦੀ ਕਾਰਜਪ੍ਰਣਾਲੀ 'ਤੇ ਸਵਾਲ ਖੜ੍ਹੇ ਕਰਦਿਆਂ ਪੁੱਛਿਆ ਕਿ ਅਜਿਹੀ ਨਾਜ਼ੁਕ ਸਥਿਤੀ ਨੂੰ ਤਿੰਨ ਦਿਨਾਂ ਤੱਕ ਕਿਉਂ ਬਣੇ ਰਹਿਣ ਦਿੱਤਾ ਗਿਆ? ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵਿੱਚ ਜਬਰ-ਜ਼ਨਾਹ ਦੇ ਲੱਗੇ ਦੋਸ਼ਾਂ ਸਬੰਧੀ ਪੰਜਾਬ ਪੁਲੀਸ ਵੱਲੋਂ ਸਮੇਂ ਸਿਰ ਕੋਈ ਸਪੱਸ਼ਟੀਕਰਨ ਵੀ ਜਾਰੀ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ, ਯੂਨੀਵਰਸਿਟੀ ਵਿੱਚ ਪੜ੍ਹਦੀਆਂ ਵਿਦਿਆਰਥਣਾਂ ਸਹਿਮੀਆਂ ਹੋਈਆਂ ਹਨ ਅਤੇ ਉਨ੍ਹਾਂ ਦੀਆਂ ਵੀਡੀਓਜ਼ ਸਾਹਮਣੇ ਆ ਰਹੀਆਂ ਹਨ, ਜਿਸ ਵਿੱਚ ਉਹ ਕਹਿ ਰਹੀਆਂ ਹਨ ਕਿ ਉਨ੍ਹਾਂ ਨੂੰ ਆਪਣੇ ਮਾਪਿਆਂ ਨੂੰ ਬੁਲਾਉਣ ਲਈ ਮਜਬੂਰ ਕੀਤਾ ਜਾ ਰਿਹਾ ਹੈ ਅਤੇ ਉਹ ਖੌਫ਼ ਦੇ ਸਾਏ ਹੇਠ ਜੀਅ ਰਹੀਆਂ ਹਨ।

## ਸਤਨਪਾਨ ਬਾਰੇ ਜਾਗਰੂਕਤਾ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਨੇ ਮਾਂ ਅਤੇ ਬੱਚੇ ਦੀ ਉੱਤਮ ਸਿਹਤ ਲਈ ਦਿੱਤੇ ਵਿਸ਼ੇਸ਼ ਦਿਸ਼ਾ-ਨਿਰਦੇਸ਼

**ਚੰਡੀਗੜ੍ਹ, 28 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਦੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਨਵਜੰਮੇ ਬੱਚਿਆਂ ਅਤੇ ਮਾਵਾਂ ਦੀ ਬਿਹਤਰ ਸਿਹਤ ਅਤੇ ਪੋਸ਼ਣ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ 'ਸਤਨਪਾਨ ਜਾਗਰੂਕਤਾ' ਮੁਹਿੰਮ ਚਲਾਈ ਜਾ ਰਹੀ ਹੈ। ਇਸ ਸਬੰਧੀ ਵਿਭਾਗ ਦੇ ਇੱਕ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਂ ਦਾ ਦੁੱਧ ਬੱਚੇ ਲਈ ਪਹਿਲਾ ਟੀਕਾ, ਪਹਿਲੀ ਖੁਰਾਕ ਅਤੇ ਪਹਿਲਾ ਪਿਆਰ ਹੈ, ਜੋ ਬੱਚੇ ਦੇ ਸਰਬਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਦੱਸਿਆ ਕਿ ਸਤਨਪਾਨ ਸਿਰਫ਼ ਬੱਚੇ ਲਈ ਹੀ ਨਹੀਂ, ਸਗੋਂ ਮਾਂ ਦੀ ਸਿਹਤ ਲਈ ਵੀ ਬਹੁਤ ਫ਼ਾਇਦੇਮੰਦ ਹੈ। ਮਾਂ ਨੂੰ ਮਿਲਣ ਵਾਲੇ ਲਾਭਾਂ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ ਕਿ ਸਤਨਪਾਨ ਨਾਲ ਬੱਚੇਦਾਨੀ (ਗਰਭਾਸ਼ਯ) ਨੂੰ ਜਲਦੀ ਆਮ ਵਾਂਗ ਹੋਣ ਵਿੱਚ ਮਦਦ ਮਿਲਦੀ ਹੈ, ਛਾਤੀ ਅਤੇ ਅੰਡਕੋਸ਼ ਦੇ ਕੈਂਸਰ ਦਾ ਖ਼ਤਰਾ ਘੱਟਦਾ ਹੈ, ਭਾਰ ਘਟਾਉਣ ਵਿੱਚ ਸਹਾਇਤਾ ਮਿਲਦੀ ਹੈ ਅਤੇ ਇਹ ਮਾਂ ਤੇ ਬੱਚੇ ਦੇ ਵਿਚਕਾਰ ਭਾਵਨਾਤਮਕ ਲਗਾਅ ਨੂੰ ਮਜ਼ਬੂਤ ਕਰਦਾ ਹੈ।

ਇਸ ਤੋਂ ਇਲਾਵਾ ਇਹ ਆਰਥਿਕ ਤੌਰ 'ਤੇ ਵੀ ਮਦਦਗਾਰ ਹੈ, ਕਿਉਂਕਿ ਮਾਂ ਦਾ ਦੁੱਧ ਹਮੇਸ਼ਾ ਸਾਫ਼-ਸੁਥਰਾ, ਸੁਰੱਖਿਅਤ ਅਤੇ ਆਸਾਨੀ ਨਾਲ ਉਪਲਬਧ ਰਹਿੰਦਾ ਹੈ। ਉੱਥੇ ਹੀ, ਬੱਚੇ ਲਈ ਇਸ ਦੇ ਫ਼ਾਇਦਿਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਇਹ ਬੱਚੇ ਨੂੰ ਬੀਮਾਰੀਆਂ ਤੋਂ ਬਚਾਉਣ ਲਈ ਕੁਦਰਤੀ ਰੋਗ ਪ੍ਰਤੀਰੋਧਕ ਸ਼ਕਤੀ ਪ੍ਰਦਾਨ ਕਰਦਾ ਹੈ, ਦਿਮਾਗ ਦੇ ਵਿਕਾਸ ਵਿੱਚ ਸਹਾਇਕ ਹੁੰਦਾ ਹੈ ਅਤੇ ਹਰ ਪੋਸ਼ਕ ਤੱਤ ਯੋਗ ਮਾਤਰਾ ਵਿੱਚ ਪ੍ਰਦਾਨ ਕਰਦਾ ਹੈ। ਇਹ ਆਸਾਨੀ ਨਾਲ ਪਚ ਜਾਂਦਾ ਹੈ, ਜਿਸ ਨਾਲ ਐਲਰਜੀ, ਦਸਤ ਅਤੇ ਇਨਫੈਕਸ਼ਨ ਦਾ ਖ਼ਤਰਾ ਘੱਟ ਜਾਂਦਾ ਹੈ, ਅਤੇ ਇਹ ਹਮੇਸ਼ਾ ਸੁਰੱਖਿਅਤ ਤੇ ਤਿਆਰ ਖੁਰਾਕ ਦੇ ਰੂਪ ਵਿੱਚ ਉਪਲਬਧ ਰਹਿੰਦਾ ਹੈ। ਕਦੋਂ ਅਤੇ ਕਿਵੇਂ ਸਤਨਪਾਨ ਕਰਾਇਆ ਜਾਵੇ, ਇਸ ਵਿਸ਼ੇ 'ਤੇ ਬੁਲਾਰੇ ਨੇ ਵਿਸਥਾਰ ਨਾਲ ਗਾਈਡਲਾਈਨ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਜਨਮ ਤੋਂ ਤੁਰੰਤ ਬਾਅਦ, ਯਾਨੀ ਇੱਕ ਘੰਟੇ ਦੇ ਅੰਦਰ ਬੱਚੇ ਨੂੰ ਸਤਨਪਾਨ ਸ਼ੁਰੂ ਕਰ ਦੇਣਾ ਚਾਹੀਦਾ ਹੈ। ਇਸ ਤੋਂ ਬਾਅਦ ਸ਼ੁਰੂਆਤੀ 6 ਮਹੀਨਿਆਂ ਤੱਕ ਬੱਚੇ ਨੂੰ ਸਿਰਫ਼ ਅਤੇ ਸਿਰਫ਼ ਮਾਂ ਦਾ ਦੁੱਧ ਹੀ ਪਿਲਾਉਣਾ ਚਾਹੀਦਾ ਹੈ। 6 ਮਹੀਨੇ ਪੂਰੇ ਹੋਣ ਤੋਂ ਬਾਅਦ ਢੁਕਵੀਂ ਖੁਰਾਕ ਦੀ ਸ਼ੁਰੂਆਤ ਦੇ ਨਾਲ-ਨਾਲ ਸਤਨਪਾਨ ਜਾਰੀ ਰੱਖਣਾ ਚਾਹੀਦਾ ਹੈ ਅਤੇ ਇਸ ਨੂੰ ਬੱਚੇ ਦੀ 2 ਸਾਲ ਜਾਂ ਉਸ ਤੋਂ ਵੱਧ ਉਮਰ ਤੱਕ ਜਾਰੀ ਰੱਖਿਆ ਜਾ ਸਕਦਾ ਹੈ। ਸਤਨਪਾਨ ਵਾਲੀਆਂ ਮਾਵਾਂ ਲਈ ਜ਼ਰੂਰੀ ਸੁਝਾਅ ਦਿੰਦਿਆਂ ਬੁਲਾਰੇ ਨੇ ਕਿਹਾ ਕਿ ਮਾਵਾਂ ਨੂੰ ਖੁਦ ਸਾਫ਼-ਸੁਥਰਾ ਅਤੇ ਪੌਸ਼ਟਿਕ ਭੋਜਨ ਖਾਣਾ ਚਾਹੀਦਾ ਹੈ ਅਤੇ ਪੂਰੀ ਮਾਤਰਾ ਵਿੱਚ ਤਰਲ ਪਦਾਰਥਾਂ ਦਾ ਸੇਵਨ ਕਰਨਾ ਚਾਹੀਦਾ ਹੈ। ਇਸ ਦੇ ਨਾਲ ਹੀ ਮਾਵਾਂ ਲਈ ਪੂਰਾ ਆਰਾਮ ਕਰਨਾ, ਧੂਮਰਪਾਨ, ਸ਼ਰਾਬ ਜਾਂ ਕਿਸੇ ਵੀ ਤਰ੍ਹਾਂ ਦੇ ਨਸ਼ੀਲੇ ਪਦਾਰਥਾਂ ਤੋਂ ਦੂਰ ਰਹਿਣਾ ਅਤੇ ਸਤਨਪਾਨ ਤੋਂ ਪਹਿਲਾਂ ਹੱਥਾਂ ਨੂੰ ਚੰਗੀ ਤਰ੍ਹਾਂ ਸਾਫ਼ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਪਰਿਵਾਰ ਦੇ ਮੈਂਬਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਤਨਪਾਨ ਵਾਲੀਆਂ ਮਾਵਾਂ ਨੂੰ ਪੂਰਾ ਸਹਿਯੋਗ ਅਤੇ ਉਤਸ਼ਾਹ ਦੇਣ। ਬੁਲਾਰੇ ਨੇ 'ਮਾਂ ਦਾ ਦੁੱਧ ਅਨਮੋਲ ਹੈ - ਇਸ ਨੂੰ ਅਪਣਾਓ, ਬੱਚੇ ਦਾ ਭਵਿੱਖ ਸੁਰੱਖਿਅਤ ਬਣਾਓ' ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਜਾਂ ਜਾਣਕਾਰੀ ਲਈ ਮਹਿਲਾ ਹੈਲਪਲਾਈਨ ਨੰਬਰ 181 ਜਾਂ ਚਾਈਲਡ ਹੈਲਪਲਾਈਨ ਨੰਬਰ 1098 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਵਿਭਾਗੀ ਵੈਬਸਾਈਟ www.wcdhry.gov.in 'ਤੇ ਵੀ ਵਿਸਥਾਰਪੂਰਵਕ ਜਾਣਕਾਰੀ ਉਪਲਬਧ ਹੈ।

Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
seadesigncompany
SEA DESIGN COMPANY

HOTEL SEA
SHAHEED-E-AZAM
AC ROOMS
RESTAURANT
BREAKFAST, LUNCH, DINNER
CONTACT
9988844709, 0175-5014275
SCO-4, Chowk Dukhniwaran Sahib,
Sirhind Road, Patiala (Pb.) INDIA
24x7 SERVICES
Super Delicious Menue

